ਵੀਰਵਾਰ, 25 ਜੂਨ, 2026
11 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 24

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 25 JUNE, 2026

ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

## ਸਰਪੰਚਾਂ ਨੂੰ 10 ਹਜ਼ਾਰ ਮਾਣ-ਭੱਤਾ



**ਬਠਿੰਡਾ (ਨਵਾਂ ਜ਼ਮਾਨਾ ਸਰਵਿਸ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਪੰਚਾਂ ਦੇ ਮਾਣਭੱਤੇ ਵਿੱਚ ਪੰਜ ਗੁਣਾ ਵਾਧਾ ਕਰਦਿਆਂ ਇਸ ਨੂੰ 15 ਅਗਸਤ ਤੋਂ 2,000 ਰੁਪਏ ਤੋਂ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕਰਨ ਦਾ ਐਲਾਨ ਕੀਤਾ। ਬਠਿੰਡਾ ਵਿਖੇ ਸਰਪੰਚ ਮਿਲਣੀ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸਰਪੰਚ ਦਿਨ-ਰਾਤ ਪਿੰਡਾਂ ਦੀ ਸੇਵਾ ਕਰਦੇ ਹਨ ਅਤੇ ਉਹ ਆਪਣੇ ਅਣਮੁੱਲੇ ਯੋਗਦਾਨ ਲਈ ਮਾਣ-ਸਤਿਕਾਰ ਦੇ ਹੱਕਦਾਰ ਹਨ।ਸੋਸ਼ਲ ਮੀਡੀਆ ਐੱਕਸ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ—ਅੱਜ ਅਸੀਂ ਇੱਕ ਵੱਡਾ ਫੈਸਲਾ ਲਿਆ ਹੈ। 15 ਅਗਸਤ ਤੋਂ ਪੰਜਾਬ ਦੇ ਹਰ ਸਰਪੰਚ ਨੂੰ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਮਿਲੇਗਾ। ਪੰਚਾਇਤਾਂ ਲੋਕਤੰਤਰ ਦੀ ਪਹਿਲੀ ਪੌੜੀ ਹਨ ਅਤੇ ਸਰਪੰਚ ਦਿਨ-ਰਾਤ ਆਪਣੇ ਪਿੰਡਾਂ ਦੀ ਸੇਵਾ ਕਰਦੇ ਹਨ। ਉਹ ਆਪਣੀ ਸਮਰਪਿਤ ਸੇਵਾ ਲਈ ਸਤਿਕਾਰਯੋਗ ਮਾਣਭੱਤੇ ਦੇ ਹੱਕਦਾਰ ਹਨ।

ਮਾਨ ਨੇ ਐਲਾਨ ਕੀਤਾ ਕਿ ਸਰਪੰਚਾਂ ਨੂੰ ਅਗਸਤ ਮਹੀਨੇ ਤੋਂ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਮਿਲੇਗਾ।ਉਨ੍ਹਾ ਕਿਹਾ— ਪਿਛਲੀਆਂ ਸਰਕਾਰਾਂ ਨੇ ਸਰਪੰਚਾਂ ਨੂੰ 1200 ਰੁਪਏ ਮਾਣਭੱਤਾ ਦੇਣ ਦਾ ਵਾਅਦਾ ਕੀਤਾ ਸੀ, ਪਰ ਇਹ ਵਾਅਦਾ ਕਦੇ ਪੂਰਾ ਨਹੀਂ ਹੋਇਆ ਅਤੇ ਉਨ੍ਹਾ ਨੂੰ ਇਸ ਲਈ ਦਰ-ਦਰ ਦੀਆਂ ਠੋਕਰਾਂ ਖਾਣੀਆਂ ਪਈਆਂ। ਸਾਡੀ ਸਰਕਾਰ ਨੇ ਸਰਪੰਚਾਂ ਲਈ 2,000 ਰੁਪਏ ਦਾ ਮਾਣਭੱਤਾ ਯਕੀਨੀ ਬਣਾਇਆ ਸੀ, ਜਿਸ ਨੂੰ ਹੁਣ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ—ਮੈਂ ਸਾਰੇ ਸਰਪੰਚਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਆਪ ਨੂੰ ਵਿਕਾਸ ਕਾਰਜਾਂ ਲਈ ਮੁੜ ਸਮਰਪਤ ਕਰਨ ਤਾਂ ਜੋ ਲੋਕਾਂ ਨੂੰ ਇਨ੍ਹਾਂ ਦਾ ਲਾਭ ਮਿਲ ਸਕੇ।

# ਹਰਦਿਲ ਅਜ਼ੀਜ਼ ਰਜਿੰਦਰ ਮੰਡ ਨੂੰ ਭਰਪੂਰ ਸ਼ਰਧਾਂਜਲੀਆਂ

### ਅਰਸ਼ੀ, ਜਗਰੂਪ, ਮਾੜੀਮੇਘਾ, ਨਰਿੰਦਰ ਸੋਹਲ, ਪਾਸਲਾ, ਕੁਲਵੰਤ ਸੰਧੂ, ਚਾਨਾ ਤੇ ਹੋਰਨਾਂ ਨੇ ਸੰਘਰਸ਼ਾਂ ਦੇ ਸਾਥੀ ਨੂੰ ਕੀਤਾ ਯਾਦ





**ਜਲੰਧਰ (ਗਿਆਨ ਸੈਦਪੁਰੀ)**

ਬੁੱਧਵਾਰ ਦੇਸ਼ ਭਗਤ ਯਾਦਗਾਰ ਕੰਪਲੈਕਸ ਵਿੱਚ ਸਥਿਤ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿੱਚ ਵੱਖ-ਵੱਖ ਖੇਤਰਾਂ ਦੀਆਂ ਨਾਮਵਰ ਸ਼ਖਸੀਅਤਾਂ ਨੇ ਸਭਨਾਂ ਦੇ ਪਿਆਰੇ ਤੇ ਸਤਿਕਾਰੇ ਐਡਵੋਕੇਟ ਰਜਿੰਦਰ ਸਿੰਘ ਮੰਡ ਨੂੰ ਭਾਵਪੂਰਤ ਸ਼ਰਧਾਂਜਲੀਆਂ ਭੇਟ ਕੀਤੀਆਂ। ਰਜਿੰਦਰ ਮੰਡ ਤੇ ਉਨ੍ਹਾ ਦੇ ਪਰਵਾਰ ਦਾ ਸਮਾਜ ਦੇ ਹਰ ਖੇਤਰ ਵਿੱਚ ਵਿਚਰਨ-ਵਰਤਾਰਾ ਤੇ ਮਿਲੇ ਸਨੇਹ-ਸਤਿਕਾਰ ਦਾ ਇਸ ਗੱਲ ਤੋਂ ਅੰਦਾਜ਼ਾ ਲਾਇਆ ਜਾ ਸਕਦਾ ਸੀ ਕਿ ਹਾਲ ਨੱਕੋ-ਨੱਕ ਭਰ ਗਿਆ। ਕੁਰਸੀਆਂ ਹੋਰ ਮੰਗਵਾਉਣੀਆਂ ਪਈਆਂ ਤੇ ਕੁਝ ਦੋਸਤਾਂ ਨੂੰ ਆਪਣੀ ਥਾਂ ਸਟੇਜ 'ਤੇ ਮੱਲਣੀ ਪਈ। ਉਂਝ ਐਡਵੋਕੇਟ ਰਜਿੰਦਰ ਮੰਡ ਦੀ ਸਟੇਜ 'ਤੇ ਰੱਖੀ ਤਸਵੀਰ ਦੇ ਸਤਿਕਾਰ ਵਜੋਂ ਸਟੇਜ 'ਤੇ ਕੋਈ ਕੁਰਸੀ ਨਹੀਂ ਸੀ ਰੱਖੀ ਗਈ।

ਸੀ ਪੀ ਆਈ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਭਾਵਪੂਰਤ ਸ਼ਬਦਾਂ ਰਾਹੀਂ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਐਡਵੋਕੇਟ ਰਜਿੰਦਰ ਮੰਡ ਵੱਲੋਂ 'ਨਵਾਂ ਜ਼ਮਾਨਾ', ਦੇਸ਼ ਭਗਤ ਯਾਦਗਾਰ ਕਮੇਟੀ, ਵਕਾਲਤ ਅਤੇ ਭਾਰਤੀ ਕਮਿਊਨਿਸਟ ਪਾਰਟੀ ਵਿੱਚ ਨਿਭਾਈਆਂ ਸੁਹਿਰਦ ਜ਼ਿੰਮੇਵਾਰੀਆਂ ਨੂੰ ਯਾਦ ਕੀਤਾ। ਉਨ੍ਹਾ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੇ ਇੱਕ ਸਾਲ ਪਹਿਲਾਂ ਦਿੱਤੇ ਵਿਛੋੜੇ ਨੂੰ ਚੇਤੇ ਕਰਦਿਆਂ ਕਿਹਾ ਕਿ ਪਰਵਾਰ ਨੂੰ ਦੋਹਰੇ ਸਦਮੇ ਵਿੱਚੋਂ ਗੁਜ਼ਰਨਾ ਪੈ ਰਿਹਾ ਹੈ। ਕਾਮਰੇਡ ਅਰਸ਼ੀ ਨੇ ਮੰਡ ਪਰਵਾਰ ਦੀ ਸ਼ਾਨਦਾਰ ਵਿਰਾਸਤ ਦੀ ਵੀ ਗੱਲ ਕੀਤੀ। ਉਨ੍ਹਾ ਕਿਹਾ ਕਿ ਅੱਜ ਯਾਦ ਆ ਰਹੇ ਹਨ ਡਾ. ਜਸ ਮੰਡ ਦੇ ਪਿਤਾ ਹੈੱਡਮਾਸਟਰ ਸੋਹਣ ਸਿੰਘ, ਜਿਹੜੇ ਐੱਸ ਡੀ ਆਈ ਹਾਈ ਸਕੂਲ ਅਲਾਵਲਪੁਰ ਦੇ ਮੁਖੀ ਸਨ। ਇਹ ਚੌਕੜੀ ਬਣਦੀ ਸੀ ਹੈੱਡਮਾਸਟਰ ਮਹਿੰਗਾ ਸਿੰਘ, ਹੈੱਡਮਾਸਟਰ ਰਘਬੀਰ ਸਿੰਘ ਤੇ ਕਾਮਰੇਡ ਰਤਨ ਸਿੰਘ ਦੌਲੀਕੇ ਨੂੰ ਮਿਲਾ ਕੇ। ਇਨ੍ਹਾਂ ਨੇ ਪੂਰਾਂ ਦੇ ਪੂਰ ਕਮਿਊਨਿਸਟ ਪੈਦਾ ਕੀਤੇ।

ਕਾਮਰੇਡ ਅਰਸ਼ੀ ਨੇ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਅਤੇ ਸਾਬਕਾ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਵੱਲੋਂ ਵੀ ਸ਼ਰਧਾਂਜਲੀ ਭੇਟ ਕੀਤੀ।

'ਬਨੇਗਾ' ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਤੇ ਸੀ ਪੀ ਆਈ ਦੇ ਸਾਬਕਾ ਸੂਬਾ ਸਕੱਤਰ ਕਾਮਰੇਡ ਜਗਰੂਪ ਨੇ ਆਪਣੇ ਪਿਆਰੇ ਤੇ ਨਿਭਣਸਾਰ ਸਾਥੀ ਰਹੇ ਐਡਵੋਕੇਟ ਰਜਿੰਦਰ ਮੰਡ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਅਸੀਂ ਸਭ ਇੱਕ ਅਣਕਿਆਸੇ ਦਰਦ ਦੇ ਦਰਿਆ ਨੂੰ ਪਾਰ ਕਰ ਰਹੇ • ਬਾਕੀ ਸਫਾ 2 'ਤੇ



### ਧੀ ਨੇ ਕੀਤਾ ਜਜ਼ਬਾਤੀ



## ਭਾਜਪਾ ਨੇ ਲੈਬ ਮਾਲਕਾਂ ਨੂੰ ਧਮਕਾਇਆ : ਮਾਨ

**ਚੰਡੀਗੜ੍ਹ (ਨ ਜ਼ ਸ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਵਿਰੋਧੀ ਧਿਰਾਂ 'ਤੇ ਤਿੱਖਾ ਪਲਟਵਾਰ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਸਿਆਸੀ ਸਮਰਥਨ ਹਾਸਲ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀਆਂ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਹੁਣ ਇੱਕਜੁੱਟ ਹੋ ਕੇ ਧਰਮ ਨੂੰ ਹਥਿਆਰ ਵਜੋਂ ਵਰਤ ਰਹੀਆਂ ਹਨ ਅਤੇ ਉਨ੍ਹਾ 'ਤੇ ਧਾਰਮਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਸਰਾਸਰ ਝੂਠੇ ਤੇ ਬੇਬੁਨਿਆਦ ਇਲਜ਼ਾਮ ਲਗਾ ਰਹੀਆਂ ਹਨ।

ਵੀਡੀਓ ਸੰਦੇਸ਼ ਰਾਹੀਂ ਆਪਣਾ ਪੱਖ ਰੱਖਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ, 'ਮੈਂ ਲਗਾਤਾਰ ਜਨਤਾ ਦੀ ਭਲਾਈ ਦੇ ਕੰਮਾਂ ਵਿੱਚ ਜੁਟਿਆ ਹੋਇਆ ਹਾਂ ਅਤੇ ਅੱਗੇ ਵੀ ਇਹ ਕੰਮ ਜਾਰੀ ਰੱਖਾਂਗਾ। ਵਿਰੋਧੀ ਸਿਰਫ ਮੇਰੇ ਅਕਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਵੀਡੀਓ ਵਿੱਚ ਜਿਸ ਵਿਅਕਤੀ ਨੂੰ ਦਿਖਾ ਕੇ ਧਾਰਮਕ ਭਾਵਨਾਵਾਂ ਨਾਲ ਖਿਲਵਾੜ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ, ਉਹ ਮੈਂ ਨਹੀਂ ਹਾਂ। ਉਸ ਵਿਅਕਤੀ ਦੀ ਸਰੀਰਕ ਬਣਤਰ ਮੇਰੇ ਨਾਲ ਬਿਲਕੁਲ ਨਹੀਂ ਮਿਲਦੀ। ਨਾ ਤਾਂ ਉਸ ਦੇ ਖੜ੍ਹੇ ਹੋਣ ਦਾ ਤਰੀਕਾ ਮੇਰੇ ਵਰਗਾ ਹੈ ਅਤੇ ਨਾ ਹੀ ਉਹ ਮੇਰੀ ਤਰ੍ਹਾਂ ਚੱਲਦਾ ਹੈ। ਇਹ ਸਿਰਫ ਮੈਨੂੰ ਬਦਨਾਮ ਕਰਨ ਦੀ ਸਾਜ਼ਿਸ਼ ਹੈ।'

ਮੁੱਖ ਮੰਤਰੀ ਨੇ ਕਿਹਾ ਕਿ ਆਮ ਜਨਤਾ ਨੇ ਇਸ ਵੀਡੀਓ ਦੀ ਹਕੀਕਤ ਨੂੰ • ਬਾਕੀ ਸਫਾ 2 'ਤੇ

### ਵਿਰੋਧੀ ਪਾਰਟੀਆਂ 'ਮਾਵਾਂ-ਧੀਆਂ ਦਾ ਸਤਿਕਾਰ' ਸਕੀਮ ਤੋਂ ਘਬਰਾਈਆਂ : ਬਲਤੇਜ ਪੰਨੂ



**ਚੰਡੀਗੜ੍ਹ (ਨ ਜ਼ ਸ)**-'ਆਪ' ਪੰਜਾਬ ਦੇ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਵਿਰੋਧੀ ਪਾਰਟੀਆਂ ਬੇਲੋੜਾ ਭੰਬਲਭੂਸਾ ਪੈਦਾ ਕਰ ਰਹੀਆਂ ਹਨ, ਜਿਸ ਵਿੱਚ ਕਾਂਗਰਸ ਅਤੇ ਅਕਾਲੀ ਦਲ ਦੇ ਆਗੂ ਖੁੱਲ੍ਹੇਆਮ ਇੱਕ-ਦੂਜੇ ਦੇ ਪ੍ਰਚਾਰ ਨੂੰ ਹਵਾ ਦੇ ਰਹੇ ਹਨ। ਚਾਹੇ ਕਾਂਗਰਸ ਹੋਵੇ, ਅਕਾਲੀ ਦਲ ਜਾਂ ਭਾਜਪਾ, ਸਾਰਿਆਂ ਦਾ ਇੱਕੋ-ਇੱਕ ਨਿਸ਼ਾਨਾ ਮੁੱਖ ਮੰਤਰੀ ਭਗਵੰਤ ਮਾਨ ਹਨ। ਉਨ੍ਹਾਂ ਕੋਲ ਪੰਜਾਬ ਲਈ ਕੋਈ ਏਜੰਡਾ ਨਹੀਂ ਅਤੇ ਨਾ ਹੀ ਭਵਿੱਖ ਲਈ ਕੋਈ ਵਿਜ਼ਨ ਹੈ।

ਪੰਨੂ ਨੇ ਪ੍ਰੈੱਸ ਕਾਨਫਰੰਸ 'ਚ ਦੋ ਵੱਖ-ਵੱਖ ਵੀਡੀਓ ਦਿਖਾਏ, ਜਿਨ੍ਹਾਂ ਵਿੱਚੋਂ ਇੱਕ ਅਸਲੀ ਸੀ ਅਤੇ ਦੂਜੀ ਅਕਾਲੀ ਦਲ ਵੱਲੋਂ ਤਿਆਰ ਕੀਤੀ ਗਈ ਫਰਜ਼ੀ ਵੀਡੀਓ ਸੀ। ਉਨ੍ਹਾ • ਬਾਕੀ ਸਫਾ 2 'ਤੇ

### ਮੇਅਰ ਦੇ ਸਾਹਮਣੇ ਨਿਗਮ ਅਧਿਕਾਰੀ ਮੈਨਹੋਲ 'ਚ ਡਿੱਗਿਆ



**ਮੁੰਬਈ** : ਮੇਅਰ ਰਿਤੂ ਤਾਵੜੇ ਬੁੱਧਵਾਰ ਗਾਂਧੀ ਮਾਰਕੀਟ ਵਿੱਚ ਪਾਣੀ ਭਰੇ ਇਲਾਕਿਆਂ ਦਾ ਜਾਇਜ਼ਾ ਲੈ ਰਹੀ ਸੀ ਤਾਂ ਨਗਰ ਨਿਗਮ ਦਾ ਅਧਿਕਾਰੀ ਸੜਕ 'ਤੇ ਇਕੱਠੇ ਹੋਏ ਮੀਂਹ ਦੇ ਪਾਣੀ ਨਾਲ ਢੱਕੇ ਖੁੱਲ੍ਹੇ ਮੈਨਹੋਲ ਵਿੱਚ ਡਿੱਗ ਪਿਆ। ਪੁਲਸ ਤੇ ਮੌਕੇ 'ਤੇ ਮੌਜੂਦ ਹੋਰ ਨਗਰ ਨਿਗਮ ਸਟਾਫ ਨੇ ਉਸ ਨੂੰ ਕੁਝ ਹੀ ਪਲਾਂ ਵਿੱਚ ਬਚਾ ਲਿਆ। ਮੇਅਰ ਦੇ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਫੁੱਟਪਾਥ ਅਤੇ ਨਾਲ ਲੱਗਦੇ ਖੇਤਰ ਨੂੰ ਬੈਰੀਕੇਡ ਕੀਤਾ ਗਿਆ ਸੀ। ਅਧਿਕਾਰੀ ਨੇ ਬੈਰੀਕੇਡ ਹਟਾ ਕੇ ਫੁੱਟਪਾਥ ਵੱਲ ਜਾਣ ਦੀ ਕੋਸ਼ਿਸ਼ ਕੀਤੀ, ਜਿੱਥੇ ਮੇਅਰ ਖੜ੍ਹੇ ਸਨ ਅਤੇ ਮੈਨਹੋਲ ਵਿੱਚ ਡਿੱਗ ਗਿਆ।

### ਬੀਬੀਆਂ ਦੀ ਰਜਿਸਟ੍ਰੇਸ਼ਨ ਸੇਵਾ ਕੇਂਦਰਾਂ 'ਚ ਵੀ

**ਚੰਡੀਗੜ੍ਹ** : ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰਾਂ ਨੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਰਜਿਸਟਰੇਸ਼ਨ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕਰਨ ਲਈ ਹੁਣ ਸਾਰੇ ਸੇਵਾ ਕੇਂਦਰਾਂ ਵਿੱਚ ਵੀ ਇਹ ਕੰਮ ਸ਼ੁਰੂ ਕਰ ਦਿੱਤਾ ਹੈ। ਸਰਕਾਰ ਵੱਲੋਂ ਇਹ ਫੈਸਲਾ ਇਸ ਲਈ ਲਿਆ ਗਿਆ ਹੈ ਤਾਂ ਜੋ ਸਾਰੀਆਂ ਯੋਗ ਔਰਤਾਂ ਦੀ ਰਜਿਸਟਰੇਸ਼ਨ ਦਾ ਕੰਮ ਜਲਦੀ ਤੋਂ ਜਲਦੀ ਪੂਰਾ ਕੀਤਾ ਜਾ ਸਕੇ ਅਤੇ 1 ਜੁਲਾਈ ਤੋਂ ਉਨ੍ਹਾਂ ਦੇ ਖਾਤਿਆਂ ਵਿੱਚ ਸਨਮਾਨ ਰਾਸ਼ੀ ਭੇਜਣੀ ਸ਼ੁਰੂ ਕੀਤੀ ਜਾ ਸਕੇ। ਹੁਣ ਔਰਤਾਂ ਆਸਾਨੀ ਨਾਲ ਆਪਣੇ ਨੇੜਲੇ ਸੇਵਾ ਕੇਂਦਰਾਂ ਵਿੱਚ ਜਾ ਕੇ ਫਾਰਮ ਭਰ ਸਕਦੀਆਂ ਹਨ। ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰਾਂ ਨੇ ਸੇਵਾ ਕੇਂਦਰਾਂ ਦੇ ਇੰਚਾਰਜਾਂ ਨੂੰ ਸਖਤ ਹਦਾਇਤ ਕੀਤੀ ਹੈ ਕਿ ਇਸ ਯੋਜਨਾ ਦੀ ਜਾਣਕਾਰੀ ਸੇਵਾ ਕੇਂਦਰਾਂ ਦੇ ਬਾਹਰ ਬੋਰਡਾਂ 'ਤੇ ਲਿਖ ਕੇ ਲਗਾਈ ਜਾਵੇ, ਤਾਂ ਜੋ ਲੋਕਾਂ ਨੂੰ ਪਤਾ ਲੱਗ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸੇਵਾ ਕੇਂਦਰਾਂ ਵਿੱਚ ਆਉਣ ਵਾਲੀਆਂ ਮਹਿਲਾਵਾਂ ਦੀ ਰਜਿਸਟਰੇਸ਼ਨ ਦਾ ਕੰਮ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ।

## ਵੋਟ ਬਚਾਉਣ ਦੀ ਘੜੀ, ਅੱਜ ਤੋਂ ਘਰ-ਘਰ ਆਉਣਗੇ ਬੀ ਐੱਲ ਓ

**ਚੰਡੀਗੜ੍ਹ (ਨ ਜ਼ ਸ)**-ਪੰਜਾਬ ਦੇ ਮੁੱਖ ਚੋਣ ਅਫਸਰ ਅਨੰਦਿਤਾ ਮਿੱਤਰਾ ਨੇ ਬੁੱਧਵਾਰ ਪੰਜਾਬ ਦੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵੋਟਾਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਤਹਿਤ 25 ਜੂਨ ਤੋਂ ਬੀ ਐੱਲ ਓਜ਼ ਵੱਲੋਂ ਘਰ-ਘਰ ਜਾ ਕੇ ਕੀਤੇ ਜਾਣ ਵਾਲੇ ਸਰਵੇਖਣ ਦੌਰਾਨ ਗਿਣਤੀ ਫਾਰਮਾਂ ਦੀ ਵੰਡ, ਭਰਨ ਅਤੇ ਇਕੱਤਰ ਕਰਨ ਬਾਰੇ ਮੀਟਿੰਗ ਕੀਤੀ।

ਮਿੱਤਰਾ ਨੇ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਐਲਾਨੇ ਪ੍ਰੋਗਰਾਮ ਅਨੁਸਾਰ ਰਾਜ ਵਿੱਚ ਘਰ-ਘਰ ਜਾ ਕੇ ਗਿਣਤੀ ਦਾ ਇਹ ਕੰਮ 24 ਜੁਲਾਈ ਤੱਕ ਜਾਰੀ ਰਹੇਗਾ। ਇਸ ਕਵਾਇਦ ਵਿੱਚ 24,453 ਬੀ ਐੱਲ ਓ ਰਾਜ ਦੇ 2 ਕਰੋੜ 14 ਲੱਖ 61 ਹਜ਼ਾਰ 43 ਵੋਟਰਾਂ ਤੱਕ ਪਹੁੰਚ ਕਰਨਗੇ। ਵੋਟਰ ਸੂਚੀਆਂ ਦਾ ਖਰੜਾ 3 ਅਗਸਤ ਨੂੰ ਪ੍ਰਕਾਸ਼ਤ ਕੀਤਾ ਜਾਵੇਗਾ। ਵੋਟਰ ਸੂਚੀਆਂ ਬਾਰੇ ਇਤਰਾਜ਼ ਅਤੇ ਦਾਅਵੇ 2 ਸਤੰਬਰ ਤੱਕ ਜਮ੍ਹਾਂ ਕਰਵਾਏ ਜਾ ਸਕਣਗੇ। ਇਤਰਾਜ਼ਾਂ ਅਤੇ ਦਾਅਵਿਆਂ ਦਾ ਨਿਪਟਾਰਾ 3 ਅਗਸਤ ਤੋਂ 9 ਸਤੰਬਰ ਤੱਕ ਚੱਲੇਗਾ। ਮਿੱਤਰਾ ਨੇ ਕਿਹਾ ਕਿ ਅੰਤਮ ਵੋਟਰ ਸੂਚੀ 1 ਅਕਤੂਬਰ, 2026 ਨੂੰ ਪ੍ਰਕਾਸ਼ਤ ਕੀਤੀ ਜਾਵੇਗੀ। ਮੀਟਿੰਗ ਦੌਰਾਨ ਉਨ੍ਹਾ ਪੰਜਾਬ ਰਾਜ ਦੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਜਾਣੂ ਕਰਵਾਇਆ ਕਿ ਰਾਜ ਵਿੱਚ 86.02 ਫੀਸਦੀ ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਹੈ। ਅਣਮੈਪ ਕੀਤੇ ਵੋਟਰਾਂ ਦੀ ਸੂਚੀ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਸਾਂਝੀ ਕੀਤੀ ਗਈ। ਮਿੱਤਰਾ ਨੇ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਐੱਸ ਆਈ ਆਰ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਅਣਮੈਪ ਕੀਤੇ ਵੋਟਰਾਂ ਦੀ ਮੈਪਿੰਗ ਕਰਨ ਵਿੱਚ ਚੋਣ ਅਮਲੇ ਦੀ ਮਦਦ ਕਰਨ। ਮਿੱਤਰਾ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀਆਂ ਚਿੰਤਾਵਾਂ ਦਾ ਵੀ • ਬਾਕੀ ਸਫਾ 2 'ਤੇ

## ਬਿੱਟੂ ਵੱਲੋਂ ਜਲੰਧਰ ਨੂੰ ਦੋ ਸੌਗਾਤਾਂ



**ਜਲੰਧਰ (ਨ ਜ਼ ਸ)**

ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਬੁੱਧਵਾਰ ਜਲੰਧਰ ਦੇ ਗੁਰੂ ਨਾਨਕਪੁਰਾ ਅਤੇ ਗੜ੍ਹਾ ਰੋਡ ਵਿਖੇ ਦੋ ਮਹੱਤਵਪੂਰਨ ਰੋਡ ਓਵਰ ਬ੍ਰਿਜ (ਆਰ ਓ ਬੀ) ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ। ਉਨ੍ਹਾ ਦੱਸਿਆ ਕਿ ਜਲੰਧਰ ਸਿਟੀ-ਜਲੰਧਰ ਕੈਂਟ ਸੈਕਸ਼ਨ ਉੱਤੇ ਲੈਵਲ ਕਰਾਸਿੰਗ ਨੰਬਰ ਬੀ-67ਏ ਦੇ ਬਦਲੇ ਬਣਾਇਆ ਜਾਣ ਵਾਲਾ ਗੁਰੂ ਨਾਨਕਪੁਰਾ ਆਰ ਓ ਬੀ ਟ੍ਰੈਫਿਕ ਜਾਮ ਨੂੰ ਘੱਟ ਕਰੇਗਾ। ਬਿੱਟੂ ਨੇ ਜਲੰਧਰ ਸਿਟੀ-ਨਕੋਦਰ ਸੈਕਸ਼ਨ 'ਤੇ ਲੈਵਲ ਕਰਾਸਿੰਗ ਨੰਬਰ ਐੱਸ-4 ਦੇ ਬਦਲੇ ਗੜ੍ਹਾ ਰੋਡ ਵਿਖੇ ਦੋ-ਲੇਨ ਆਰ ਓ ਬੀ ਦਾ ਨੀਂਹ ਪੱਥਰ ਵੀ ਰੱਖਿਆ। ਇਹ ਜਲੰਧਰ ਸਿਟੀ, ਜਮਸ਼ੇਰ ਖਾਸ, ਨਕੋਦਰ ਅਤੇ ਆਸ-ਪਾਸ ਦੇ ਇਲਾਕਿਆਂ ਵਿਚਕਾਰ ਨਿਰਵਿਘਨ ਸੰਪਰਕ ਨੂੰ ਯਕੀਨੀ ਬਣਾਏਗਾ।

## ਅੱਜ-ਨਾਮਾ

ਚਰਚਾ ਹੇਠ ਆਈ ਫੇਰ ਏਅਰ ਇੰਡੀਆ,
ਕੀਤੀ ਪਾਇਲਟ ਆ ਸੁਣੀਂਦੀ ਭੁੱਲ ਬੇਲੀ।
ਅੰਮ੍ਰਿਤਸਰ ਵੱਲ ਇੱਕ ਜਹਾਜ਼ ਆਇਆ,
ਹੋ ਗਏ ਜੰਤਰ ਕੁਝ ਸੁਣੀਂਦੇ ਗੁੱਲ ਬੇਲੀ।
ਨਕਸ਼ਾ ਵੇਖਣ ਤੋਂ ਪਿਆ ਨਹੀਂ ਕੱਖ ਪੱਲੇ,
ਸਿਸਟਮ ਬੰਦ ਜਦ ਹੋ ਗਿਆ ਕੁੱਲ ਬੇਲੀ।
ਹੋਈ ਭੁੱਲ ਉਹ ਪਾਕਿ ਵਿੱਚ ਜਾ ਵੜਿਆ,
ਗਲਤੀ ਗਲਤੀਆਂ ਦੇ ਨਾਹੀਂ ਤੁੱਲ ਬੇਲੀ।
ਮਿਲੀ ਚੇਤਾਵਨੀ ਪਰਤਿਆ ਤੁਰਤ ਪਿੱਛੇ,
ਕੰਪਨੀ ਕਹਿੰਦੀ ਹੈ ਜਾਂਚ ਦੀ ਗੱਲ ਬੇਲੀ।
ਮੁੜ-ਮੁੜ ਹੁੰਦੀਆਂ ਭੁੱਲਾਂ ਨੇ ਕਈ ਏਦਾਂ,
ਪੱਕਾ ਨਿਕਲਿਆ ਕਦੇ ਨਹੀਂ ਹੱਲ ਬੇਲੀ।

-ਤੀਸ ਮਾਰ ਖਾਂ

## ਹਜ਼ੂਰ ਸਾਹਿਬ ਬਾਰੇ ਨਵੇਂ ਕਾਨੂੰਨ ਦਾ ਵਿਰੋਧ

**ਚੰਡੀਗੜ੍ਹ (ਨ ਜ਼ ਸ)**

ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦੀ ਮੈਨੇਜਮੈਂਟ ਵਿੱਚ ਫੇਰਬਦਲ ਕੀਤੇ ਜਾਣ ਦੀਆਂ ਕੋਸ਼ਿਸ਼ਾਂ ਨੂੰ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਮਹਾਰਾਸ਼ਟਰ ਸਰਕਾਰ ਦੀ ਤਖਤ ਸ੍ਰੀ ਹਜ਼ੂਰ ਸਾਹਿਬ 'ਤੇ ਕਬਜ਼ਾ ਕਰਨ ਦੀ ਕੋਝੀ ਸਾਜ਼ਿਸ਼ ਕਰਾਰ ਦਿੱਤਾ ਹੈ। ਉਨ੍ਹਾ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਮਹਾਰਾਸ਼ਟਰ ਸਰਕਾਰ 70 ਸਾਲ ਪੁਰਾਣੇ 'ਨਾਂਦੇੜ ਐਕਟ' ਨੂੰ ਖਤਮ ਕਰਕੇ ਆਪਣੇ ਹੱਥਠੋਕੇ 12 ਮੈਂਬਰ ਨਾਮਜ਼ਦ ਕਰਨਾ ਚਾਹੁੰਦੀ ਹੈ। ਮਹਾਰਾਸ਼ਟਰ ਕੈਬਨਿਟ ਨੇ ਸੋਮਵਾਰ 'ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਸਾਹਿਬ ਐਕਟ 1956' ਨੂੰ ਰੱਦ ਕਰਨ ਦੀ ਤਜਵੀਜ਼ ਨੂੰ ਹਰੀ ਝੰਡੀ ਦੇ ਦਿੱਤੀ ਹੈ ਅਤੇ ਉਸ ਦੀ ਥਾਂ ਹੁਣ 'ਤਖਤ ਸੱਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਸਾਹਿਬ ਗੁਰਦੁਆਰਾ ਐਕਟ' ਲਏਗਾ। ਨਵੇਂ ਕਾਨੂੰਨ ਦੇ ਖਰੜੇ ਨੂੰ ਵੀ ਪ੍ਰਵਾਨਗੀ ਮਿਲ ਗਈ ਹੈ। ਕੰਗ ਨੇ ਕਿਹਾ ਕਿ ਸਿੱਖ ਪੰਥ ਅਜਿਹੀ ਕਿਸੇ ਵੀ ਸਾਜ਼ਿਸ਼ ਨੂੰ ਬਰਦਾਸ਼ਤ ਨਹੀਂ ਕਰੇਗਾ ਤੇ ਮਹਾਰਾਸ਼ਟਰ ਸਰਕਾਰ ਤੁਰੰਤ ਇਸ ਭੜਕਾਊ ਅਤੇ ਗੈਰਜ਼ਰੂਰੀ ਫੈਸਲੇ ਨੂੰ ਵਾਪਸ ਲਵੇ। ਉਨ੍ਹਾ ਕਿਹਾ ਕਿ ਪਵਿੱਤਰ ਤਖਤਾਂ ਨੂੰ ਸਰਕਾਰੀ ਜਾਇਦਾਦ ਬਣਾਉਣ ਦੀ ਇਜਾਜ਼ਤ ਨਹੀਂ ਦਿਆਂਗੇ ਤੇ ਇਨ੍ਹਾਂ ਦੀ ਆਜ਼ਾਦੀ ਨੂੰ ਖੋਹਣ ਦਾ ਡਟ ਕੇ ਮੁਕਾਬਲਾ ਕੀਤਾ ਜਾਵੇਗਾ। ਗੁਰਦਾਸਪੁਰ ਤੋਂ ਕਾਂਗਰਸੀ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਮਹਾਰਾਸ਼ਟਰ ਸਰਕਾਰ ਦੇ ਫੈਸਲੇ ਨੂੰ ਤਖਤਾਂ ਅਤੇ ਧਾਰਮਕ ਸੰਸਥਾਵਾਂ ਦੀ ਖੁਦਮੁਖਤਿਆਰੀ 'ਤੇ ਸਿੱਧਾ ਹਮਲਾ ਦੱਸਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਅਪੀਲ ਕੀਤੀ ਹੈ ਕਿ ਉਹ ਫੌਰੀ ਦਾਖਲ ਦੇਣ ਅਤੇ ਇਸ ਤਜਵੀਜ਼ ਨੂੰ ਵਾਪਸ ਕਰਾਉਣ। ਨਵੇਂ ਫੈਸਲੇ ਨਾਲ ਸਰਕਾਰ ਦਾ ਬੋਰਡ 'ਤੇ ਸਿੱਧਾ ਕੰਟਰੋਲ ਵਧ ਜਾਵੇਗਾ, ਜੋ ਕਿ ਧਾਰਮਕ ਮਾਮਲਿਆਂ 'ਚ ਸਿੱਧੀ ਦਾਖਲਅੰਦਾਜ਼ੀ ਹੋਵੇਗਾ।



## ਲੁੱਟ ਦੇ ਖਾਤਮੇ ਲਈ ਅੰਬੇਡਕਰੀ ਸਿਸਟਮ ਜ਼ਰੂਰੀ : ਕਾਲੀ ਪਾਇਲ



**ਦੋਰਾਹਾ (ਹਰਮਿੰਦਰ ਸੇਠ)**-ਮੌਜੂਦਾ ਦੌਰ ਵਿੱਚ ਆਰ ਐਸ ਐਸ ਆਪਣੇ ਏਜੰਡੇ ਨੂੰ ਲੋਕਾਂ 'ਤੇ ਥੋਪ ਰਹੀ ਹੈ ਜਿਸ ਦਾ ਮੁੱਖ ਮਕਸਦ ਕੁਝ ਕੁ ਲੋਕਾਂ ਹੱਥ ਧਨ, ਸੱਤਾ, ਜ਼ਮੀਨ ਅਤੇ ਧਰਮ ਦਾ ਕਬਜ਼ਾ ਕਰਵਾ ਕੇ ਆਮ ਲੋਕਾਂ ਕੋਲੋਂ ਸਿੱਖਿਆ, ਸਿਹਤ, ਰੁਜ਼ਗਾਰ ਅਤੇ ਬੁਨਿਆਦੀ ਸਹੂਲਤਾਂ ਖੋਹ ਕੇ ਉਨ੍ਹਾਂ ਦਾ ਸ਼ੋਸ਼ਣ ਕਰਨਾ ਹੈ ਜਿਸ ਨਾਲ ਆਮ ਲੋਕ ਗਰੀਬ, ਭੁੱਖਮਰੀ ਅਤੇ ਲਾਚਾਰੀ ਦੀ ਜ਼ਿੰਦਗੀ ਜੀਣ ਲਈ ਮਜਬੂਰ ਹੋ ਜਾਣ, ਅਗਰ ਸਮਾਜ ਵਿੱਚ ਸਮਾਨਤਾ ਭਾਈਚਾਰਾ ਅਤੇ ਖੁਸ਼ਹਾਲ ਜ਼ਿੰਦਗੀ ਚਾਹੀਦੀ ਹੈ ਤਾਂ ਸਾਨੂੰ ਅੰਬੇਡਕਰੀ ਸਿਸਟਮ ਨੂੰ ਤਾਕਤਵਰ ਕਰਨਾ ਹੋਵੇਗਾ ਤਦ ਹੀ ਇਹ ਲੁੱਟ ਖਸੁੱਟ ਵਾਲਾ ਸਿਸਟਮ ਖਤਮ ਕੀਤਾ ਜਾ ਸਕਦਾ ਹੈ। ਇਹ ਪ੍ਰਗਟਾਵਾ ਦੋਰਾਹਾ ਵਿੱਚ ਡਾਕਟਰ ਅੰਬੇਡਕਰ ਨਵਯੁਵਕ ਦਲ ਦੇ ਪ੍ਰਧਾਨ ਨੇ ਸੰਗਠਨ ਦੀ ਮਜਬੂਤੀ ਲਈ ਜਸਵਿੰਦਰ ਸਿੰਘ ਦੋਰਾਹਾ ਦੀ ਅਗਵਾਈ ਵਿੱਚ ਇੱਕ ਅਹਿਮ ਅਤੇ ਪਹਿਲੀ ਮੀਟਿੰਗ ਦਾ ਆਗਾਜ਼ ਕਰਨ ਤੋਂ ਬਾਅਦ ਕੀਤਾ। ਪੰਜਾਬ ਪ੍ਰਧਾਨ ਨੇ ਕਿਹਾ ਕਿ ਭਾਰਤ ਵੱਖ-ਵੱਖ ਜਾਤੀਆਂ, ਧਰਮਾਂ, ਕਬੀਲਿਆਂ ਦਾ ਸਮੂਹ ਹੈ, ਕਿਸੇ ਵੀ ਇੱਕ ਧਰਮ ਜਾਂ ਜਾਤ ਦਾ ਬੋਲਬਾਲਾ ਨਹੀਂ ਹੋ ਸਕਦਾ, ਇੱਥੇ ਪ੍ਰਾਂਤਵਾਦ, ਧਰਮਵਾਦ, ਜਾਤਵਾਦ ਆਦਿ ਲਈ ਕੋਈ ਜਗ੍ਹਾ ਨਹੀਂ ਹੈ। ਇਸ ਮੌਕੇ ਸਵਰਨ ਸਿੰਘ ਕਟਾਣਾ, ਕਮਲਦੀਪ ਸਿੰਘ ਦੋਰਾਹਾ, ਅਨਿਲ, ਲਭੂ ਰਾਮ, ਕੁਲਦੀਪ ਸਿੰਘ, ਅਦਿਤਿਆ ਕੁਮਾਰ, ਬਲਵਿੰਦਰ ਕੌਰ ਨੀਤੂ, ਅੰਮ੍ਰਿਤਾ, ਅਮਰਜੀਤ ਕੌਰ, ਇੰਦਰ ਕੌਰ, ਰੁਪਿੰਦਰ ਕੌਰ, ਸੁਖਵਿੰਦਰ ਸਿੰਘ, ਜਸਬੀਰ ਕੌਰ ਅਤੇ ਨਵਜੋਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਹੋਰ ਲੋਕ ਹਾਜ਼ਰ ਸਨ।

## ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਪੀ ਏ ਯੂ ਅਤੇ ਐੱਨ ਸੀ ਸੀ ਸਾਂਝੇ ਤੌਰ 'ਤੇ ਕਾਰਜ ਕਰਨਗੇ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ.ਏ.ਯੂ. ਅਤੇ ਨੈਸ਼ਨਲ ਕੈਡਿਟ ਕੋਰਪਸ (ਐਨ ਸੀ ਸੀ) ਨੇ ਸਾਂਝੇ ਤੌਰ 'ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਯਤਨ ਕਰਨ ਦਾ ਇਕਰਾਰ ਕੀਤਾ ਹੈ। ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਅਤੇ ਐੱਨ ਸੀ ਸੀ ਗਰੁੱਪ ਹੈਡ ਕੁਆਰਟਰ ਲੁਧਿਆਣਾ ਦੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਪੀ ਐੱਸ ਚੀਮਾ ਨੇ ਵਿਚਾਰ ਚਰਚਾ ਤੋਂ ਬਾਅਦ ਇਸ ਗੱਲ ਦਾ ਖੁਲਾਸਾ ਕੀਤਾ। ਇਸ ਨਾਲ ਐੱਨ ਸੀ ਸੀ ਵੱਲੋਂ ਪੀ.ਏ.ਯੂ. ਵਿਚ ਰਾਸ਼ਟਰ ਨਿਰਮਾਣ ਅਤੇ ਯੁਵਾ ਸ਼ਕਤੀ ਦੇ ਵਿਕਾਸ ਦੇ ਨਾਲ-ਨਾਲ ਪੇਸ਼ੇਵਰ ਬਿਹਤਰੀ ਅਤੇ ਸਮਾਜਿਕ ਜ਼ਿੰਮੇਵਾਰੀ ਬਾਰੇ ਰਲ ਕੇ ਕੰਮ ਕਰਨ ਦੀ ਸੰਭਾਵਨਾ ਬਣੀ ਹੈ। ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਇਸ ਸਾਂਝਦਾਰੀ ਨੂੰ ਸ਼ੁਭ ਸ਼ਗਨ ਕਹਿੰਦਿਆਂ ਆਸ ਪ੍ਰਗਟਾਈ ਕਿ ਪੀ.ਏ.ਯੂ. ਦੇ ਵਿਦਿਆਰਥੀ ਪੜਾਈ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਦੇ ਨਾਲ-ਨਾਲ ਐੱਨ ਸੀ ਸੀ ਦੇ ਖੇਤਰ ਵਿਚ ਵੀ ਪ੍ਰਾਪਤੀਆਂ ਕਰਨਗੇ। ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਯੂਨੀਵਰਸਿਟੀ ਵੱਲੋਂ ਐੱਨ ਸੀ ਸੀ ਵਿਚ ਹਾਸਲ ਕੀਤੀਆਂ ਪ੍ਰਾਪਤੀਆਂ ਦਾ ਉਲੇਖ ਕੀਤਾ। ਇਸ ਮੌਕੇ ਕਰਨਲ ਫੈਜ਼ਾਨ ਜ਼ਹੂਰ ਅਤੇ ਡਾ. ਗੁਰਲਾਲ ਸਿੰਘ ਪੰਨੂ ਵੀ ਮੌਜੂਦ ਸਨ।

## ਵਰਿੰਦਰ ਸਿੰਘ ਸੈਣੀ ਦੀ ਪ੍ਰਾਪਤੀ ਨੇ ਪੂਰੇ ਸਮਾਜ ਦਾ ਮਾਣ ਵਧਾਇਆ : ਲਵਲੀਨ ਸਿੰਘ ਸੈਣੀ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੈਣੀ ਮਹਾਂ ਸਭਾ (ਰਜਿ.) ਜ਼ਿਲ੍ਹਾ ਪਟਿਆਲਾ, ਜੋ ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਸਟੇਟ ਨਾਲ ਸੰਬੰਧਿਤ ਹੈ, ਵੱਲੋਂ ਪਟਿਆਲਾ ਵਿਖੇ ਇੱਕ ਵਿਸ਼ੇਸ਼ ਮੀਟਿੰਗ ਦਾ ਸਫ਼ਲ ਆਯੋਜਨ ਕੀਤਾ ਗਿਆ।ਇਸ ਮੀਟਿੰਗ ਵਿੱਚ ਪਟਿਆਲਾ ਸ਼ਹਿਰ ਅਤੇ ਵੱਖ-ਵੱਖ ਪਿੰਡਾਂ ਤੋਂ ਸੈਣੀ ਭਾਈਚਾਰੇ ਦੇ ਨੁਮਾਇੰਦਿਆਂ, ਨੌਜਵਾਨਾਂ ਅਤੇ ਮਹਿਲਾਵਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਮੀਟਿੰਗ ਦਾ ਵਿਸ਼ੇਸ਼ ਆਕਰਸ਼ਣ ਉਸ ਵੇਲੇ ਬਣਿਆ ਜਦੋਂ ਅੰਤਰਰਾਸ਼ਟਰੀ ਮੁੱਕੇਬਾਜ਼ ਸ੍ਰੀ ਵਰਿੰਦਰ ਸਿੰਘ ਸੈਣੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਵਰਿੰਦਰ ਸਿੰਘ ਸੈਣੀ ਜੋ ਕਿ ਕੌਮਾਂਤਰੀ ਬਾਕਸਰ ਹਨ ਤੇ ਕੌਮਾਂਤਰੀ ਮੁਕਾਬਲਿਆਂ ਵਿੱਚ ਕਈ ਮੈਡਲ ਜਿੱਤ ਚੁੱਕੇ ਹਨ, ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਖੇਡ ਖੇਤਰ ਦੇ ਸਰਵੋਚ ਸਨਮਾਨ 'ਮਹਾਰਾਜਾ ਰਣਜੀਤ ਸਿੰਘ ਐਵਾਰਡ' ਨਾਲ ਨਿਵਾਜਿਆ ਗਿਆ ਹੈ।ਇਸ ਮੌਕੇ ਸੰਬੋਧਨ ਕਰਦਿਆਂ ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਸਟੇਟ ਯੂਨਿਟ ਦੇ ਪ੍ਰਧਾਨ ਸ੍ਰੀ ਲਵਲੀਨ ਸਿੰਘ ਸੈਣੀ ਨੇ ਕਿਹਾ ਕਿ ਵਰਿੰਦਰ ਸਿੰਘ ਸੈਣੀ ਨੂੰ ਇਹ ਵੱਕਾਰੀ ਐਵਾਰਡ ਮਿਲਣਾ ਨਾ ਸਿਰਫ਼ ਉਨ੍ਹਾਂ ਦੀ ਨਿੱਜੀ ਪ੍ਰਾਪਤੀ ਹੈ, ਸਗੋਂ ਸਮੁੱਚੇ ਸੈਣੀ ਭਾਈਚਾਰੇ ਲਈ ਮਾਣ ਅਤੇ ਗੌਰਵ ਦੀ ਗੱਲ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਬਣਦੀਆਂ ਹਨ।ਹਾਜ਼ਰ ਸੰਗਤ ਨੇ ਵੀ ਵਰਿੰਦਰ ਸਿੰਘ ਸੈਣੀ ਦੀ ਇਸ ਉਪਲਬਧੀ ਨੂੰ ਪੂਰੇ ਸੈਣੀ ਸਮਾਜ ਲਈ ਮਾਣਮੱਤਾ ਪਲ ਕਰਾਰ ਦਿੰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ।

## ਵਿਸ਼ਾਲ ਪੰਚਮੁਖੀ ਹਨੂਮਾਨ ਜੀ ਪ੍ਰਾਣ ਪ੍ਰਤਿਸ਼ਠਾ ਮਹਾਂਉਤਸਵ 21 ਤੋਂ 27 ਜੂਨ ਤੱਕ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਠਿੰਡਾ ਦੇ ਮਲੋਟ ਰੋਡ (ਅੰਬੂਜਾ ਸੀਮਿੰਟ ਦੇ ਨੇੜੇ) ਸਥਿਤ ਕਾਲੀ ਭੈਰਵ ਮੰਦਰ ਵਿੱਚ ਵਿਸ਼ਾਲ ਪੰਚਮੁਖੀ ਹਨੂਮਾਨ ਜੀ ਦੀ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਮਹਾਂਉਤਸਵ ਅਤੇ ਵੰਦਨਾ ਆਧਿਆਤਮਿਕ ਯੱਗਸ਼ਾਲਾ ਦਾ 21 ਜੂਨ ਤੋਂ 27 ਜੂਨ ਤੱਕ ਆਯੋਜਨ ਕੀਤਾ ਜਾ ਰਿਹਾ ਹੈ। ਪਰਮ ਪੂਜਨੀਕ ਸਵਾਮੀ ਸ਼੍ਰੀ ਪ੍ਰਖਰ ਜੀ ਮਹਾਰਾਜ ਦੀ ਪਵਿੱਤਰ ਰਹਿਨੁਮਾਈ ਹੇਠ ਸੰਪਨ ਹੋ ਰਹੇ ਇਸ ਧਾਰਮਿਕ ਮਹਾਂਉਤਸਵ ਵਿੱਚ ਇਲਾਕੇ ਸਮੇਤ ਵੱਖ-ਵੱਖ ਰਾਜਾਂ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਹੋ ਰਹੇ ਹਨ। ਇਸ ਦੌਰਾਨ ਹਨੂਮਤ ਮਹਾਯੱਗ, ਗਣਪਤੀ ਮਹਾਯੱਗ, ਲਕਸ਼ਮੀ ਮਹਾਯੱਗ, ਵਿਸ਼ਣੂ ਮਹਾਯੱਗ, ਰੁਦ੍ਰ ਮਹਾਯੱਗ ਅਤੇ ਸੂਰਜ ਮਹਾਯੱਗ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਨ੍ਹਾਂ ਯੱਗਾਂ ਵਿੱਚ ਹਜ਼ਾਰਾਂ ਸ਼ਰਧਾਲੂ ਵੈਦਿਕ ਮੰਤਰ ਉਚਾਰਣ ਦੇ ਨਾਲ ਆਹੁਤੀਆਂ ਦੇ ਕੇ ਵਿਸ਼ਵ ਸ਼ਾਂਤੀ, ਰਾਸ਼ਟਰ ਕਲਿਆਣ ਅਤੇ ਮਨੁੱਖਤਾ ਦੀ ਸੁਖ-ਸ਼ਾਂਤੀ ਲਈ ਕਰਨਗੇ। ਵਿਸ਼ਾਲ ਪੰਚਮੁਖੀ ਹਨੂਮਾਨ ਜੀ ਦੀ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਵਾਰਾਣਸੀ ਦੇ ਪ੍ਰਸਿੱਧ ਵੈਦਿਕ ਵਿਦਵਾਨ ਪੰਡਿਤ ਅਰੁਣ ਦੀਕਸ਼ਤਿ ਜੀ ਵੱਲੋਂ ਸੰਪਨ ਕਰਵਾਈ ਜਾ ਰਹੀ ਹੈ। ਸੰਤ ਕਬੀਰ ਸਕੂਲ ਦੇ ਡਾਇਰੈਕਟਰ ਪ੍ਰੋ. ਮੋਹਨ ਲਾਲ ਅਰੋੜਾ ਨੇ ਆਪਣੇ ਸਵਰਗਵਾਸੀ ਪੁੱਤਰ ਡਾ. ਦੀਪਕ ਅਰੋੜਾ ਦੀ ਪਵਿੱਤਰ ਯਾਦ ਵਿੱਚ ਵਿਸ਼ਾਲ ਪੰਚਮੁਖੀ ਹਨੂਮਾਨ ਜੀ ਦੀ ਮੂਰਤੀ ਦੀ ਸਥਾਪਨਾ ਲਈ ਮਹੱਤਵਪੂਰਨ ਸਹਿਯੋਗ ਦਿੱਤਾ ਹੈ।

## ਪਲੇਸਮੈਂਟ ਕੈਂਪ ਦੌਰਾਨ 253 ਪ੍ਰਾਰਥੀਆਂ ਦੀ ਚੋਣ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਨੌਜਵਾਨਾਂ ਨੂੰ ਰੋਜਗਾਰ ਮੁਹੱਈਆ ਕਰਵਾਉਣ ਲਈ ਹਰ ਉਪਰਾਲੇ ਕੀਤੇ ਜਾ ਰਹੇ ਹਨ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਨੇ ਸਰਕਾਰੀ ਰਾਜਿੰਦਰਾ, ਕਾਲਜ ਵਿਖੇ ਕਰੀਅਰ ਸੈਮੀਨਾਰ-ਕਮ-ਪਲੇਸਮੈਂਟ ਕੈਂਪ ਦੌਰਾਨ ਕੀਤਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਐਸ.ਬੀ.ਆਈ. ਲਾਈਫ, ਐਲ.ਆਈ.ਸੀ. ਆਫ ਇੰਡੀਆ, ਇੰਡੀਆ ਜੌਬ ਕਾਰਟ, ਵਿਜੈ ਰਾਜ ਜਿੰਦਲ ਐਂਡ ਕੰਪਨੀ, ਪੁਖਰਾਜ ਹੈਲਥ ਕੇਅਰ, ਏ.ਵੀ.ਸੀ. ਮਹਿੰਦਰਾ, ਐਕਸਪਰਟ ਸੌਲੀਓਸ਼ਨ, ਸਕਾਈ ਅਚੀਵਰਸ, ਆਈ.ਸੀ.ਆਈ.ਸੀ.ਆਈ. ਬੈਂਕ, ਫੋਨਪੇਅ, ਟੀ.ਵੀ.ਐਸ. ਬਰਦਰਜ਼ ਸੈਂਟਰ, ਅਕਾਲ ਅਕੈਡਮੀ, ਦਾ ਹੱਪ ਫਾਈਨੈਨਸ਼ਿਅਲ ਸਰਵਿਸਜ਼ ਕੰਪਨੀਆਂ ਵੱਲੋਂ ਸ਼ਿਰਕਤ ਕੀਤੀ ਗਈ। ਇਹਨਾਂ ਕੰਪਨੀਆਂ ਵੱਲੋਂ ਮਹਿਲਾ ਕਰੀਅਰ ਏਜੰਟ, ਟੈਲੀਕਾਲਰ, ਸਰਵਿਸ ਅਡਵਾਈਜ਼ਰ, ਬੈਕਐਂਡ ਆਫਿਸ, ਵੈਲਨੈਸ ਅਡਵਾਈਜ਼ਰ, ਟੀਮ ਲੀਡਰ, ਸੇਲਜ਼ ਐਗਜੀਕਿਉਟਿਵ, ਬਰਾਂਚ ਮੈਨੇਜਰ, ਡਿਵੈਲਪਮੈਂਟ ਮੈਨੇਜਰ, ਕੰਪੀਓਟਰ ਓਪਰੇਟਰ, ਅਕਾਊਂਟੈਂਟ, ਪ੍ਰੋਸੈਸ ਕੁਆਰਡੀਨੇਟਰ, ਰਿਲੇਸ਼ਨਸਿਪ ਮੈਨੇਜਰ, ਟੀਚਰਜ਼, ਟੀਮ ਲੀਡਰ, ਦੀਆਂ ਅਸਾਮੀਆਂ ਲਈ ਸਿਲੈਕਸ਼ਨ ਕੀਤੀ ਗਈ।ਹੋਰ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੋਜ਼ਗਾਰ ਅਫਸਰ ਸ਼੍ਰੀਮਤੀ ਨਵਜੋਤ ਕੌਰ ਨੇ ਦੱਸਿਆ ਕਿ ਪਲੇਸਮੈਂਟ ਕੈਂਪ ਦੌਰਾਨ ਕੁੱਲ 376 ਪ੍ਰਾਰਥੀਆਂ ਵੱਲੋਂ ਭਾਗ ਲਿਆ ਗਿਆ ਅਤੇ ਇਨ੍ਹਾਂ ਕੰਪਨੀਆਂ ਵੱਲੋਂ ਵੱਖ-ਵੱਖ ਅਸਾਮੀਆਂ ਲਈ ਕੁੱਲ 253 ਵਿਦਿਆਰਥੀਆਂ ਨੂੰ ਸ਼ਾਰਟਲਿਸਟ ਕੀਤਾ ਗਿਆ।ਕਰੀਅਰ ਕੌਂਸਲਰ ਸ਼੍ਰੀ ਵਿਸ਼ਾਲ ਚਾਵਲਾ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵੱਖ-ਵੱਖ ਅਸਾਮੀਆਂ ਲਈ ਪ੍ਰਾਰਥੀਆਂ ਨੂੰ 10,000/- ਰੁਪਏ ਤੋਂ ਲੈ ਕੇ 25,000/- ਰੁਪਏ ਪ੍ਰਤੀ ਮਹੀਨਾ ਦੀ ਤਨਖਾਹ ਦੇ ਆਫਰ ਦਿੱਤੇ ਗਏ।ਸਰਕਾਰੀ ਰਾਜਿੰਦਰਾ ਕਾਲਜ ਦੇ ਪ੍ਰਿੰਸੀਪਲ ਸ਼੍ਰੀਮਤੀ ਜਯੋਤਸਨਾ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ।ਪਲੇਸਮੈਂਟ ਕੈਂਪ ਦੌਰਾਨ ਸ਼੍ਰੀ ਬਲਤੇਜ ਸਿੰਘ, ਸ਼੍ਰੀ ਸੰਦੀਪ ਸਿੰਗਲਾ, ਸ਼੍ਰੀ ਰਾਜੀਪਾਲ, ਸ਼੍ਰੀ ਸਤਪਾਲ, ਸ਼੍ਰੀਮਤੀ ਭੂਮਿਕਾ, ਡਾ. ਰਤਨੀਤ ਕੌਰ, ਸ਼੍ਰੀਮਤੀ ਡਿੰਪਲ, ਸ਼੍ਰੀਮਤੀ ਹੀਮਾਸ਼ੀ ਨੇ ਬਾਖੂਬੀ ਸੇਵਾਵਾਂ ਨਿਭਾਈਆ।

## ਯੂਥ ਕਾਂਗਰਸ ਦੀਆਂ ਚੋਣਾਂ 'ਚ ਅਰਾਧਨਾ ਕਾਂਗੜਾ ਦੀ ਇਤਿਹਾਸਕ ਜਿੱਤ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ ਵਿੱਚ ਸੰਗਰੂਰ ਦੇ ਟਕਸਾਲੀ ਕਾਂਗਰਸੀ ਕਾਂਗੜਾ ਪਰਿਵਾਰ ਦੀ ਨੂੰਹ ਅਤੇ ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਦੀ ਸੂਬਾ ਜਨਰਲ ਸਕੱਤਰ ਸ਼੍ਰੀਮਤੀ ਅਰਾਧਨਾ ਕਾਂਗੜਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਡੀ ਲੀਡ ਨਾਲ ਪੰਜਾਬ ਯੂਥ ਕਾਂਗਰਸ ਦੀ ਸੂਬਾ ਜਨਰਲ ਸਕੱਤਰ ਦੀ ਚੋਣ ਜਿੱਤ ਲਈ ਹੈ। ਉਨ੍ਹਾਂ ਦੀ ਇਸ ਜਿੱਤ ਨਾਲ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਐਸ.ਸੀ. ਕਮਿਸ਼ਨ ਦੀ ਸਾਬਕਾ ਮੈਂਬਰ ਮੈਡਮ ਪੂਨਮ ਕਾਂਗੜਾ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਐਸ.ਸੀ. ਡਿਪਾਰਟਮੈਂਟ ਸਟੇਟ ਐਡਵਾਈਜ਼ਰੀ ਕੌਂਸਲ ਦੇ ਮੈਂਬਰ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਦੀ ਨੂੰਹ ਅਰਾਧਨਾ ਕਾਂਗੜਾ ਨੂੰ ਮਿਲੀ ਇਸ ਵੱਡੀ ਜਿੱਤ ਨੂੰ ਕਾਂਗਰਸ ਪਾਰਟੀ ਲਈ ਨੌਜਵਾਨ ਵਰਗ ਦੇ ਵਧਦੇ ਭਰੋਸੇ ਦਾ ਪ੍ਰਤੀਕ ਮੰਨਿਆ ਜਾ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਨਵ-ਨਿਯੁਕਤ ਸੂਬਾ ਜਨਰਲ ਸਕੱਤਰ ਅਰਾਧਨਾ ਕਾਂਗੜਾ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵੱਲੋਂ ਉਨ੍ਹਾਂ 'ਤੇ ਜਤਾਏ ਗਏ ਵਿਸ਼ਵਾਸ ਨੂੰ ਉਹ ਹਰ ਹਾਲਤ ਵਿੱਚ ਕਾਇਮ ਰੱਖਣਗੀਆਂ।

# ਨਗਰ ਕੌਂਸਲ ਮੁਕਤਸਰ ਨੂੰ ਪਹਿਲੀ ਵਾਰ ਮਿਲੀ ਮਹਿਲਾ ਪ੍ਰਧਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੁਕਤਸਰ ਨਗਰ ਕੌਂਸਲ ਦੇ ਇਤਿਹਾਸ ਵਿੱਚ ਪਹਿਲੀ ਵਾਰ ਸ਼ਹਿਰ ਨੂੰ ਮਹਿਲਾ ਪ੍ਰਧਾਨ ਮਿਲੀ ਹੈ। ਆਮ ਆਦਮੀ ਪਾਰਟੀ ਵੱਲੋਂ ਵਾਰਡ ਨੰਬਰ 11 ਤੋਂ ਕੌਂਸਲਰ ਚੁਣੀ ਗਈ ਯੋਗਿਤਾ ਗੂੰਬਰ ਨੂੰ ਨਗਰ ਕੌਂਸਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਵਾਰਡ ਨੰਬਰ 14 ਤੋਂ ਕੌਂਸਲਰ ਹਰਦੀਪ ਸਿੰਘ ਕਾਲਾ ਨੂੰ ਸੀਨੀਅਰ ਉਪ ਪ੍ਰਧਾਨ ਅਤੇ ਵਾਰਡ ਨੰਬਰ 8 ਤੋਂ ਕੌਂਸਲਰ ਗੁਰਪਿੰਦਰ ਸ਼ੈਲੀ ਨੂੰ ਉਪ ਪ੍ਰਧਾਨ ਬਣਾਇਆ ਗਿਆ ਹੈ।

ਜ਼ਿਕਰਯੋਗ ਹੈ ਕਿ ਸ਼ਹਿਰ ਦੇ 31 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਨੇ 22 ਸੀਟਾਂ ਜਿੱਤ ਕੇ ਸਪੱਸ਼ਟ ਬਹੁਮਤ ਹਾਸਲ ਕੀਤਾ ਸੀ। ਜਦਕਿ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਨੂੰ 4-4 ਸੀਟਾਂ ਮਿਲੀਆਂ ਸਨ। ਭਾਜਪਾ ਇੱਕ ਸੀਟ ਜਿੱਤ ਕੇ ਆਪਣਾ ਖਾਤਾ ਖੋਲ੍ਹਣ ਵਿੱਚ ਕਾਮਯਾਬ ਰਹੀ ਸੀ।

ਨਗਰ ਕੌਂਸਲ ਪ੍ਰਧਾਨ ਦਾ ਅਹੁਦਾ ਸੰਭਾਲਣ ਤੋਂ ਬਾਅਦ ਯੋਗਿਤਾ ਗੂੰਬਰ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਸ਼ਹਿਰ ਨੂੰ ਹਰ ਪੱਖੋਂ ਸੁਵਿਧਾਵਾਂ ਨਾਲ ਲੈਸ ਕਰਨਾ ਹੈ। ਉਨ੍ਹਾਂ ਕਿਹਾ ਕਿ ਮੇਰੀ ਪਹਿਲੀ ਤਰਜੀਹ ਮੁਕਤਸਰ ਦੇ ਹਰ ਵਾਰਡ ਦੀ ਸਮੱਸਿਆ ਸੁਣਨਾ ਅਤੇ ਉਸ ਦਾ ਹੱਲ ਕਰਨਾ ਹੋਵੇਗੀ। ਪਾਣੀ ਦੀ ਕਮੀ, ਸੀਵਰੇਜ ਦੀਆਂ ਦਿੱਕਤਾਂ, ਟੁੱਟੀਆਂ ਸੜਕਾਂ ਅਤੇ ਸਟਰੀਟ ਲਾਈਟਾਂ ਵਰਗੇ ਮੁੱਦਿਆਂ ਨੂੰ ਪੜਾਅਵਾਰ ਢੰਗ ਨਾਲ ਹੱਲ ਕੀਤਾ ਜਾਵੇਗਾ।ਸ਼ਹਿਰ ਵਿੱਚ ਚੱਲ ਰਹੇ ਸੀਵਰੇਜ ਪ੍ਰੋਜੈਕਟ ਨੂੰ ਲੈ ਕੇ ਉੱਠ ਰਹੇ ਸਵਾਲਾਂ ਬਾਰੇ ਉਨ੍ਹਾਂ ਕਿਹਾ ਕਿ ਪਾਈਪਲਾਈਨ ਵਿਛਾਉਣ ਕਾਰਨ ਲੋਕਾਂ ਨੂੰ ਕੁਝ ਅਸੁਵਿਧਾਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਵਿਕਾਸ ਲਈ ਕੁਝ ਸਮੇਂ ਦੀ ਇਹ ਪਰੇਸ਼ਾਨੀ ਸਹਿਣੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਇਹ ਅਸਥਾਈ ਸਮੱਸਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਨੂੰ ਬਿਹਤਰ ਸੀਵਰੇਜ ਅਤੇ ਪਾਣੀ ਸਪਲਾਈ ਪ੍ਰਣਾਲੀ ਮਿਲੇਗੀ, ਜਿਸ ਨਾਲ ਇਹ ਮੁੱਦੇ ਸਥਾਈ ਤੌਰ ਤੇ ਹੱਲ ਹੋ ਜਾਣਗੇ।

ਇਸ ਮੌਕੇ ਮੁਕਤਸਰ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਇਹ ਜਿੱਤ ਲੋਕਾਂ ਦੇ ਭਰੋਸੇ ਦੀ ਜਿੱਤ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਹੁਣ ਸ਼ਹਿਰ ਵਿੱਚ ਵਿਕਾਸ ਕਾਰਜਾਂ ਦੀ ਰਫ਼ਤਾਰ ਹੋਰ ਤੇਜ਼ ਕੀਤੀ ਜਾਵੇਗੀ। ਸਮਾਗਮ ਦੌਰਾਨ ਨਵੇਂ ਅਹੁਦੇਦਾਰਾਂ ਨੂੰ ਪਾਰਟੀ ਵਰਕਰਾਂ ਅਤੇ ਸਮਰਥਕਾਂ ਵੱਲੋਂ ਵਧਾਈ ਦਿੱਤੀ ਗਈ ਅਤੇ ਮਿਠਾਈਆਂ ਖਿਲਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।

# ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਭੈਣੀ ਬੜਿੰਗਾਂ 'ਚ ਫ਼ਾਰਮ ਭਰੇ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਸ਼ਕਤੀਕਰਨ ਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਚਲਾਈ ਜਾ ਰਹੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਕਰੀਬੀ ਪਿੰਡ ਭੈਣੀ ਬੜਿੰਗਾ ਵਿਖੇ ਫਾਰਮ ਭਰਨ ਦੀ ਸ਼ੁਰੂਆਤ ਕਰਵਾਈ ਗਈ।ਇਹ ਕੈਂਪ ਸਰਪੰਚ ਸਰਬਜੀਤ ਕੌਰ ਦੀ ਅਗਵਾਈ ਹੇਠ ਲਗਾਇਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਸਰਬਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਹਰ ਵਰਗ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਮਕਸਦ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਤੇ ਉਨ੍ਹਾਂ ਨੂੰ ਸਰਕਾਰੀ ਸਹਾਇਤਾ ਨਾਲ ਜੋੜਨਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ।ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ ਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਆਪਣੇ ਫਾਰਮ ਭਰੇ।ਇਸ ਮੌਕੇ ਗੁਰਮੀਤ ਕੌਰ, ਰਾਜਵਿੰਦਰ ਕੌਰ, ਸਰਬਜੀਤ ਕੌਰ (ਤਿੰਨੇ ਆਂਗਨਵਾੜੀ ਵਰਕਰ), ਸਰਪੰਚ ਸਰਬਜੀਤ ਕੌਰ, ਪੰਚ ਕਮਲਜੀਤ ਕੌਰ, ਪੰਚ ਰੁਪਿੰਦਰ ਕੌਰ, ਪੰਚ ਜਗਜੀਤ ਕੌਰ, ਪੰਚ ਸੰਦੀਪ ਕੌਰ, ਪੰਚ ਗੁਰਮੇਲ ਸਿੰਘ, ਪੰਚ ਪਲਵਿੰਦਰ ਸਿੰਘ ਸੋਨੀ, ਪੰਚ ਰਾਮ ਪਿਆਰਾ ਜੋਸ਼ੀ, ਪੰਚ ਅਵਤਾਰ ਸਿੰਘ, ਪੰਚ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।




## ਪਾਵਰਕਾਮ ਵੱਲੋਂ ਖਪਤਕਾਰਾਂ ਨੂੰ ਐਵਰੇਜ ਬਿੱਲ ਭੇਜੇ ਜਾਣ 'ਤੇ ਲੋਕਾਂ 'ਚ ਭਾਰੀ ਰੋਸ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਦੇ ਕੇ ਵੱਡੀ ਰਾਹਤ ਦੇਣ ਦੇ ਦਾਅਵਿਆਂ ਦੇ ਬਾਵਜੂਦ ਧੂਰੀ ਸ਼ਹਿਰ ਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਪਾਵਰਕਾਮ ਵੱਲੋਂ ਭੇਜੇ ਜਾ ਰਹੇ ਹਜ਼ਾਰਾਂ ਰੁਪਏ ਦੇ ਐਵਰੇਜ ਬਿਜਲੀ ਬਿਲ ਲੋਕਾਂ ਲਈ ਭਾਰੀ ਮੁਸ਼ਕਲ ਬਣ ਗਏ ਹਨ।ਕਰੀਬ ਸਵਾ ਮਹੀਨੇ ਤੋਂ ਮੀਟਰ ਰੀਡਰਾਂ ਦੀ ਹੜਤਾਲ ਚੱਲਣ ਕਾਰਨ ਲੋਕਾਂ ਨੂੰ ਮਹਿਕਮੇ ਵੱਲੋਂ ਐਵਰੇਜ ਦੇ ਬਿਲ ਭੇਜ ਕੇ ਦਫਤਰੀ ਚੱਕਰਾਂ 'ਚ ਪਾਇਆ ਜਾ ਰਿਹਾ ਹੈ, ਜਿਸ ਦਾ ਲੋਕਾਂ ਵਿੱਚ ਰੋਸ ਦਾ ਆਲਮ ਪਾਇਆ ਜਾ ਰਿਹਾ ਹੈ।ਕਈ ਖਪਤਕਾਰਾਂ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਮਹਿਕਮੇ ਵੱਲੋਂ ਬਗੈਰ ਕੋਈ ਬਦਲਵਾਂ ਪ੍ਰਬੰਧ ਕੀਤਿਆਂ ਵੱਲੋਂ ਐਵਰੇਜ ਖਪਤ ਦੇ ਆਧਾਰ 'ਤੇ ਸਿੱਧੇ ਹੀ ਹਜ਼ਾਰਾਂ ਰੁਪਏ ਦੇ ਬਿਲ ਭੇਜ ਦਿੱਤੇ ਗਏ ਹਨ।ਇਸ ਕਾਰਨ ਲੋਕਾਂ ਵਿੱਚ ਸਰਕਾਰ ਤੇ ਪਾਵਰਕਾਮ ਪ੍ਰਤੀ ਭਾਰੀ ਨਾਰਾਜ਼ਗੀ ਵੇਖਣ ਨੂੰ ਮਿਲ ਰਹੀ ਹੈ।ਕੌਂਸਲ ਫ਼ਾਰ ਲਾਅ ਐਂਡ ਜਸਟਿਸ ਦੇ ਪ੍ਰਧਾਨ ਐਡਵੋਕੇਟ ਹਰਵਿੰਦਰ ਸਿੰਘ ਟਿਵਾਣਾ, ਧੂਰੀ ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ, ਚੇਅਰਮੈਨ ਹੰਸ ਰਾਜ ਬਜਾਜ ਨੇ ਪਾਵਰਕਾਮ ਦੇ ਇਸ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਬਿਨਾਂ ਮੀਟਰ ਰੀਡਿੰਗ ਕੀਤੇ ਐਵਰੇਜ ਅਧਾਰ 'ਤੇ ਬਿਲ ਭੇਜਣਾ ਬਿਲਕੁਲ ਗਲਤ ਤੇ ਨਾਇਨਸਾਫ਼ੀ ਹੈ।ਉਨ੍ਹਾਂ ਕਿਹਾ ਕਿ ਅੱਜ ਦਾ ਵਪਾਰੀ ਪਹਿਲਾਂ ਹੀ ਮਹਿੰਗਾਈ, ਵਧ ਰਹੇ ਖਰਚੇ ਤੇ ਆਰਥਿਕ ਮੰਦਹਾਲੀ ਨਾਲ ਜੂਝ ਰਿਹਾ ਹੈ।ਕਈ ਛੋਟੇ ਵਪਾਰੀ ਤਾਂ ਦੋ ਵਕਤ ਦੀ ਰੋਟੀ ਕਮਾਉਣ ਲਈ ਵੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਅਜਿਹੇ ਵਿੱਚ ਪਾਵਰਕਾਮ ਵੱਲੋਂ ਹਜ਼ਾਰਾਂ ਰੁਪਏ ਦੇ ਬਿਲ ਭੇਜ ਕੇ ਲੋਕਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

# ਦਿ ਐੱਜ ਓਵਰਸੀਜ਼ ਨੇ ਨਿਊਜ਼ੀਲੈਂਡ ਦਾ ਸਟੱਡੀ ਵੀਜ਼ਾ ਲਵਾਇਆ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮਾਲਵਾ ਖਿੱਤੇ ਦੇ ਲੋਕਾਂ ਦੇ ਭਰੋਸੇ 'ਤੇ ਖਰੀ ਉੱਤਰ ਰਹੀ ਤੇ ਇਲਾਕੇ ਦੀ ਸਭ ਤੋਂ ਪਹਿਲੀ ਪਸੰਦ ਬਣ ਚੁੱਕੀ ਸਥਾਨਕ ਇਮੀਗ੍ਰੇਸ਼ਨ ਸੰਸਥਾ 'ਦਿ ਐੱਜ ਓਵਰਸੀਜ਼ ਕੰਸਲਟੈਂਟ' ਨੇ ਇੱਕ ਵਾਰ ਫਿਰ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਸੰਸਥਾ ਨੇ ਉੱਚ ਸਿੱਖਿਆ ਲਈ ਵਿਦੇਸ਼ ਜਾਣ ਦੀ ਇੱਛੁਕ ਇੱਕ ਹੋਰ ਹੋਣਹਾਰ ਵਿਦਿਆਰਥਣ ਦਾ ਨਿਊਜ਼ੀਲੈਂਡ ਦਾ ਸਟੱਡੀ ਵੀਜ਼ਾ ਲਗਵਾ ਕੇ ਉਸ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲ ਦਿੱਤਾ ਹੈ।ਵੀਜ਼ਾ ਮਿਲਣ ਦੀ ਖ਼ੁਸ਼ੀ ਵਿੱਚ ਵਿਦਿਆਰਥਣ ਤੇ ਉਸ ਦੇ ਪਰਿਵਾਰ ਦੇ ਚਿਹਰਿਆਂ 'ਤੇ ਰੌਣਕ ਸਾਫ਼ ਦੇਖੀ ਜਾ ਸਕਦੀ ਸੀ।ਸੰਸਥਾ ਦੇ ਦਫ਼ਤਰ ਵਿਖੇ ਸੀ.ਐੱਮ.ਡੀ. (ਸੀ.ਐੱਮ.ਡੀ.) ਜਗਸੀਰ ਸਿੰਘ ਜੱਗੀ ਢੀਂਡਸਾ ਨੇ ਵਿਦਿਆਰਥਣ ਨੂੰ ਵੀਜ਼ਾ ਕਾਪੀ ਸੌਂਪਦਿਆਂ ਉਸ ਦੇ ਉਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਉਡਾਣ ਦੇਣਾ ਤੇ ਉਨ੍ਹਾਂ ਨੂੰ ਸਹੀ ਦਿਸ਼ਾ ਦਿਖਾਉਣਾ ਹੀ ਉਨ੍ਹਾਂ ਦੀ ਸੰਸਥਾ ਦਾ ਮੁੱਖ ਮਨੋਰਥ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀ.ਐੱਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਨੇ ਦੱਸਿਆ ਕਿ ਸੰਸਥਾ ਪਿਛਲੇ ਲੰਮੇ ਸਮੇਂ ਤੋਂ ਬੜੀ ਪਾਰਦਰਸ਼ਤਾ, ਇਮਾਨਦਾਰੀ ਤੇ ਕਾਨੂੰਨੀ ਤਰੀਕੇ ਨਾਲ ਵੀਜ਼ਾ ਲਗਵਾਉਣ ਦਾ ਕਾਰਜ ਕਰਦੀ ਆ ਰਹੀ ਹੈ।ਅਖੀਰ ਵਿੱਚ, ਵੀਜ਼ਾ ਹਾਸਲ ਕਰਨ ਵਾਲੀ ਵਿਦਿਆਰਥਣ ਤੇ ਉਸ ਦੇ ਮਾਪਿਆਂ ਨੇ ਸੰਸਥਾ ਦੀ ਵਧੀਆ ਕਾਰਗੁਜ਼ਾਰੀ ਤੇ ਸੁਚੱਜੀ ਗਾਈਡੈਂਸ ਲਈ ਜੱਗੀ ਢੀਂਡਸਾ ਤੇ ਸਮੁੱਚੇ ਸਟਾਫ਼ ਦਾ ਤਹਿ ਦਿਲੋਂ ਧੰਨਵਾਦ ਕੀਤਾ।



## ਸਫਾ 1 ਦੇ ਬਾਕੀ...

### ਹਰਦਿਲ ਅਜ਼ੀਜ਼ ਰਜਿੰਦਰ...

ਹਾਂ। ਇਹ ਪਾਰ ਕਰਨਾ ਹੀ ਪੈਣਾ ਹੈ। ਉਨ੍ਹਾ ਕਿਹਾ ਕਿ ਰਜਿੰਦਰ ਮੰਡ ਇੱਕ ਸ਼ਾਨਦਾਰ ਕਮਿਊਨਿਸਟ ਸੀ। ਕਾਮਰੇਡ ਜਗਰੂਪ ਨੇ ਕਿਹਾ ਕਿ ਰੁਜ਼ਗਾਰ ਪ੍ਰਾਪਤੀ ਮੁਹਿੰਮ, ਜੋ ਹੁਣ ਬਨੇਗਾ ਬਣ ਗਈ ਹੈ, ਇੱਕ ਇਤਿਹਾਸ ਹੈ ਤੇ ਇਸ ਨੂੰ ਸਿਰਜਣ ਵਿੱਚ ਐਡਵੋਕੇਟ ਰਜਿੰਦਰ ਮੰਡ ਦਾ ਵੱਡਮੁੱਲਾ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾ ਕਿਹਾ ਕਿ ਇੱਕ ਹਰਫਨਮੌਲਾ ਦੋਸਤ ਦਾ ਵਿਛੜ ਜਾਣਾ ਸਹਿਣ ਕਰਨਾ ਔਖਾ ਹੋ ਰਿਹਾ ਹੈ।

ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਸ਼ਬਦਾਂ ਦੀ ਗੱਲ ਤਾਂ ਕੀਤੀ ਜਾ ਸਕਦੀ ਹੈ, ਪਰ ਦਿਲ ਅੰਦਰਲੇ ਦਰਦ ਦਾ ਵਰਨਨ ਮੁਸ਼ਕਲ ਹੈ। ਉਨ੍ਹਾ ਕਿਹਾ ਕਿ ਰਜਿੰਦਰ ਮੰਡ ਦੀ ਥੋੜ੍ਹੇ ਚਿਰ ਦੀ ਦੋਸਤੀ ਲੰਮਾ ਪਾਸਾਰ ਲੈ ਗਈ ਹੈ।

ਹਲਕਾ ਆਦਮਪੁਰ ਤੋਂ ਕਾਂਗਰਸ ਦੇ ਵਿਧਾਇਕ ਸੁਖਵਿੰਦਰ ਕੋਟਲੀ ਨੇ ਆਪਣੇ ਮਿੱਤਰ ਐਡਵੋਕੇਟ ਰਜਿੰਦਰ ਮੰਡ ਨੂੰ ਜਜ਼ਬਾਤੀ ਤੇ ਇਨਕਲਾਬੀ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾ ਕਿਹਾ ਕਿ ਰਜਿੰਦਰ ਮੰਡ ਇਨਕਲਾਬੀ ਲਹਿਰ ਨੂੰ ਮੰਜ਼ਲ ਤੱਕ ਲਿਜਾਣ ਲਈ ਸੰਘਰਸ਼ਸ਼ੀਲ ਰਹੇ। ਮੰਡ ਨਾਲ ਆਪਣੀ ਗੂਹੜੀ ਸਾਂਝ ਦੀ ਗੱਲ ਕਰਦਿਆਂ ਕੋਟਲੀ ਨੇ ਕਿਹਾ ਕਿ ਜਜ਼ਬਿਆਂ ਦੀ ਕਹਾਣੀ ਦਾ ਇੱਕ ਪਾਤਰ ਵਿੱਛੜ ਗਿਆ ਹੈ।

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ. ਜਗਤਾਰ ਸਿੰਘ ਸੰਘੇੜਾ ਨੇ ਐਡਵੋਕੇਟ ਮੰਡ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਹ ਸਮਾਜ ਦੇ ਪਹਿਰੇਦਾਰ ਸਨ। ਉਨ੍ਹਾ ਕਿਹਾ ਕਿ ਖੱਬੀ ਲਹਿਰ ਦੀ ਇਹ ਵਿਲੱਖਣਤਾ ਤੇ ਵਿਸ਼ੇਸ਼ਤਾ ਹੈ ਕਿ ਇਸ ਨਾਲ ਜੁੜੇ ਲੋਕ ਸਮਾਜ ਦੀ ਬਿਹਤਰੀ ਲੋਚਦੇ ਹਨ। ਉੱਘੇ ਲੇਖਕ ਤੇ ਬੁੱਧੀਜੀਵੀ ਸਤਨਾਮ ਚਾਨਾ ਨੇ ਭਾਵਨਾਵਾਂ ਦੇ ਵਹਿਣ ਵਿੱਚ ਵਹਿ ਕੇ ਕਿਹਾ ਕਿ ਜਿਹੜੀ ਫੁੱਲ ਮਾਲਾ ਮੰਡ ਨੇ ਪਾਉਣੀ ਸੀ, ਉਹ ਅਸੀਂ ਪਾ ਰਹੇ ਹਾਂ, ਇਹ ਬੜਾ ਔਖਾ ਲੱਗ ਰਿਹਾ ਹੈ। ਰਜਿੰਦਰ ਮੰਡ ਦਾ ਰੋਮ-ਰੋਮ ਆਪਣੇ ਲੋਕਾਂ ਤੇ ਕਮਿਊਨਿਸਟ ਪਾਰਟੀ ਨੂੰ ਪ੍ਰਣਾਇਆ ਹੋਇਆ ਸੀ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕਾਮਰੇਡ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਇਹ ਕਹਾਵਤ ਸਾਰੇ ਜਾਣਦੇ ਹਾਂ ਕਿ ਦੁਨੀਆ ਦਾ ਸਭ ਤੋਂ ਵੱਡਾ ਬੋਝ ਪੁੱਤਰ ਦੀ ਅਰਥੀ ਨੂੰ ਮੋਢਾ ਦੇਣਾ ਹੁੰਦਾ ਹੈ। ਇਸ ਸੰਦਰਭ ਵਿੱਚ ਐਡਵੋਕੇਟ ਰਜਿੰਦਰ ਮੰਡ ਦੀ ਮਾਤਾ ਜੀ ਜਾ ਹਾਲ ਅਸੀਂ ਦੇਖ ਰਹੇ ਹਾਂ। ਉਨ੍ਹਾ ਕਿਹਾ ਕਿ ਖੱਬੀ ਲਹਿਰ ਨੇ ਇੱਕ ਹੀਰਾ ਗਵਾ ਲਿਆ ਹੈ।

ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਨ ਮਨਾਉਣ ਦੇ ਹਵਾਲੇ ਨਾਲ ਕਿਹਾ ਕਿ ਇਸ ਉਤਸਵ ਦੀ ਸਫਲਤਾ ਵਿੱਚ ਵੱਡਾ ਯੋਗਦਾਨ ਐਡਵੋਕੇਟ ਰਜਿੰਦਰ ਸਿੰਘ ਮੰਡ ਦਾ ਰਿਹਾ ਹੈ। ਲੇਖਕਾ ਬਲਜੀਤ ਕੌਰ ਬੱਲ ਨੇ ਰਜਿੰਦਰ ਮੰਡ ਨੂੰ ਆਪਣਾ ਮਾਂ-ਪਿਉ ਜਾਇਆ ਦੱਸਿਆ। ਉਨ੍ਹਾ ਕਿਹਾ ਕਿ ਮੰਡ ਆਪਣੇ ਮੋਹ ਸਦਕਾ ਹਮੇਸ਼ਾ ਸਾਡੇ ਅੰਗ-ਸੰਗ ਰਹੇਗਾ।

ਸਮਾਗਮ ਵਿੱਚ 'ਨਵਾਂ ਜ਼ਮਾਨਾ' ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਪ੍ਰਧਾਨ ਕਾਮਰੇਡ ਰਛਪਾਲ ਸਿੰਘ ਬੜਾ ਪਿੰਡ, 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ ਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਕਾਮਰੇਡ ਗੁਰਮੀਤ ਉਚੇਚੇ ਤੌਰ 'ਤੇ ਸ਼ਾਮਲ ਸਨ। ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਪੰਜਾਬ ਇਸਤਰੀ ਸਭਾ ਦੀ ਜਨਰਲ ਸਕੱਤਰ ਕਾਮਰੇਡ ਨਰਿੰਦਰ ਸੋਹਲ, ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ, ਰੋਡਵੇਜ਼ ਮੁਲਾਜ਼ਮ ਤੇ ਪੈਨਸ਼ਨਰਾਂ ਦੇ ਵੱਡੇ ਆਗੂ ਜਗਦੀਸ਼ ਸਿੰਘ ਚਾਹਲ, ਐਡਵੋਕੇਟ ਗੁਰਜੀਤ ਸਿੰਘ ਕਾਹਲੋਂ, ਬਾਰ ਕੌਂਸਲ ਚੰਡੀਗੜ੍ਹ ਤੋਂ ਲੇਖ ਰਾਜ ਸ਼ਰਮਾ, ਐਡਵੋਕੇਟ ਮੰਡ ਦੇ ਛੋਟੇ ਭਰਾਤਾ ਰਮਨਜੀਤ ਮੰਡ ਤੇ ਮੰਡ ਪਰਵਾਰ ਦੇ ਨਜ਼ਦੀਕੀ ਰਿਸ਼ਤੇਦਾਰ ਦਾਤਾਰ ਸਿੰਘ ਸੰਘਵਾਲ ਆਦਿ ਸ਼ਾਮਲ ਸਨ।

ਸ਼ਰਧਾਂਜਲੀ ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਸਵਰਨ ਸਿੰਘ ਟਹਿਣਾ ਨੇ ਚਲਾਈ। ਇਸ ਦੌਰਾਨ ਉਨ੍ਹਾ ਐਡਵੋਕੇਟ ਮੰਡ ਦੀ ਸ਼ਖ਼ਸੀਅਤ ਦੇ ਵੱਖ-ਵੱਖ ਪਹਿਲੂਆਂ ਦਾ ਵੀ ਜ਼ਿਕਰ ਕੀਤਾ।

ਡਾ. ਜਸ ਮੰਡ ਨੇ ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਸਭ ਦਾ ਧੰਨਵਾਦ ਕੀਤਾ। ਐਡਵੋਕੇਟ ਮੰਡ ਦੀ ਸ਼ਖ਼ਸੀਅਤ ਬਾਰੇ ਵੀ ਉਨ੍ਹਾ ਕੁਝ ਗੱਲਾਂ ਕੀਤੀਆਂ। ਉਨ੍ਹਾ ਕਿਹਾ ਕਿ ਉਹ ਬੜਾ ਊਰਜਾਵਾਨ ਮਨੁੱਖ ਸੀ। ਮੰਡ ਪਰਵਾਰ ਵਿੱਚ ਰਜਿੰਦਰ ਦਾ ਸਾਰਿਆਂ ਤੋਂ ਵਸੀਹ ਦਾਇਰਾ ਸੀ। ਐਡਵੋਕੇਟ ਰਜਿੰਦਰ ਮੰਡ ਦੇ ਸਨੇਹੀ ਕਾਮਰੇਡ ਇੰਦਰਜੀਤ ਚੁਗਾਵਾਂ (ਅਮਰੀਕਾ) ਤੋਂ ਇਲਾਵਾ ਦੇਸ਼-ਵਿਦੇਸ਼ ਤੋਂ ਅਨੇਕਾਂ ਸ਼ੋਕ ਸੁਨੇਹੇ ਆਏ। ਸ਼ਰਧਾਂਜਲੀ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਪੰਜਾਬ ਪ੍ਰੈੱਸ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਥਾਪਾ, ਕਾਮਰੇਡ ਅਮਲੋਕ ਸਿੰਘ, ਸੁਰਿੰਦਰ ਕੁਮਾਰੀ ਕੋਛੜ, ਸਾਹਿਤਕਾਰ ਮੱਖਣ ਮਾਨ, ਐਡਵੋਕੇਟ ਰੋਹਿਤ ਗੰਭੀਰ, ਐਡਵੋਕੇਟ ਦੀਪਕ ਸ਼ਰਮਾ (ਮਲਸੀਆਂ), ਸੇਵਾ ਮੁਕਤ ਐੱਸ ਐੱਸ ਪੀ ਤੇ ਕਾਂਗਰਸ ਇੰਚਾਰਜ਼ ਹਲਕਾ ਕਰਤਾਰਪੁਰ ਰਜਿੰਦਰ ਸਿੰਘ, ਕੁਲ ਹਿੰਦ ਕਿਸਾਨ ਸਭਾ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਸੂਰਤ ਸਿੰਘ ਧਰਮਕੋਟ, ਸੀ ਪੀ ਆਈ ਦੇ ਸੂਬਾ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਕਾਮਰੇਡ ਸੁਖਚੈਨ ਸਿੰਘ, ਨਵਾਂ ਜ਼ਮਾਨਾ ਦੇ ਟਰੱਸਟੀ ਐਡਵੋਕੇਟ ਰਜਿੰਦਰ ਸਿੰਘ ਰਾਣਾ, ਬਲਕਾਰ ਵਲਟੋਹਾ, ਪੱਤਰਕਾਰ ਨਰਿੰਦਰ ਸੋਨੀਆ, ਅਰੁਣਦੀਪ, ਕਾਮਰੇਡ ਸੰਦੀਪ ਦੌਲੀਕੇ, ਪੰਜਾਬ ਇਸਤਰੀ ਸਭਾ ਦੀ ਪ੍ਰਧਾਨ ਰਜਿੰਦਰ ਪਾਲ ਕੌਰ, ਜ਼ਿਲ੍ਹਾ ਜਲੰਧਰ ਦੀ ਇਸਤਰੀ ਆਗੂ ਕਾਮਰੇਡ ਸੰਤੋਸ਼ ਬਰਾੜ, ਮਾਤਾ ਮਹਿੰਦਰ ਕੌਰ, ਐਡਵੋਕੇਟ ਮੰਡ ਦੀ ਪਤਨੀ ਹਰਦੀਪ ਕੌਰ ਮੰਡ, ਬੇਟਾ ਮਨਰਾਜ ਮੰਡ, ਰੀਟਾ ਸੁਆਮੀ, ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਰਸ਼ਪਾਲ ਕੈਲੇ, ਪੱਤਰਕਾਰ ਅਵਤਾਰ ਕਲੇਰ, ਬਲਦੇਵ ਸਿੰਘ ਨੂਰਪੁਰੀ ਅਤੇ ਵੱਡੀ ਗਿਣਤੀ ਵਿੱਚ ਵਕੀਲ ਭਾਈਚਾਰਾ ਸ਼ਾਮਲ ਸੀ। ਸਮਾਗਮ ਦੌਰਾਨ ਇਹ ਦ੍ਰਿਸ਼ ਹਰੇਕ ਨੂੰ ਭਾਵੁਕ ਕਰਦਾ ਰਿਹਾ, ਜਦੋਂ ਪੂਰੇ ਸਮਾਗਮ ਦੌਰਾਨ ਐਡਵੋਕੇਟ ਮੰਡ ਦੀ ਧੀ ਮਨਪ੍ਰੀਤ ਦੀਆਂ ਅੱਖਾਂ 'ਚੋਂ ਅੱਥਰੂ ਛਲਕਦੇ ਰਹੇ।

### ਵੋਟ ਬਚਾਉਣ ਦੀ...

ਨਿਪਟਾਰਾ ਕੀਤਾ। ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਤੋਂ ਫੈਰੀ ਸੋਫਤ, ਬਹੁਜਨ ਸਮਾਜ ਪਾਰਟੀ ਤੋਂ ਜਸਵੰਤ ਰਾਏ ਤੇ ਹਰਭਜਨ ਸਿੰਘ, ਭਾਰਤੀ ਜਨਤਾ ਪਾਰਟੀ ਤੋਂ ਪਰਮਪਾਲ ਕੌਰ, ਕਾਂਗਰਸ ਪਾਰਟੀ ਤੋਂ ਹਰਦੀਪ ਸਿੰਘ ਕਿੰਗਰਾ ਅਤੇ ਹੈਪੀ ਖੇੜਾ, ਸ਼੍ਰੋਮਣੀ ਅਕਾਲੀ ਦਲ ਤੋਂ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਅਤੇ ਨਛੱਤਰ ਸਿੰਘ ਗਿੱਲ ਹਾਜ਼ਰ ਸਨ।

### ਵਿਰੋਧੀ ਪਾਰਟੀਆਂ 'ਮਾਵਾਂ...

ਕਿਹਾ ਕਿ ਅਕਾਲੀ ਦਲ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਇੱਕ ਫਰਜ਼ੀ ਵੀਡੀਓ ਨਾਲ ਛੇੜਛਾੜ ਕਰਕੇ ਉਸ ਨੂੰ ਆਪਣੇ ਸਿਆਸੀ ਹਿੱਤਾਂ ਮੁਤਾਬਕ ਵਾਇਰਲ ਕੀਤਾ। ਅਸਲ ਵੀਡੀਓ ਫ਼ਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡ ਚਨਾਰਥਲ ਦੀ ਸੀ, ਜਿੱਥੇ ਮੁੱਖ ਮੰਤਰੀ ਇੱਕ ਜਨਤਕ ਮੀਟਿੰਗ ਦੌਰਾਨ ਔਰਤਾਂ ਨਾਲ ਗੱਲਬਾਤ ਕਰ ਰਹੇ ਸਨ ਅਤੇ ਉਨ੍ਹਾਂ ਤੋਂ ਸੁਝਾਅ ਮੰਗ ਰਹੇ ਸਨ ਕਿ ਉਹ ਸਰਕਾਰ ਦੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਮਿਲਣ ਵਾਲੀ ਵਿੱਤੀ ਸਹਾਇਤਾ ਦੀ ਵਰਤੋਂ ਕਿਵੇਂ ਕਰਨਗੀਆਂ।

ਉਨ੍ਹਾ ਕਿਹਾ ਮਾਵਾਂ-ਧੀਆਂ ਨੂੰ ਪਹਿਲੀ ਤੋਂ ਤਿੰਨ ਮਹੀਨਿਆਂ ਦੀ ਰਾਸ਼ੀ ਦੇਣ ਦੇ ਐਲਾਨ ਨੇ ਵਿਰੋਧੀ ਧਿਰ ਨੂੰ ਇਸ ਲਈ ਝਟਕਾ ਦਿੱਤਾ ਹੈ, ਕਿਉਂਕਿ ਉਹ ਜਾਣਦੇ ਹਨ ਕਿ ਇੱਕ ਵਾਰ ਜਦੋਂ ਔਰਤਾਂ ਨੂੰ ਵਾਅਦਾ ਕੀਤੀ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਗਈ, ਤਾਂ ਉਨ੍ਹਾਂ ਦੀ ਗੁੰਮਰਾਹਕੁੰਨ ਸਿਆਸਤ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗੀ। ਉਹ ਨਿਰਾਸ਼ਾ ਵਿੱਚ ਭੰਬਲਭੂਸਾ ਪੈਦਾ ਕਰਨ ਦੀ ਪੂਰੀ ਕੋਸ਼ਿਸ਼ ਕਰ ਰਹੇ ਹਨ ਅਤੇ ਕਿਸੇ ਨਾ ਕਿਸੇ ਤਰ੍ਹਾਂ ਇਸ ਸਕੀਮ ਨੂੰ ਰੋਕਣਾ ਚਾਹੁੰਦੇ ਹਨ, ਕਿਉਂਕਿ ਉਹ ਜਾਣਦੇ ਹਨ ਕਿ ਇਸ ਦੇ ਲਾਗੂ ਹੋਣ ਤੋਂ ਬਾਅਦ ਉਨ੍ਹਾਂ ਕੋਲ ਖੜ੍ਹੇ ਹੋਣ ਲਈ ਕੋਈ ਸਿਆਸੀ ਜ਼ਮੀਨ ਨਹੀਂ ਬਚੇਗੀ।

ਉਹਨਾ ਕਿਹਾ ਕਿ ਉਹ ਚਾਹੇ ਜਿੰਨੀਆਂ ਮਰਜ਼ੀ ਫਰਜ਼ੀ ਵੀਡੀਓਜ਼ ਬਣਾ ਲੈਣ, ਉਹ ਪੰਜਾਬ ਦੇ ਲੋਕਾਂ ਨੂੰ ਸੱਚਾਈ ਪਛਾਣਨ ਤੋਂ ਨਹੀਂ ਰੋਕ ਸਕਦੇ। ਪੰਜਾਬ ਦੀਆਂ ਔਰਤਾਂ ਸਮਝਦੀਆਂ ਹਨ ਕਿ ਕੌਣ ਉਨ੍ਹਾਂ ਦੀ ਭਲਾਈ ਲਈ ਕੰਮ ਕਰ ਰਿਹਾ ਹੈ ਅਤੇ ਕੌਣ ਉਨ੍ਹਾਂ ਨੂੰ ਉਨ੍ਹਾਂ ਦੇ ਹੱਕਾਂ ਤੋਂ ਵਾਂਝਾ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ।

### ਭਾਜਪਾ ਨੇ ਲੈਬ ...

ਚੰਗੀ ਤਰ੍ਹਾਂ ਦੇਖ ਲਿਆ ਹੈ। ਉਨ੍ਹਾ ਨੂੰ ਪੰਜਾਬ ਭਰ ਵਿੱਚੋਂ ਸੈਂਕੜੇ ਫੋਨ ਕਾਲਾਂ ਅਤੇ ਵੀਡੀਓ ਸੰਦੇਸ਼ ਆਏ ਹਨ, ਜਿਨ੍ਹਾਂ ਵਿੱਚ ਲੋਕਾਂ ਨੇ ਖੁਦ ਮੰਨਿਆ ਹੈ ਕਿ ਵੀਡੀਓ ਵਿੱਚ ਦਿਖਾਈ ਦੇ ਰਿਹਾ ਬੰਦਾ ਮੁੱਖ ਮੰਤਰੀ ਨਹੀਂ ਹੈ।

ਮਾਨ ਨੇ ਦੱਸਿਆ ਕਿ ਜਦੋਂ ਵਿਰੋਧੀਆਂ ਨੂੰ ਅਹਿਸਾਸ ਹੋਇਆ ਕਿ ਉਨ੍ਹਾਂ ਦੀ ਫਰਜ਼ੀ ਵੀਡੀਓ ਵਾਲੀ ਚਾਲ ਫੇਲ੍ਹ ਹੋ ਗਈ ਹੈ, ਤਾਂ ਉਨ੍ਹਾਂ ਨਵੀਂ ਕਹਾਣੀ ਘੜ ਲਈ, ਜਦਕਿ ਸਰਕਾਰ ਨੇ ਸੁਤੰਤਰ ਲੈਬਾਰਟਰੀਆਂ ਤੋਂ ਇਸ ਦੀ ਜਾਂਚ ਕਰਵਾ ਕੇ ਸਾਬਤ ਕਰ ਦਿੱਤਾ ਸੀ ਕਿ ਵੀਡੀਓ ਨਕਲੀ ਹੈ। ਭਾਜਪਾ 'ਤੇ ਸਰਕਾਰੀ ਤੰਤਰ ਦੀ ਦੁਰਵਰਤੋਂ ਦਾ ਵੱਡਾ ਦੋਸ਼ ਲਾਉਂਦਿਆਂ ਮੁੱਖ ਮੰਤਰੀ ਨੇ ਕਿਹਾ, 'ਭਾਜਪਾ ਨੇ ਉਨ੍ਹਾਂ ਲੈਬ ਮਾਲਕਾਂ ਨੂੰ ਡਰਾਇਆ-ਧਮਕਾਇਆ, ਜਿਨ੍ਹਾਂ ਤੋਂ ਅਸੀਂ ਜਾਂਚ ਕਰਵਾਈ ਸੀ ਅਤੇ ਉਨ੍ਹਾਂ 'ਤੇ ਇਹ ਕਹਿਣ ਲਈ ਦਬਾਅ ਪਾਇਆ ਕਿ ਅਸੀਂ ਗਲਤ ਰਿਪੋਰਟ ਤਿਆਰ ਕਰਵਾਈ ਹੈ।'

ਉਨ੍ਹਾ ਸਵਾਲ ਕੀਤਾ ਕਿ ਭਾਜਪਾ ਕਿਸ ਅਧਾਰ 'ਤੇ ਆਪਣੀਆਂ ਚੁਣੀਆਂ ਹੋਈਆਂ ਲੈਬਾਂ ਦੀਆਂ ਰਿਪੋਰਟਾਂ ਨੂੰ ਸਹੀ ਦੱਸ ਰਹੀ ਹੈ? ਮਾਨ ਨੇ ਕਿਹਾ ਕਿ ਜਨਤਾ ਸਭ ਕੁਝ ਜਾਣਦੀ ਹੈ ਅਤੇ ਫੈਸਲਾ ਲੋਕਾਂ ਦੀ ਕਚਹਿਰੀ ਵਿੱਚ ਹੀ ਹੋਵੇਗਾ। ਲੋਕਾਂ ਨੇ ਇਨ੍ਹਾਂ ਪਾਰਟੀਆਂ ਨੂੰ ਸਿਆਸੀ ਅਤੇ ਸਮਾਜਕ ਤੌਰ 'ਤੇ ਨਕਾਰ ਦਿੱਤਾ ਹੈ, ਜਿਸ ਕਰਕੇ ਇਹ ਸਾਨੂੰ ਨੀਵਾਂ ਦਿਖਾਉਣ ਲਈ ਅਜਿਹੇ ਧੋਖੇਬਾਜ਼ ਹੱਥਕੰਡੇ ਅਪਣਾ ਰਹੀਆਂ ਹਨ।

## ਮਾਨ ਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਵੱਲੋਂ ਕਵੀ ਦਰਬਾਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਨ ਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਵੱਲੋਂ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਪੱਧਰ 'ਤੇ ਕਵੀ ਦਰਬਾਰ ਕਰਵਾਇਆ ਗਿਆ।ਇਸ ਮੌਕੇ ਮੁੱਖ ਪ੍ਰਬੰਧਕ ਇਕਬਾਲ ਸਿੰਘ ਸਹੋਤਾ, ਸੁਖਜਿੰਦਰ ਕੌਰ ਲਾਡੀ, ਸੁਰਿੰਦਰ ਫ਼ਰਿਸ਼ਤਾ (ਘੁੱਲੇ ਸ਼ਾਹ), ਭੋਲਾ ਯਮਲਾ ਅਤੇ ਬਾਕੀ ਟੀਮ ਵੱਲੋਂ ਸਾਧੂ ਰਾਮ ਲੰਗੇਆਣਾ ਅਤੇ ਬਾਕੀ ਸਾਥੀਆਂ ਗੁਰਜੰਟ ਕਲਸੀ ਲੰਡੇ, ਰਾਜਵੀਰ ਸਿੰਘ ਭਲੂਰੀਆ, ਦਰਸ਼ਨ ਸਿੰਘ ਸੰਘਾ, ਸੋਹਣ ਸਿੰਘ ਗੇਦੂ ਦੋਸਾਂਝ, ਕਰਨੈਲ ਸਿੰਘ ਅਸਪਾਲ ਨੂੰ ਸਨਮਾਨ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।

## ਸਰਾਏਨਾਗਾ ਵਿਖੇ ਰਾਸ਼ਨ ਕਿੱਟਾਂ ਦੀ ਵੰਡ ਦਾ ਰਸਮੀ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦਾ ਮੁੱਖ ਮਕਸਦ ਹਰ ਲੋੜਵੰਦ ਪਰਵਾਰ ਤੱਕ ਬਿਨਾਂ ਕਿਸੇ ਪੱਖਪਾਤ ਦੇ ਸਰਕਾਰੀ ਸਹੂਲਤਾਂ ਪਹੁੰਚਾਉਣਾ ਹੈ।ਇਹਨਾਂ ਗੱਲਾਂ ਦੇ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਰਾਜੂ ਸਰਾਏਨਾਗਾ ਨੇ ਸਰਾਏ ਨਾਗਾ ਵਿਖੇ ਸਮਾਰਟ ਰਾਸ਼ਨ ਕਾਰਡ ਅਤੇ ਰਾਸ਼ਨ ਕਿੱਟਾਂ ਦੀ ਵੰਡ ਦਾ ਰਸਮੀ ਉਦਘਾਟਨ ਕਰਨ ਮੌਕੇ ਕੀਤਾ। ਉਹਨਾਂ ਕਿਹਾ ਕਿ ਇਨ੍ਹਾਂ ਸਮਾਰਟ ਕਾਰਡਾਂ ਦੇ ਬਣਨ ਨਾਲ ਰਾਸ਼ਨ ਵੰਡ ਪ੍ਰਣਾਲੀ ਵਿੱਚ ਵਧੇਰੇ ਪਾਰਦਰਸ਼ਤਾ ਆਵੇਗੀ ਅਤੇ ਲਾਭਪਾਤਰੀਆਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਲਈ ਵਚਨਬੱਧ ਹੈ ਅਤੇ ਗਰੀਬ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਯੋਜਨਾਵਾਂ ਲਾਗੂ ਕਰ ਰਹੀ ਹੈ। ਉਨ੍ਹਾਂ ਲਾਭਪਾਤਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਕਾਰਡਾਂ ਰਾਹੀਂ ਬਣਦਾ ਰਾਸ਼ਨ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਪ੍ਰਾਪਤ ਕਰਨ।ਇਸ ਮੌਕੇ ਸੁਖਜਿੰਦਰ ਸਿੰਘ ਸਾਬਕਾ ਪੰਚ, ਕੁਲਜੀਤ ਸਿੰਘ, ਹਰਜਿੰਦਰ ਸਿੰਘ, ਅੰਗਰੇਜ ਸਿੰਘ, ਅਰਦਾਸ ਸਿੰਘ ਤੋਂ ਇਲਾਵਾ ਪਿੰਡ ਵਾਸੀ ਆਦਿ ਹਾਜ਼ਰ ਸਨ।

## ਡਾ. ਦਲਬੀਰ ਸਿੰਘ ਕਥੂਰੀਆ ਨੂੰ ਸਦਮਾ, ਮਾਤਾ ਦਾ ਦੇਹਾਂਤ

**ਜਲੰਧਰ (ਨ ਜ਼ ਸ)**-ਵਿਸ਼ਵ ਪੰਜਾਬੀ ਭਵਨ ਦੇ ਬਰੈਂਪਟਨ (ਕੈਨੇਡਾ) ਦੇ ਬਾਨੀ, ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ, ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਤੱਤਪਰ ਡਾਕਟਰ ਦਲਬੀਰ ਸਿੰਘ ਕਥੂਰੀਆ ਦੇ ਮਾਤਾ ਪ੍ਰੀਤਮ ਕੌਰ ਕਥੂਰੀਆ ਦੇ ਦੇਹਾਂਤ 'ਤੇ ਸੰਵੇਦਨਾ ਤੇ ਦੁੱਖ ਪ੍ਰਗਟ ਕਰਦਿਆਂ ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਤੇ ਦੁਬਈ ਤੋਂ ਸ਼ਾਇਰਾ ਤੇ ਸਮਾਜਿਕ ਕਾਰਕੁਨ ਕੁਲਵਿੰਦਰ ਕੋਮਲ ਨੇ ਕਿਹਾ ਕਿ ਮਾਤਾ ਜੀ ਕੇਵਲ ਧਾਰਮਿਕ ਪ੍ਰਵਿਰਤੀਆਂ ਦੇ ਮਾਲਕ ਹੀ ਨਹੀਂ, ਆਪਣੇ ਆਲੇ-ਦੁਆਲੇ ਲਈ ਚਿੰਤਤ ਵੀ ਸਨ।

## ਮਿੰਨੀ ਬੱਸ ਅਪ੍ਰੇਟਰਾਂ ਦੀਆਂ ਮੰਗਾਂ ਸੰਬੰਧੀ ਸਰਕਾਰ ਨਾਲ ਮੀਟਿੰਗ, ਹੱਲ ਦਾ ਮਿਲਿਆ ਭਰੋਸਾ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮਿੰਨੀ ਬੱਸ ਆਪ੍ਰੇਟਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਬਲਦੇਵ ਸਿੰਘ ਬੱਬੂ, ਮਿੰਨੀ ਬੱਸ ਯੂਨੀਅਨ ਦੇ ਚੇਅਰਮੈਨ ਹਰਦੀਪ ਸਿੰਘ ਤੇ ਹੋਰ ਅਹੁਦੇਦਾਰਾਂ ਵੱਲੋਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਐੱਸ.ਟੀ.ਸੀ., ਐੱਮ.ਡੀ.ਐੱਮ. ਤੇ ਟਰਾਂਸਪੋਰਟ ਵਿਭਾਗ ਦੇ ਸਕੱਤਰ ਨਾਲ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਮਿੰਨੀ ਬੱਸ ਆਪ੍ਰੇਟਰਾਂ ਨਾਲ ਜੁੜੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਸਰਕਾਰ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ।ਯੂਨੀਅਨ ਆਗੂਆਂ ਨੇ ਕਿਹਾ ਕਿ ਮਿੰਨੀ ਬੱਸ ਕਾਰੋਬਾਰ ਨੂੰ ਦਰਪੇਸ਼ ਸਮੱਸਿਆਵਾਂ ਦਾ ਜਲਦ ਹੱਲ ਕੀਤਾ ਜਾਣਾ ਜ਼ਰੂਰੀ ਹੈ ਤਾਂ ਜੋ ਆਪ੍ਰੇਟਰਾਂ ਨੂੰ ਰਾਹਤ ਮਿਲ ਸਕੇ।ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਦੇ ਹੋਏ ਉਨ੍ਹਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ।ਨਾਲ ਹੀ ਸਬੰਧਤ ਅਧਿਕਾਰੀਆਂ ਨੂੰ ਮਾਮਲਿਆਂ 'ਤੇ ਤੁਰੰਤ ਕਾਰਵਾਈ ਕਰਨ ਲਈ ਨਿਰਦੇਸ਼ ਵੀ ਜਾਰੀ ਕੀਤੇ ਗਏ।ਮੀਟਿੰਗ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਮਨਜੀਤ ਸਿੰਘ ਬਿਲਾਸਪੁਰ ਦਾ ਮਿੰਨੀ ਬੱਸ ਯੂਨੀਅਨ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਯੂਨੀਅਨ ਆਗੂਆਂ ਨੇ ਆਸ ਜਤਾਈ ਕਿ ਸਰਕਾਰ ਵੱਲੋਂ ਦਿੱਤੇ ਭਰੋਸੇ ਨੂੰ ਜਲਦੀ ਅਮਲ ਵਿੱਚ ਲਿਆਂਦਾ ਜਾਵੇਗਾ ਤੇ ਮਿੰਨੀ ਬੱਸ ਆਪ੍ਰੇਟਰਾਂ ਦੀਆਂ ਸਮੱਸਿਆਵਾਂ ਦਾ ਹੱਲ ਕੱਢਿਆ ਜਾਵੇਗਾ।

## ਹਰੀ ਸਿੰਘ ਢੁੱਡੀਕੇ ਦੀ ਰਚਨਾ 'ਸੰਸਾਰ' ਦੀ ਕੈਲੀਫੋਰਨੀਆ ਵਿਖੇ ਘੁੰਡ ਚੁੱਕਾਈ



**ਜਗਰਾਉਂ (ਅਮਿਤ ਖੰਨਾ)**-ਹਰੀ ਸਿੰਘ ਢੁੱਡੀਕੇ ਦੀ ਰਚਨਾ 'ਸੰਸਾਰ' ਕੈਲੀਫੋਰਨੀਆ ਦੇ ਸ਼ਹਿਰ ਬੇਕਰਸਫੀਲਡ ਵਿਖੇ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਲੋਕ ਅਰਪਣ ਕੀਤੀ ਗਈ। ਇਸ ਸਮੇਂ ਸ. ਜਗਤਾਰ ਸਿੰਘ ਗਿੱਲ, ਸ. ਪ੍ਰੀਤਮ ਸਿੰਘ ਗਿੱਲ, ਸ. ਤਲਵਿੰਦਰ ਸਿੰਘ ਗਿੱਲ, ਡਾ. ਇੰਦਰਜੀਤ ਸਿੰਘ, ਸ. ਜਗਜੀਤ ਸਿੰਘ ਬਰਾੜ, ਸ. ਮਨਜਿੰਦਰ ਸਿੰਘ ਬਰਾੜ, ਸ. ਕੁਲਵੀਰ ਸਿੰਘ ਮਾਣੂਕੇ, ਸ. ਪਰਮਜੀਤ ਸਿੰਘ ਸਿੱਧੂ, ਸ. ਬਲਜੀਤ ਸਿੰਘ ਭੁੱਟੋ, ਸ੍ਰੀ ਰਾਜ ਕਿਸ਼ਨਪੁਰਾ, ਸ. ਸੁਖਦੀਪ ਸਿੰਘ ਰਾਏ, ਸ. ਸੰਦੀਪ ਸਿੰਘ ਦੌਧਰ, ਰਾਜ ਯੂ. ਐੱਸ. ਏ., ਦੀਪੀ ਉੱਪਲ ਯੂ. ਐੱਸ. ਏ., ਅਤੇ ਹੋਰ ਮਾਨਯੋਗ ਸ਼ਖ਼ਸੀਅਤਾਂ ਹਾਜ਼ਰ ਸਨ।ਸ. ਜਗਤਾਰ ਸਿੰਘ ਗਿੱਲ ਉੱਘੇ ਸਮਾਜ ਸੇਵੀ ਅਤੇ ਪ੍ਰਿੰਸੀਪਲ ਬਲਦੇਵ ਬਾਵਾ ਨੇ ਦੱਸਿਆ ਕਿ ਇਸ ਪੁਸਤਕ ਵਿੱਚ ਹਰੀ ਸਿੰਘ ਢੁੱਡੀਕੇ ਬਾਰੇ ਅਤੇ ਉਹਨਾਂ ਦੀਆਂ ਪੁਸਤਕਾਂ ਬਾਰੇ ਬੜੀ ਜਾਣਕਾਰੀ ਭਰਪੂਰ ਲੇਖ ਹਨ।ਪ੍ਰਿੰਸੀਪਲ ਬਾਵਾ, ਡਾ. ਤੇਜਵੰਤ ਮਾਨ, ਡਾ. ਰਘਬੀਰ ਕੌਰ, ਡਾ. ਸੁਰਜੀਤ ਦੌਧਰ, ਸ੍ਰੀ ਕ੍ਰਿਸ਼ਨ ਕੁਮਾਰ ਬਾਵਾ, ਸ੍ਰੀ ਅਮਰਜੀਤ ਬੱਬਰੀ, ਪ੍ਰੋ. ਜਸਪਾਲ ਢੁੱਡੀਕੇ, ਡਾ. ਸਰਬਜੀਤ ਕੌਰ ਸੰਧਾਵਾਲੀਆ, ਸ੍ਰੀ ਕੇ. ਐਲ. ਗਰਗ, ਡਾ. ਸੁਖਪਾਲ ਕੌਰ ਸਮਰਾਲਾ, ਡਾ.ਸ਼ਰਨਜੀਤ ਕੌਰ, ਸ. ਤੀਰਥ ਸਿੰਘ ਢਿੱਲੋਂ, ਪ੍ਰੋ. ਨਵਸੰਗੀਤ ਸਿੰਘ, ਡਾ. ਸੰਦੀਪ ਰਾਣਾ, ਸ. ਜਸਵੀਰ ਕਲਸੀ, ਸ੍ਰੀ ਨਿਰੰਜਣ ਬੋਹਾ, ਸ੍ਰੀਮਤੀ ਸਰਬਜੀਤ ਕੌਰ ਢੁੱਡੀਕੇ, ਡਾ. ਬਿਕਰਮ ਸਿੰਘ ਗਿੱਲ, ਸ੍ਰੀ ਬਹਾਦਰ ਡਾਲਵੀ, ਮਾ. ਗੁਰਚਰਨ ਸਿੰਘ ਢੁੱਡੀਕੇ, ਮਾ. ਹਰਮੀਤ ਸਿੰਘ, ਸ. ਸਰਬਜੀਤ ਸਿੰਘ ਮੱਲ੍ਹਾ, ਮਾ. ਜੈਕਬ ਢੁੱਡੀਕੇ ਆਦਿ ਦੇ ਲੇਖ ਹਨ।ਸ. ਜਗਤਾਰ ਸਿੰਘ ਗਿੱਲ ਅਤੇ ਹਾਜ਼ਰ ਮੈਂਬਰਾਂ ਨੇ ਮਾ. ਹਰੀ ਸਿੰਘ ਢੁੱਡੀਕੇ ਨੂੰ ਉਹਨਾਂ ਦੀ ਪੁਸਤਕ ਹਰੀ ਸਿੰਘ ਢੁੱਡੀਕੇ ਦਾ ਰਚਨਾ ਸੰਸਾਰ ਦੀ ਲੇਖਣੀ 'ਤੇ ਵਧਾਈ ਦਿੱਤੀ।ਸ. ਜਗਤਾਰ ਸਿੰਘ ਗਿੱਲ ਉੱਘੇ ਸਮਾਜ ਸੇਵੀ ਨੇ ਕਿਹਾ ਕਿ ਮਾ. ਹਰੀ ਸਿੰਘ ਢੁੱਡੀਕੇ ਨੇ ਧਾਰਮਿਕ, ਸਮਾਜਿਕ ਤੇ ਦੇਸ਼-ਭਗਤੀ ਦੇ ਵਿਸ਼ਿਆਂ ਨੂੰ ਛੋਹ ਕੇ ਸਮਾਜ ਨੂੰ ਸ਼ਾਨਦਾਰ ਸਾਹਿਤਕ ਕਿਤਾਬਾਂ ਦਿੱਤੀਆਂ।

## ਇਮਾਮ ਹੁਸੈਨ ਦੀ ਯਾਦ 'ਚ ਖ਼ੂਨਦਾਨ ਕੈਂਪ



**ਮਲੇਰਕੋਟਲਾ (ਅਸਗਰ ਪਰਿਹਾਰ)**-ਹਜ਼ਰਤ ਇਮਾਮ ਹੁਸੈਨ (ਅ.ਸ.) ਦੀ ਯਾਦ ਨੂੰ ਸਮਰਪਿਤ ਸ਼ੀਆ ਨੌਜਵਾਨਾਂ ਵੱਲੋਂ ਸਥਾਨਕ ਸਿਵਲ ਹਸਪਤਾਲ ਦੇ ਬਲੱਡ ਡੋਨੇਸ਼ਨ ਵਾਰਡ ਵਿੱਚ ਇੱਕ ਵਿਸ਼ਾਲ 'ਹੁਸੈਨੀ ਬਲੱਡ ਡੋਨੇਸ਼ਨ ਕੈਂਪ' ਲਗਾਇਆ ਗਿਆ। ਇਸ ਕੈਂਪ ਨੇ ਸ਼ਹਿਰ ਅੰਦਰ ਧਾਰਮਿਕ ਸਾਂਝ, ਭਾਈਚਾਰਕ ਏਕਤਾ ਅਤੇ ਮਨੁੱਖਤਾ ਦੀ ਸੇਵਾ ਦੀ ਇੱਕ ਬੇਮਿਸਾਲ ਉਦਾਹਰਨ ਪੇਸ਼ ਕੀਤੀ।ਕੈਂਪ ਦੌਰਾਨ ਲਗਭਗ 45 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਇਸ ਦੀ ਖ਼ਾਸੀਅਤ ਇਹ ਰਹੀ ਕਿ ਇਸ ਵਿੱਚ ਮੁਸਲਿਮ ਭਾਈਚਾਰੇ ਦੇ ਸ਼ੀਆ ਅਤੇ ਸੁੰਨੀ ਭਰਾਵਾਂ ਦੇ ਨਾਲ-ਨਾਲ ਸਿੱਖ ਅਤੇ ਹਿੰਦੂ ਭਾਈਚਾਰੇ ਦੇ ਲੋਕਾਂ ਨੇ ਵੀ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਹਰ ਧਰਮ ਅਤੇ ਵਰਗ ਦੇ ਲੋਕਾਂ ਨੇ ਇਮਾਮ ਹੁਸੈਨ (ਅ.ਸ.) ਦੇ ਪੈਗਾਮ ਨੂੰ ਯਾਦ ਕਰਦਿਆਂ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੀਤਾ।ਕੈਂਪ ਵਿੱਚ ਪਹੁੰਚੇ ਖ਼ੂਨਦਾਨੀਆਂ ਨੇ ਕਿਹਾ ਕਿ ਕਿਸੇ ਲੋੜਵੰਦ ਦੀ ਜਾਨ ਬਚਾਉਣਾ ਹੀ ਸਭ ਤੋਂ ਵੱਡੀ ਇਨਸਾਨੀ ਸੇਵਾ ਹੈ। ਉਨ੍ਹਾਂ ਦੱਸਿਆ ਕਿ ਖ਼ੂਨਦਾਨ ਇੱਕ ਅਜਿਹਾ ਨੇਕ ਕਾਰਜ ਹੈ ਜੋ ਨਾ ਸਿਰਫ਼ ਕਿਸੇ ਮਰੀਜ਼ ਨੂੰ ਨਵੀਂ ਜ਼ਿੰਦਗੀ ਦਿੰਦਾ ਹੈ, ਸਗੋਂ ਸਮਾਜ ਵਿੱਚ ਆਪਸੀ ਪਿਆਰ ਅਤੇ ਸਾਂਝ ਦਾ ਸੰਦੇਸ਼ ਵੀ ਮਜ਼ਬੂਤ ਕਰਦਾ ਹੈ।

## ਬਾਬਾ ਬੰਦਾ ਸਿੰਘ ਬਹਾਦਰ ਵਰਗੇ ਸਿਦਕੀ ਸਿੱਖਾਂ ਨੇ ਸ਼ਹਾਦਤ ਦੇ ਕੇ ਸਿੱਖ ਰਾਜ ਸਥਾਪਤ ਕੀਤਾ : ਪ੍ਰੋ. ਬਡੂੰਗਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿੱਖ ਰਾਜ ਸਥਾਪਤ ਕਰਨ ਵਾਲੇ ਮਹਾਨ ਸੂਰਬੀਰ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਪ੍ਰਤੀ ਸ਼ਰਧਾ ਸਤਿਕਾਰ ਭੇਂਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਅਜਿਹਾ ਯੋਧਾ ਪੈਦਾ ਹੋਇਆ, ਜਿਸ ਦੇ ਜੀਵਨ ਤੋਂ ਜਬਰ ਜ਼ੁਲਮ ਦੇ ਖਿਲਾਫ਼ ਜਿਥੇ ਦ੍ਰਿੜਤਾ ਨਾਲ ਪਹਿਰਾ ਦੇਣ ਦੀ ਜੀਵਨ ਜਾਚ ਮਿਲਦੀ ਹੈ, ਉਥੇ ਹੀ ਅਡੋਲ ਰਹਿੰਦਿਆਂ ਦਿੱਤੀ ਸ਼ਹਾਦਤ ਗੁਰੂ ਸਾਹਿਬ ਪ੍ਰਤੀ ਸਮਰਪਿਤ ਦੀ ਭਾਵਨਾ ਨੂੰ ਉਜਾਗਰ ਕਰਦੀ ਹੈ, ਜਿਨ੍ਹਾਂ ਸਦਕਾ ਸਿੱਖ ਰਾਜ ਸਥਾਪਤ ਹੋਇਆ ਅਤੇ ਅਜਿਹੀਆਂ ਸ਼ਹਾਦਤਾਂ ਨੂੰ ਸਿਜਦਾ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਅਤੇ ਘਟਨਾਵਾਂ ਦਾ ਜਿਕਰ ਕਰਦਿਆਂ ਕਿਹਾ ਕਿ ਬੰਦੇ ਨੇ 1000 ਸਾਲ ਪੁਰਾਣੀ ਮੁਗਲ ਸਲਤਨਤ ਨੂੰ ਚੱਪੜਚਿੜੀ ਦੇ ਮੈਦਾਨ ਵਿਚ 12 ਮਈ 1710 ਨੂੰ ਸਿਕਸ਼ਤ ਦਿੱਤੀ ਅਤੇ 14 ਮਈ 1710 ਨੂੰ ਬਾਗ ਏ ਹਾਫ਼ੀਜ਼ੀ ਆਮ ਖ਼ਾਸ ਬਾਗ ਸਰਹਿੰਦ ਵਿਖੇ ਪਹਿਲਾ ਸਿੱਖ ਰਾਜ ਸਥਾਪਤ ਕੀਤਾ। ਪ੍ਰੋ. ਬਡੂੰਗਰ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੇ ਪਾਏ ਪੂਰਨਿਆਂ ਉੱਤੇ ਹੀ ਸਰਕਾਰ-ਏ-ਖਾਲਸਾ ਮਹਾਰਾਜਾ ਰਣਜੀਤ ਸਿੰਘ ਦਾ ਰਾਜ 12 ਅਪ੍ਰੈਲ 1799 ਨੂੰ ਕਾਇਮ ਹੋਇਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਕੀਤੀ ਸਮੀਖਿਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਜ਼ਿਲ੍ਹਾ ਪੱਧਰੀ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀ ਨਸ਼ਾ ਮੁਕਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੀ ਸਮੀਖਿਆ ਕੀਤੀ।ਇਸ ਸਮੀਖਿਆ ਮੀਟਿੰਗ ਵਿੱਚ ਵਿਧਾਇਕ ਖਡੂਰ ਸਾਹਿਬ ਮਨਜਿੰਦਰ ਸਿੰਘ ਲਾਲਪੁਰਾ ਨੇ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਮੌਕੇ ਜ਼ਿਲ੍ਹੇ ਦੀ ਨਸ਼ਾ ਮੁਕਤੀ ਮੋਰਚਾ ਦੀ ਸਮੁੱਚੀ ਟੀਮ ਤੋਂ ਇਲਾਵਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਉਚ ਅਧਿਕਾਰੀ ਵੀ ਮੌਜੂਦ ਰਹੇ।ਈ. ਟੀ. ਓ. ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਸਬੰਧੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਜਿਥੇ ਵੱਡੀ ਗਿਣਤੀ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਭੇਜਿਆ ਹੈ, ਉਥੇ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਹਨ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਨਸ਼ਾ ਮੁਕਤ ਜੀਵਨ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਨਸ਼ਾ ਮੁਕਤੀ ਮੋਰਚਾ ਦੀ ਟੀਮ ਅਤੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਨੂੰ ਆਪਸੀ ਤਾਲਮੇਲ ਅਤੇ ਸੰਜੀਦਗੀ ਨਾਲ ਕੰਮ ਕਰਨ ਦੀ ਤਾਕੀਦ ਕੀਤੀ।ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮਾਜ ਦੇ ਹਰੇਕ ਵਰਗ ਦਾ ਸਹਿਯੋਗ ਮਿਲੇ ਤਾਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਟੀਚਾ ਜਲਦ ਹਾਸਲ ਕੀਤਾ ਜਾ ਸਕਦਾ ਹੈ।ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਤੇ ਜ਼ੋਰ ਦਿੱਤਾ।ਉਨ੍ਹਾਂ ਨਸ਼ਾ ਮੁਕਤੀ ਮੋਰਚਾ ਦੇ ਕੋਆਰਡੀਨੇਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਖੇਤਰਾਂ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਨ ਅਤੇ ਨਸ਼ਾ ਮੁਕਤੀ ਦੇ ਸੰਦੇਸ਼ ਨੂੰ ਹਰ ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ।ਇਸ ਮੌਕੇ ਹੋਰਨਾਂ ਬੁਲਾਰਿਆਂ ਨੇ ਵੀ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈਆਂ ਜਾ ਰਹੀਆਂ ਕਾਰਵਾਈਆਂ ਅਤੇ ਜਾਗਰੂਕਤਾ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੰਜੀਵ ਕੁਮਾਰ ਸ਼ਰਮਾ, ਐੱਸ ਡੀ ਐੱਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐੱਸ. ਡੀ. ਐੱਮ ਖਡੂਰ ਸਾਹਿਬ ਸੰਜੀਵ ਸ਼ਰਮਾ, ਐੱਸ. ਡੀ. ਐੱਮ ਪੱਟੀ ਅਮਨਦੀਪ ਸਿੰਘ, ਐੱਸ. ਪੀ. (ਹੈੱਡਕੁਆਰਟਰ) ਸੁਖਨਿੰਦਰ ਸਿੰਘ, ਐਸ. ਪੀ (ਡੀ) ਡਾ. ਰਿਪੁਦਮਨ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਪਿਆਰ ਸਿੰਘ, ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਕੋਆਰਡੀਨੇਟਰ ਅਮਰਿੰਦਰ ਸਿੰਘ ਐਮੀ, ਵਾਈਸ ਜ਼ਿਲ੍ਹਾ ਕੋਆਰਡੀਨੇਟਰ ਕੁਲਦੀਪ ਸਿੰਘ ਢਿੱਲੋਂ, ਅਸੰਬਲੀ ਕੋਆਰਡੀਨੇਟਰ ਤਰਨ ਤਾਰਨ ਆਲਮ ਬੀਰ ਸਿੰਘ ਰੰਧਾਵਾ, ਅਸੰਬਲੀ ਕੋਆਰਡੀਨੇਟਰ ਖੇਮਕਰਨ ਜੋਗਿੰਦਰ ਸਿੰਘ ਸੰਧੂ, ਅਸੰਬਲੀ ਕੋਆਰਡੀਨੇਟਰ ਪੱਟੀ ਪਰਮਜੀਤ ਸਿੰਘ ਚੰਬਲ ਅਤੇ ਅਸੰਬਲੀ ਕੋਆਰਡੀਨੇਟਰ ਖਡੂਰ ਸਾਹਿਬ ਜਸਕਰਨ ਸਿੰਘ ਲਾਡੀ ਆੜ੍ਹਤੀਆ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਨਸ਼ਾ ਮੁਕਤੀ ਮੋਰਚਾ ਦੇ ਵਾਈਸ ਕੋਆਰਡੀਨੇਟਰ, ਬਲਾਕ ਕੋਆਰਡੀਨੇਟਰ ਅਤੇ ਹੋਰ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।




# ਚੇਅਰਮੈਨ ਰਜੀਵ ਟੰਡਨ 'ਤੇ ਕੀਤੇ ਹਮਲੇ ਦੀ ਪੁਰਜ਼ੋਰ ਨਿੰਦਾ

**ਬਟਾਲਾ (ਤਰਲੋਕ ਬੱਗਾ)**- ਸ਼ਿਵ ਸੈਨਾ ਸਮਾਜਵਾਦੀ ਦੀ ਇੱਕ ਅਹਿਮ ਮੀਟਿੰਗ ਜਲੰਧਰ ਰੋਡ ਵਿਖੇ ਸੱਦੀ ਗਈ ਜਿਸ ਦੀ ਪ੍ਰਧਾਨਗੀ ਸਿਟੀ ਪ੍ਰਧਾਨ ਗੁਰਪ੍ਰੀਤ ਸਿੰਘ ਲਵਲੀ ਨੇ ਕੀਤੀ। ਉਨ੍ਹਾਂ ਨਾਲ ਰਾਸ਼ਟਰੀ ਪ੍ਰਭਾਰੀ ਰਜੀਵ ਮਹਾਜਨ, ਤਹਿਸੀਲ ਪ੍ਰਧਾਨ ਸੰਦੀਪ ਕੁਮਾਰ, ਜ਼ਿਲ੍ਹਾ ਉਪ ਪ੍ਰਧਾਨ ਰਾਹੁਲ ਕੁਮਾਰ, ਪ੍ਰਦੀਪ ਸ਼ਰਮਾ ਆਦਿ ਸ਼ਿਵ ਸੈਨਿਕ ਸ਼ਾਮਿਲ ਹੋਏ। ਸ਼ਿਵ ਸੈਨਿਕਾਂ ਵੱਲੋਂ ਲੁਧਿਆਣਾ ਵਿੱਚ ਸ਼ਿਵ ਸੈਨਾ ਪੰਜਾਬ ਦੇ ਚੇਅਰਮੈਨ ਰਜੀਵ ਟੰਡਨ 'ਤੇ ਕੀਤੇ ਗਏ ਹਮਲੇ ਦੀ ਪੁਰਜ਼ੋਰ ਨਿੰਦਿਆ ਕਰਦਿਆਂ ਸ਼ਿਵ ਸੈਨਿਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਹਮਲੇ ਇਕ ਸੋਚੀ ਸਮਝੀ ਸਾਜਿਸ਼ ਤਹਿਤ ਕੀਤੇ ਜਾਂਦੇ ਹਨ ਤਾਂ ਜੋ ਪੰਜਾਬ ਦੇ ਮਾਹੌਲ ਨੂੰ ਖਰਾਬ ਕੀਤਾ ਜਾ ਸਕੇ। ਇਸ ਹਮਲੇ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਥੋੜੀ ਹੈ। ਪੰਜਾਬ ਸਰਕਾਰ ਅਤੇ ਡੀ. ਜੀ.ਪੰਜਾਬ ਗੌਰਵ ਯਾਦਵ ਨੂੰ ਬੇਨਤੀ ਹੈ ਕਿ ਇਨਾਂ ਹਮਲਾਵਰਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਇਨ੍ਹਾਂ ਖਿਲਾਫ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕਰਕੇ ਜੇਲ ਭੇਜਿਆ ਜਾਵੇ ਤਾਂ ਜੋ ਕੋਈ ਹੋਰ ਇਸ ਤਰ੍ਹਾਂ ਦੁਬਾਰਾ ਇਹ ਹਰਕਤ ਕਰਨ ਦੀ ਹਿੰਮਤ ਨੇ ਕਰ ਸਕੇ।

ਕੁਝ ਲੋਕ ਪੰਜਾਬ ਦੀ ਹਿੰਦੂ-ਸਿੱਖ ਭਾਈਚਾਰਕ ਸਾਂਝ ਨੂੰ ਖਰਾਬ ਕਰਨਾ ਚਾਹੁੰਦੇ ਹਨ ਪਰ ਇਸ ਤਰ੍ਹਾਂ ਹੋਣਾ ਨਹੀਂ।



# ਈ ਟੀ ਓ ਨੇ ਦਸਮੇਸ਼ ਨਗਰ ਵਿਖੇ 66 ਕੇ ਵੀ ਬਿਜਲੀ ਘਰ ਦਾ ਨੀਂਹ ਪੱਥਰ ਰੱਖਿਆ

**ਬਿਆਸ (ਪਰਮਜੀਤ ਸਿੰਘ ਰੱਖੜਾ)** ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਦਸਮੇਸ਼ ਨਗਰ ਵਿਖੇ ਨਵੇਂ 66 ਕੇ ਵੀ ਸਬ-ਸਟੇਸ਼ਨ (ਬਿਜਲੀ ਘਰ) ਦਾ ਨੀਂਹ ਪੱਥਰ ਰੱਖਿਆ ਗਿਆ। ਪੰਜਾਬ ਸਰਕਾਰ ਵੱਲੋਂ ਇਸ ਬਿਜਲੀ ਘਰ ਨੂੰ ਬਣਾਉਣ ਲਈ 7 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਬਿਜਲੀ ਘਰ ਦਾ ਨੀਂਹ ਪੱਥਰ ਰੱਖਣ ਮੌਕੇ ਹਾਜ਼ਰ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਪਿੰਡ ਦਸਮੇਸ਼ ਨਗਰ ਅਤੇ ਆਸ-ਪਾਸ ਦੇ ਪਿੰਡਾਂ ਦੇ ਵਸਨੀਕ ਲੰਮੇ ਸਮੇਂ ਤੋਂ ਇਸ ਖੇਤਰ ਵਿੱਚ ਸਬ-ਸਟੇਸ਼ਨ ਦੀ ਮੰਗ ਕਰ ਰਹੇ ਸਨ, ਜਿਸ ਨੂੰ ਅੱਜ ਪੰਜਾਬ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ। ਇਨ੍ਹਾਂ ਪਿੰਡਾਂ ਦਾ ਮੌਜੂਦਾ ਸਬ-ਸਟੇਸ਼ਨ ਦੂਰ ਹੋਣ ਕਾਰਨ ਖੇਤਰ ਦੇ ਲੋਕਾਂ ਨੂੰ ਬਿਜਲੀ ਸਪਲਾਈ ਸੰਬੰਧੀ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਇਸ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਇਸ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਸਬ-ਸਟੇਸ਼ਨ ਦੇ ਚਾਲੂ ਹੋਣ ਨਾਲ ਪਿੰਡ ਦਸਮੇਸ਼ ਨਗਰ ਤੋਂ ਇਲਾਵਾ ਅਕਾਲਗੜ੍ਹ ਢੱਪਈਆਂ, ਰਸੂਲਪੁਰ, ਮਾਲੋਵਾਲ, ਬੰਮਾ ਅਤੇ ਖਲਹਿਰਾ ਸਮੇਤ ਕਈ ਪਿੰਡਾਂ ਦੇ ਖਪਤਕਾਰਾਂ ਨੂੰ ਵਧੇਰੇ ਭਰੋਸੇਯੋਗ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਾਪਤ ਹੋਵੇਗੀ। ਮੌਜੂਦਾ ਸਮੇਂ 66 ਕੇ ਵੀ ਸਬ-ਸਟੇਸ਼ਨ ਤਰਸਿੱਕਾ ਅਤੇ ਨਵਾਂ ਪਿੰਡ ਤੋਂ ਚੱਲ ਰਹੇ ਕਈ ਫੀਡਰਾਂ ਨੂੰ ਨਵੇਂ ਸਬ-ਸਟੇਸ਼ਨ ਨਾਲ ਜੋੜਿਆ ਜਾਵੇਗਾ, ਜਿਸ ਨਾਲ 11 ਕੇ ਵੀ ਲਾਈਨਾਂ ਦੀ ਲੰਬਾਈ ਘਟੇਗੀ ਅਤੇ ਵੋਲਟੇਜ ਸੰਬੰਧੀ ਸਮੱਸਿਆਵਾਂ ਵਿੱਚ ਵੀ ਕਮੀ ਆਵੇਗੀ।

# ਸਰਕਾਰਾਂ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਕੋਝੇ ਯਤਨ ਕਰ ਰਹੀਆਂ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲਨਗਰ ਨਾਂਦੇੜ ਦੇ ਪ੍ਰਬੰਧ ਸਬੰਧੀ 1956 ਦੇ ਕਾਨੂੰਨ ਨੂੰ ਰੱਦ ਕਰਕੇ ਨਵਾਂ ਕਾਨੂੰਨ ਬਣਾਏ ਜਾਣ ਸਬੰਧੀ ਫੈਸਲੇ 'ਤੇ ਗਹਿਰੀ ਚਿੰਤਾ ਪ੍ਰਗਟਾਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਸਿੱਖ ਕੌਮ ਦੇ ਪੰਜ ਤਖ਼ਤਾਂ ਵਿੱਚੋਂ ਇਕ ਮਹਾਨ ਪਾਵਨ ਅਸਥਾਨ ਹੈ, ਜਿਸ ਦੀ ਮਰਯਾਦਾ, ਪ੍ਰਬੰਧ ਅਤੇ ਧਾਰਮਿਕ ਖ਼ੁਦਮੁਖਤਾਰੀ ਨਾਲ ਜੁੜੇ ਕਿਸੇ ਵੀ ਫੈਸਲੇ ਤੋਂ ਪਹਿਲਾਂ ਸਿੱਖ ਸੰਸਥਾਵਾਂ, ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ, ਸਿੱਖਾਂ ਦੀ ਨੁਮਾਇੰਦਗੀ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਲਾਹ-ਮਸ਼ਵਰਾ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਅਜਿਹੇ ਕੋਝੇ ਯਤਨ ਕਰਨ ਰਹੀਆਂ ਹਨ, ਜਿਸ ਨੂੰ ਸਿੱਖ ਸੰਗਤਾਂ ਕਦੇ ਪ੍ਰਵਾਨ ਨਹੀਂ ਕਰਨਗੀਆਂ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਮਿਲੀ ਜਾਣਕਾਰੀ ਅਨੁਸਾਰ ਮਹਾਰਾਸ਼ਟਰ ਸਰਕਾਰ ਦੇ ਮੰਤਰੀ ਮੰਡਲ ਵੱਲੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਸਬੰਧੀ ਕਾਨੂੰਨ ਪੁਰਾਣਾ ਹੋਣ ਦਾ ਹਵਾਲਾ ਦੇ ਕੇ ਮਨਮਰਜ਼ੀ ਦੀ ਸੋਧ ਕਰਨ ਦਾ ਯਤਨ ਹੋ ਰਿਹਾ ਹੈ, ਜੋ ਗੁਰਦੁਆਰਾ ਪ੍ਰਬੰਧ ਵਿਚ ਸਰਕਾਰ ਦੀ ਸਿੱਧੀ ਦਖਲਅੰਦਾਜ਼ੀ ਹੈ। ਉਨ੍ਹਾਂ ਕਿਹਾ ਕਿ 2024 ਵਿਚ ਵੀ ਮਹਾਰਾਸ਼ਟਰ ਸਰਕਾਰ ਵੱਲੋਂ ਗੁਰਦੁਆਰਾ ਬੋਰਡ ਵਿਚ ਸਰਕਾਰੀ ਨਾਮਜ਼ਦ ਮੈਂਬਰਾਂ ਦੀ ਗਿਣਤੀ ਵਧਾਉਣ ਅਤੇ ਸਿੱਖ ਸੰਸਥਾਵਾਂ ਦੇ ਮੈਂਬਰਾਂ ਨੂੰ ਘਟਾਉਣ ਦਾ ਫੈਸਲਾ ਕਰਨ ਦਾ ਯਤਨ ਕੀਤਾ ਗਿਆ ਸੀ, ਜਿਸ 'ਤੇ ਸਿੱਖ ਸੰਗਤਾਂ ਵੱਲੋਂ ਵੱਡਾ ਵਿਰੋਧ ਕਰਨ ਮਗਰੋਂ ਸਰਕਾਰ ਪਿੱਛੇ ਹਟੀ ਸੀ। ਐਡਵੋਕੇਟ ਧਾਮੀ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਸਿੱਖ ਗੁਰਧਾਮਾਂ ਦੇ ਪ੍ਰਬੰਧਾਂ ਵਿੱਚ ਸਰਕਾਰੀ ਪ੍ਰਭਾਵ ਵਧਾਉਣ ਵਾਲੀਆਂ ਕਾਰਵਾਈਆਂ ਨੂੰ ਤੁਰੰਤ ਬੰਦ ਕਰਨ ਅਤੇ ਸ੍ਰੀ ਹਜ਼ੂਰ ਸਾਹਿਬ ਗੁਰਦੁਆਰਾ ਬੋਰਡ ਨਾਲ ਸਬੰਧਤ ਐਕਟ 1956 ਨੂੰ ਤੋੜਨ ਦੀ ਕਾਰਵਾਈ ਨੂੰ ਤੁਰੰਤ ਰੋਕਣ।

# ਮਨਰੇਗਾ ਵਰਕਰਜ਼ ਯੂਨੀਅਨ ਦੀ ਜਨਰਲ ਬਾਡੀ ਮੀਟਿੰਗ 30 ਨੂੰ : ਪੰਡੋਰੀ, ਕੈਰੋਵਾਲ, ਰਟੌਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)** ਮਨਰੇਗਾ ਵਰਕਰਜ਼ ਯੂਨੀਅਨ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਜ਼ਿਲ੍ਹਾ ਪ੍ਰਧਾਨ ਜਸਬੀਰ ਕੌਰ ਕੈਰੋਵਾਲ, ਜ਼ਿਲਾ ਸਕੱਤਰ ਨਰਿੰਦਰ ਸਿੰਘ ਰਟੌਲ, ਗੁਲਜ਼ਾਰ ਸਿੰਘ ਪੰਡੋਰੀ ਅਤੇ ਕੁਲਦੀਪ ਸਿੰਘ ਰਟੌਲ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਗਨਰੇਗਾ ਐਕਟ ਖਤਮ ਕਰਕੇ ਨਵਾਂ ਕਾਨੂੰਨ ਵੀ. ਬੀ. ਜੀ. ਰਾਮ ਜੀ (ਵਿਕਸਿਤ ਭਾਰਤ ਗਾਰੰਟੀ ਫਾਰ ਰੋਜ਼ਗਾਰ ਅਤੇ ਅਜੀਵਿਕਾ ਮਿਸ਼ਨ, ਗ੍ਰਾਮੀਣ) ਕਾਨੂੰਨ ਬਣਾ ਦਿੱਤਾ ਹੈ। ਇਹ ਕਾਨੂੰਨ ਮੋਦੀ ਸਰਕਾਰ ਨੇ ਵਿਰੋਧੀ ਧਿਰ ਦੇ ਭਾਰੀ ਵਿਰੋਧ ਦੇ ਬਾਵਜੂਦ ਧੱਕੇ ਨਾਲ ਪਾਸ ਕਰਵਾ ਲਿਆ ਅਤੇ ਰਾਸ਼ਟਰਤਪਤੀ ਤੋਂ ਬਿਨਾਂ ਦੇਰੀ ਦਸਤਖਤ ਕਰਵਾ ਲਏ ਹਨ।ਨਵੇਂ ਕਾਨੂੰਨ ਨੂੰ ਲੈ ਕੇ ਦੇਸ਼ ਦੇ ਆਰਥਿਕ ਮਾਹਰਾਂ, ਅਰਥ ਸ਼ਾਸਤਰੀਆਂ, ਬੁੱਧੀਜੀਵੀਆਂ, ਸਮਾਜਿਕ ਸੰਗਠਨਾਂ ਵੱਲੋਂ ਜਿਥੇ ਸ਼ੰਕੇ ਖੜ੍ਹੇ ਕੀਤੇ ਜਾ ਰਹੇ ਹਨ, ਉਥੇ ਹੀ ਸਰਕਾਰ ਦੇ ਇਸ ਫੈਸਲੇ ਨੂੰ ਮਗਨਰੇਗਾ ਖਤਮ ਕਰਨ ਵੱਲ ਚੁੱਕਿਆ ਅਹਿਮ ਕਦਮ ਹੈ।ਉਥੇ ਹੀ ਦਿਹਾਤੀ ਖ਼ੇਤਰ ਦੇ ਮਜ਼ਦੂਰ ਸੰਗਠਨ ਅਤੇ ਮਨਰੇਗਾ ਜਥੇਬੰਦੀਆਂ ਸਮੇਤ ਦੇਸ਼ ਦੀ ਮੁੱਖ ਵਿਰੋਧੀ ਪਾਰਟੀਆਂ ਵਿਰੋਧ ਪ੍ਰਦਰਸ਼ਨ ਕਰ ਰਹੀਆਂ ਹਨ।ਭਾਜਪਾ ਨੇ ਆਪਣੇ ਫੈਸਲੇ ਨੂੰ ਜਾਇਜ਼ ਦਰਸਾਉਣ ਲਈ ਸਰਕਾਰੀ ਮਸ਼ੀਨਰੀ ਤੋਂ ਇਲਾਵਾ ਆਪਣੇ ਸਮਰਥਕਾਂ ਨੂੰ ਸੋਸ਼ਲ, ਪ੍ਰਿੰਟ ਅਤੇ ਬਿਜਲਈ ਮੀਡੀਆ ਸਮੇਤ ਪਿੰਡ, ਗਲੀ, ਮੁਹੱਲਾ ਆਦਿ ਪੱਧਰ ਤੱਕ ਪ੍ਰਚਾਰ/ਪ੍ਰਸਾਰ ਲਈ ਉਤਾਰ ਦਿੱਤਾ ਹੈ।

ਸਰਕਾਰ ਦੇ ਪ੍ਰਚਾਰ ਕਾਰਨ ਆਮ ਲੋਕਾਂ ਅਤੇ ਮਨਰੇਗਾ ਵਰਕਰਾਂ ਵਿੱਚ ਭਰਮ ਪੈਦਾ ਕਰ ਦਿਤਾ ਹੈ। ਇਨ੍ਹਾਂ ਆਗੂਆਂ ਨੇ ਕਿਹਾ ਕਿ ਮਨਰੇਗਾ ਬਜਟ ਮਨਰੇਗਾ ਅਧੀਨ ਕੰਮ ਕੀਤੀ ਮੰਗ ਅਨੁਸਾਰ ਫਿਕਸ ਕੀਤਾ ਜਾਂਦਾ ਸੀ, ਵੱਧ ਕੰਮ ਦੀ ਮੰਗ ਤੇ ਮਨਰੇਗਾ ਬਜਟ ਵਿੱਚ ਵਾਧਾ ਕੀਤਾ ਜਾਂਦਾ ਸੀ ਪਰ ਕਾਨੂੰਨ ਅਨੁਸਾਰ ਇਹ ਕੇਂਦਰ ਸਰਕਾਰ ਤੈਅ ਕਰੇਗੀ ਕਿ ਕਿੰਨੀ ਰਕਮ ਖਰਚਣੀ ਹੈ। ਉਸੇ ਮੁਤਾਬਕ ਕੰਮ ਦਿੱਤਾ ਜਾਵੇਗਾ! ਭਾਵ ਕੰਮ ਦਾ ਅਧਿਕਾਰ ਹੀ ਖਤਮ ਕਰ ਦਿੱਤਾ ਗਿਆ ਹੈ।ਆਗੂਆਂ ਨੇ ਕਿਹਾ ਕਿ ਮਨਰੇਗਾ ਤਹਿਤ ਕੰਮ ਨਾ ਮਿਲਣ 'ਤੇ ਗੰਭੀਰ ਵਿਚਾਰਾਂ ਕਰਨ ਲਈ 30 ਜੂਨ ਨੂੰ ਮਨਰੇਗਾ ਵਰਕਰਜ਼ ਯੂਨੀਅਨ ਦੀ ਜਨਰਲ ਬਾਡੀ ਮੀਟਿੰਗ ਤਰਨ ਤਾਰਨ ਦਫਤਰ ਕੀਤੀ ਜਾਵੇਗੀ।



# ਜੂਨੀਅਰ ਇੰਜੀਨੀਅਰਾਂ ਦੇ ਮਸਲੇ ਅਣਡਿੱਠ ਕਰਨ ਖ਼ਿਲਾਫ਼ ਤਿੱਖੇ ਸੰਘਰਸ਼ ਦਾ ਐਲਾਨ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਕੌਂਸਲ ਆਫ ਜੂਨੀਅਰ ਇੰਜੀਨੀਅਰਜ਼ ਪੀਐਸਈਬੀ (ਰਜਿ.) ਸਰਕਲ ਗੁਰਦਾਸਪੁਰ ਦੀ ਮੀਟਿੰਗ ਦੌਰਾਨ ਪਾਵਰਕਾਮ ਮੈਨੇਜਮੈਂਟ ਵੱਲੋਂ ਜੂਨੀਅਰ ਇੰਜੀਨੀਅਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਹੱਲ ਨਾ ਕਰਨ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ।ਸਰਕਲ ਪ੍ਰਧਾਨ ਇੰਜੀ. ਜਤਿੰਦਰ ਕੁਮਾਰ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਕਿਹਾ ਗਿਆ ਕਿ ਜੂਨੀਅਰ ਇੰਜੀਨੀਅਰ ਕੈਡਰ ਨਾਲ ਸਬੰਧਿਤ ਕਈ ਅਹਿਮ ਮਸਲੇ ਲੰਬੇ ਸਮੇਂ ਤੋਂ ਬਕਾਇਆ ਹਨ, ਪਰ ਮੈਨੇਜਮੈਂਟ ਵੱਲੋਂ ਇਨ੍ਹਾਂ ਦੇ ਹੱਲ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ ਜਾ ਰਿਹਾ।ਇਸ ਕਾਰਨ ਜੂਨੀਅਰ ਇੰਜੀਨੀਅਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮੀਟਿੰਗ ਵਿੱਚ ਪਾਵਰਕਾਮ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਗਿਆ ਕਿ ਜੇਕਰ ਜੂਨੀਅਰ ਇੰਜੀਨੀਅਰਾਂ ਦੀਆਂ ਜਾਇਜ਼ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਗਿਆ ਤਾਂ ਕੌਂਸਲ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਸਬੰਧੀ ਸਰਕਲ ਅਤੇ ਡਵੀਜ਼ਨ ਪੱਧਰ 'ਤੇ ਮੀਟਿੰਗਾਂ ਕਰਕੇ ਕਰਮਚਾਰੀਆਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।ਕੌਂਸਲ ਆਗੂਆਂ ਨੇ ਦੱਸਿਆ ਕਿ 14 ਜੁਲਾਈ ਨੂੰ ਅੰਮ੍ਰਿਤਸਰ ਵਿਖੇ ਅਤੇ 21 ਜੁਲਾਈ ਨੂੰ ਖੰਨਾ ਵਿਖੇ ਵੱਡੀਆਂ ਰੈਲੀਆਂ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਜੂਨੀਅਰ ਇੰਜੀਨੀਅਰ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਮੰਗਾਂ ਦਾ ਹੱਲ ਨਾ ਹੋਇਆ ਤਾਂ ਆਉਣ ਵਾਲੇ ਸਮੇਂ ਵਿੱਚ ਹੋਰ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।ਇਸ ਮੌਕੇ ਕੌਂਸਲ ਦੇ ਵੱਖ-ਵੱਖ ਅਹੁਦੇਦਾਰ ਅਤੇ ਮੈਂਬਰ ਵੀ ਹਾਜ਼ਰ ਸਨ, ਜਿਨ੍ਹਾਂ ਨੇ ਇੱਕਜੁਟ ਹੋ ਕੇ ਸੰਘਰਸ਼ ਨੂੰ ਕਾਮਯਾਬ ਬਣਾਉਣ ਦਾ ਅਹਿਦ ਲਿਆ।




# ਕਿਸਾਨਾਂ ਨੇ ਗੰਦੀ ਨਾਲੇ ਦੀ ਸਫ਼ਾਈ, ਡੂੰਘਾਈ ਤੇ ਇਸ ਦੇ ਕੰਢੇ ਧੁੱਸੀ ਬੰਨ੍ਹਣ ਦੀ ਕੀਤੀ ਮੰਗ

**ਗੁਰਦਾਸਪੁਰ, (ਜਨਕ ਮਹਾਜਨ)**- ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਪੈਂਦੇ ਗੱਦੀ ਨਾਲੇ ਦੀ ਸਫ਼ਾਈ ਤੇ ਡੂੰਘਾਈ ਦੇ ਨਾਲ ਨਾਲ ਇਸ ਨਾਲੇ ਕੰਢੇ ਧੁੱਸੀ ਬਣਾਉਣ ਦੀ ਮੰਗ ਨੇ ਜ਼ੋਰ ਫੜ ਲਿਆ ਹੈ। ਇਸ ਪਾਸੇ ਪੰਜਾਬ ਸਰਕਾਰ ਤੇ ਡਰੇਨੇਜ ਵਿਭਾਗ ਗੁਰਦਾਸਪੁਰ ਦਾ ਕੋਈ ਵੀ ਧਿਆਨ ਨਾ ਹੋਣ ਕਰਕੇ ਲੋਕਾਂ ਦਾ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਨੀਅਰ ਅਕਾਲੀ ਆਗੂ ਪਰਮਵੀਰ ਸਿੰਘ ਲਾਡੀ, ਤਰਸੇਮ ਸਿੰਘ ਚੰਦਰਭਾਨ, ਭਗਵਾਨ ਸਿੰਘ ਸਾਬਕਾ ਸਰਪੰਚ ਤੇ ਹੋਰ ਕਿਸਾਨਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਗੱਦੀ ਨਾਲਾ ਪਿੰਡ ਘਰੋਟੇ ਵਾਲੇ ਪਾਸੇ ਤੋਂ ਚੱਲ ਕੇ ਗੁਰਦਾਸਪੁਰ-ਮੁਕੇਰੀਆਂ ਸੜਕ ਪਾਰ ਕਰਕੇ ਪਿੰਡ ਮੀਲਮਾਂ ਨੇੜੇ ਦਰਿਆ ਬਿਆਸ ਵਿਚ ਮਰਜ ਹੋ ਜਾਂਦਾ ਹੈ ਅਤੇ ਇਸ ਕੰਢੇ ਹਜ਼ਾਰਾਂ ਏਕੜ ਕਿਸਾਨਾਂ ਦੀ ਜ਼ਮੀਨ ਲੱਗਦੀ ਹੈ। ਜਦੋਂ ਬਰਸਾਤਾਂ ਆਉਂਦੀਆਂ ਹਨ ਤਾਂ ਨਾਲੇ ਦਾ ਖੁੱਲ੍ਹਾ ਪਾਣੀ ਫਸਲਾਂ ਨੂੰ ਖ਼ਰਾਬ ਕਰ ਦਿੰਦਾ ਹੈ ਜਿਸ ਨਾਲ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਦੀ ਸਫ਼ਾਈ, ਡੂੰਘਾਈ ਤੇ ਧੁੱਸੀ ਬੰਨਣ ਬਾਰੇ ਪੰਜਾਬ ਸਰਕਾਰ ਤੇ ਸੰਬੰਧਿਤ ਵਿਭਾਗ ਨੂੰ ਅਨੇਕਾਂ ਵਾਰ ਬੇਨਤੀਆਂ ਕੀਤੀਆਂ ਹਨ ਪਰ ਉਹ ਵੀ ਇਸ ਪਾਸੇ ਕੋਈ ਵੀ ਧਿਆਨ ਨਹੀਂ ਦੇ ਰਹੇ ਜਿਸ ਕਰਕੇ ਕਿਸਾਨ ਕਾਫ਼ੀ ਚਿੰਤਤ ਨਜ਼ਰ ਆ ਰਹੇ ਹਨ। ਉਨ੍ਹਾਂ ਦੱਸਿਆ ਕਿ 2024 ਵਿਚ ਆਏ ਹੜ੍ਹਾਂ ਦੌਰਾਨ ਦਰਿਆ ਬਿਆਸ ਤੇ ਗੱਦੀ ਨਾਲੇ ਦਾ ਪਾਣੀ ਓਵਰਫਲੋ ਹੋ ਕੇ ਲੋਕਾਂ ਦੇ ਖੇਤਾਂ ਵਿਚ ਜਾ ਕੇ ਇਸ ਨੇ ਵੱਡੀ ਤਬਾਹੀ ਜਿਥੇ ਮਚਾਈ ਉਥੇ ਲੋਕਾਂ ਦੇ ਘਰਾਂ ਨੂੰ ਵੀ ਢਹਿ ਢੇਰੀ ਕਰ ਦਿੱਤਾ ਸੀ। ਇਸ ਨਾਲ ਲੋਕਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਸੀ। ਵਰਖਾ ਦਾ ਮੌਸਮ ਸ਼ੁਰੂ ਹੋਣ ਵਾਲਾ ਹੈ ਪਰ ਅਜੇ ਵੀ ਡਰੇਨੇਜ ਵਿਭਾਗ ਵਲੋਂ ਇਸ ਗੱਦੇ ਨਾਲੇ ਤੋਂ ਇਲਾਵਾ ਹੋਰਨਾਂ ਨਾਲਿਆਂ ਦੀ ਸਫ਼ਾਈ ਤੇ ਡੂੰਘਾਈ ਵੱਲ ਕੋਈ ਖ਼ਾਸ ਖਿਆਲ ਨਹੀਂ ਦਿੱਤਾ ਜਾ ਰਿਹਾ। ਡਰੇਨੇਜ ਵਿਭਾਗ ਦੀ ਲਪ੍ਰਵਾਹੀ ਕਰਕੇ ਹੀ ਸਠਿਆਲੀ ਪੁਲ ਨਜ਼ਦੀਕ ਨਹਿਰ ਟੁੱਟਣ ਕਰਕੇ ਬਹੁਤ ਵੱਡਾ ਹਾਦਸਾ ਹੋਣ ਤੋਂ ਬਚਾਅ ਹੋ ਗਿਆ। ਹੜ੍ਹਾਂ ਤੋਂ ਬਚਣ ਲਈ ਸਰਕਾਰ ਵੱਲੋਂ ਕੋਈ ਖ਼ਾਸ ਪ੍ਰਬੰਧ ਨਹੀਂ ਕੀਤੇ ਗਏ ਅਤੇ ਯੂਬੀਡੀਸੀ ਨਹਿਰ ਗਾਜੀਕੋਟ ਨਜ਼ਦੀਕ ਵੀ ਹਾਲਤ ਖਸਤਾ ਬਣੀ ਪਈ ਹੈ ਅਤੇ ਇਹ ਨਹਿਰ ਵੀ ਕਿਸੇ ਸਮੇਂ ਵੀ ਟੁਟਣ ਨਾਲ ਲੋਕਾਂ ਦਾ ਨੁਕਸਾਨ ਕਰ ਸਕਦੀ ਹੈ। ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਪਾਸੋਂ ਮੰਗ ਕੀਤੀ ਕਿ ਉਪਰੋਕਤ ਮੰਗਾਂ ਨੂੰ ਧਿਆਨ ਵਿਚ ਰੱਖਦੇ ਹੋਏ ਗੱਦੀ ਨਾਲੇ ਦੀ ਸਫ਼ਾਈ, ਡੂੰਘਾਈ ਅਤੇ ਨਹਿਰ ਦੇ ਕੰਢੇ ਮਜ਼ਬੂਤ ਕੀਤੇ ਜਾਣ ਤਾਂ ਜੋ ਬਰਸਾਤਾਂ ਦੇ ਸਮੇਂ ਕਿਸਾਨ ਅਤੇ ਆਮ ਲੋਕਾਂ ਦਾ ਕੋਈ ਨੁਕਸਾਨ ਨਾ ਹੋ ਸਕੇ।



# ਸੰਜੀਵ ਭੰਡਾਰੀ ਨੇ ਬਤੌਰ ਪ੍ਰਧਾਨ ਨਗਰ ਪੰਚਾਇਤ ਰਈਆ ਵਜੋਂ ਸਹੁੰ ਚੁੱਕੀ

## ਸਰਬਜੀਤ ਕੌਰ ਸੀਨੀਅਰ ਮੀਤ ਪ੍ਰਧਾਨ ਅਤੇ ਸਰਬਜੀਤ ਸਿੰਘ ਬਣੇ ਮੀਤ ਪ੍ਰਧਾਨ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**- ਨਗਰ ਪੰਚਾਇਤ ਰਈਆ ਦੇ ਨਵ-ਨਿਯੁਕਤ 13 ਕੌਂਸਲਰਾਂ ਦਾ ਸਹੁੰ ਚੁੱਕ ਸਮਾਗਮ ਐੱਸ. ਡੀ. ਐੱਮ. ਦਫਤਰ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ ਅਤੇ ਨਵ-ਨਿਯੁਕਤ 13 ਮੈਂਬਰਾਂ ਨੇ ਭੇਦ ਗੁਪਤ ਰੱਖਣ ਦੀ ਸਹੁੰ ਚੁੱਕੀ। ਵਿਧਾਇਕ ਦਲਬੀਰ ਸਿੰਘ ਟੌਂਗ, ਐੱਸ. ਡੀ. ਐੱਮ. ਜਸ਼ਨਜੀਤ ਸਿੰਘ ਅਤੇ ਆਬਜ਼ਰਵਰ ਰਵਿੰਦਰ ਸਿੰਘ (ਚੇਅਰਮੈਨ ਤਰਨ ਤਾਰਨ) ਦੀ ਦੇਖ-ਰੇਖ ਹੇਠ ਵਾਰਡ ਨੰਬਰ 4 ਤੋਂ ਕੌਂਸਲਰ ਸੰਜੀਵ ਭੰਡਾਰੀ ਨੂੰ ਨਗਰ ਪੰਚਾਇਤ ਰਈਆ ਦਾ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ, ਜਦਕਿ ਵਾਰਡ ਨੰਬਰ 13 ਤੋਂ ਸਰਬਜੀਤ ਕੌਰ ਸੀ: ਮੀਤ ਪ੍ਰਧਾਨ ਅਤੇ ਵਾਰਡ ਨੰਬਰ 6 ਤੋਂ ਸਰਬਜੀਤ ਸਿੰਘ ਨੂੰ ਮੀਤ ਪ੍ਰਧਾਨ ਚੁਣ ਲਿਆ ਗਿਆ । ਸਮੁੱਚੀ ਨਵੀਂ ਟੀਮ ਨੂੰ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਫੁੱਲਾਂ ਦੇ ਹਾਰਾਂ ਨਾਲ ਸਨਮਾਨਿਤ ਕੀਤਾ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ।ਇਸ ਮੌਕੇ ਭਾਵੁਕ ਹੋਏ ਪ੍ਰਧਾਨ ਸੰਜੀਵ ਭੰਡਾਰੀ ਨੇ ਸਭ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਰਈਆ ਨਿਵਾਸੀਆਂ ਦੀਆਂ ਆਸਾਂ ਤੇ ਖਰੇ ਉਤਰਣ ਦਾ ਯਤਨ ਕਰਨਗੇ।ਇਸ ਮੌਕੇ ਵਾਰਡ ਨੰਬਰ 1 ਤੋਂ ਜਸਬੀਰ ਕੌਰ, 2 ਤੋਂ ਸਰਬਜੀਤ ਸਿੰਘ ਮਾਨ, 3 ਤੋਂ ਅਮਰਵੀਰ ਸਿੰਘ ਆਜ਼ਾਦ, 4 ਤੋਂ ਸੰਜੀਵ ਭੰਡਾਰੀ, 5 ਤੋਂ ਪ੍ਰਭਜੋਤ ਕੌਰ, 6 ਤੋਂ ਸਰਬਜੀਤ ਸਿੰਘ, 7 ਤੋਂ ਨੀਲਮ, 8 ਤੋਂ ਰਾਜਿੰਦਰ ਰਿਖੀ, 9 ਤੋਂ ਜੋਤੀ ਸ਼ਰਮਾ, 10 ਤੋਂ ਸੁਖਦੇਵ ਸਿੰਘ ਪੱਡਾ,11 ਤੋਂ ਰਿੰਪੀ ਭੰਡਾਰੀ, 12 ਤੋਂ ਵਿਸ਼ਾਲ ਮੰਨਣ,13 ਤੋਂ ਸਰਬਜੀਤ ਕੌਰ ਨੇ ਵੀ ਭੇਦ ਰੱਖਣ ਦੀ ਸਹੁੰ ਚੁੱਕੀ ।ਇਸ ਮੌਕੇ ਜ: ਬਲਦੇਵ ਸਿੰਘ ਬੋਦੇਵਾਲ, ਜ: ਕੁਲਦੀਪ ਸਿੰਘ ਮਥਰੇਵਾਲ, ਚੇਅਰਮੈਨ ਗੁਰਦੇਵ ਸਿੰਘ ਆੜ੍ਹਤੀ, ਸਰਪੰਚ ਗੁਰਚਰਨ ਸਿੰਘ ਰਾਣਾ ਕਾਲੇਕੇ, ਐਡਵੋਕੇਟ ਲੱਖਾ ਸਿੰਘ ਅਜ਼ਾਦ, ਚੇਅਰਮੈਨ ਯੋਗਰਾਜ ਸਿੰਘ ਜੋਗੀ ਟੌਂਗ, ਕਮਲੇਸ਼ ਰਾਣੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸਰਪੰਚ ਸੁਰਿੰਦਰ ਸਿੰਘ ਕੰਗ ਬੁਟਾਰੀ ਸਟੇਸ਼ਨ, ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਬਿਆਸ, ਗਗਨਦੀਪ ਸ਼ਰਮਾ, ਸਰਪੰਚ ਕਰਮਜੀਤ ਸਿੰਘ ਫੇਰੂਮਾਨ, ਸਰਪੰਚ ਤੇਜਿੰਦਰ ਸਿੰਘ ਕੰਗ ਬੁਤਾਲਾ, ਰਣਧੀਰ ਸਿੰਘ ਰਾਣੂੰ, ਸਰਪੰਚ ਫੁਲਵਿੰਦਰ ਸਿੰਘ ਖਿਲਚੀਆਂ, ਸਰਪੰਚ ਪ੍ਰਦੀਪ ਸਿੰਘ ਬੋਦੇਵਾਲ, ਸਰਪੰਚ ਮਨੋਹਰ ਸਿੰਘ ਖਿਲਚੀਆਂ, ਸਰਪੰਚ ਜੋਧਾ ਸਿੰਘ ਛਾਪਿਆਂਵਾਲੀ, ਪ੍ਰਧਾਨ ਹੀਰਾ ਸਿੰਘ ਭੱਠੇ ਵਾਲੇ, ਲੱਖਾ ਸਿੰਘ ਠੱਠੀਆਂ ਚੱਕੀ ਵਾਲੇ, ਸਰਪੰਚ ਗੁਰਜੀਤ ਸਿੰਘ ਫੱਤੂਵਾਲ ਅਤੇ ਹੋਰ ਵਰਕਰ ਮੌਜੂਦ ਸਨ ।








ਨਵਾਂ ਜ਼ਮਾਨਾ
ਵੀਰਵਾਰ, 25 ਜੂਨ 2026

## ਮੁੱਖ ਮੰਤਰੀ ਬਣਨ ਤੋਂ ਬਾਅਦ...

ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਅਤੇ ਉਨ੍ਹਾ ਦੇ ਪਰਵਾਰ ਦੇ ਜ਼ਮੀਨੀ ਸੌਦਿਆਂ ਦੀ ਸਰਕਰਦਾ ਅੰਗਰੇਜ਼ੀ ਅਖਬਾਰ 'ਇੰਡੀਅਨ ਐੱਕਸਪ੍ਰੈੱਸ' ਵੱਲੋਂ ਕੀਤੀ ਗਈ ਜਾਂਚ ਨੇ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ। ਅਖਬਾਰ ਮੁਤਾਬਕ ਦਸੰਬਰ 2023 ਵਿੱਚ ਮੁੱਖ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਬਾਅਦ ਮੋਹਨ ਯਾਦਵ ਦੇ ਪਰਵਾਰ, ਰਿਸ਼ਤੇਦਾਰਾਂ ਅਤੇ ਪਰਵਾਰ ਨਾਲ ਜੁੜੀਆਂ ਰੀਅਲ ਅਸਟੇਟ ਕੰਪਨੀਆਂ ਨੇ ਉਜੈਨ ਅਤੇ ਇਸ ਦੇ ਆਲੇ-ਦੁਆਲੇ ਘੱਟੋ-ਘੱਟ 137 ਪਲਾਟ ਖਰੀਦੇ ਹਨ, ਜਿਨ੍ਹਾਂ ਦਾ ਕੁੱਲ ਖੇਤਰਫਲ ਲਗਭਗ 168 ਏਕੜ ਹੈ ਅਤੇ ਇਸ ਦੀ ਐਲਾਨੀਆ ਕੀਮਤ ਲਗਭਗ 45 ਕਰੋੜ ਰੁਪਏ ਹੈ। ਇਸ ਜ਼ਮੀਨ ਦਾ ਇੱਕ ਵੱਡਾ ਹਿੱਸਾ ਉਨ੍ਹਾਂ ਖੇਤਰਾਂ ਵਿੱਚ ਸਥਿਤ ਹੈ, ਜਿੱਥੇ ਰਾਜ ਸਰਕਾਰ ਨੇ ਨਵੇਂ ਸੜਕੀ ਪ੍ਰੋਜੈਕਟਾਂ, ਹਾਈਵੇ ਦੇ ਵਿਸਥਾਰ ਅਤੇ ਜ਼ਮੀਨੀ ਵਰਤੋਂ (ਲੈਂਡ ਯੂਜ਼) ਵਿੱਚ ਤਬਦੀਲੀਆਂ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਹੈ। ਇਹ ਭਵਿੱਖ ਵਿੱਚ ਇਨ੍ਹਾਂ ਖੇਤਰਾਂ ਵਿੱਚ ਜ਼ਮੀਨ ਦੀਆਂ ਕੀਮਤਾਂ ਵਿੱਚ ਚੋਖੇ ਵਾਧੇ ਦਾ ਸੰਕੇਤ ਦਿੰਦਾ ਹੈ। ਜ਼ਮੀਨ ਖਰੀਦਣ ਵਾਲਿਆਂ ਵਿੱਚ ਮੁੱਖ ਮੰਤਰੀ ਦੀ ਪਤਨੀ ਸੀਮਾ ਯਾਦਵ, ਨੂੰਹ ਸ਼ਾਲਿਨੀ ਯਾਦਵ, ਭਰਾ ਨੰਦਲਾਲ ਅਤੇ ਨਾਰਾਇਣ ਯਾਦਵ, ਨਾਰਾਇਣ ਯਾਦਵ ਦੀ ਪਤਨੀ ਰੇਖਾ, ਉਨ੍ਹਾ ਦਾ ਪੁੱਤਰ ਅਭੈ ਯਾਦਵ ਅਤੇ ਚਚੇਰੇ ਭਰਾ ਗੋਵਿੰਦ ਤੇ ਨੀਲੇਸ਼ ਯਾਦਵ ਸ਼ਾਮਲ ਹਨ। ਇਨ੍ਹਾਂ ਵਿੱਚੋਂ ਬਹੁਤ ਸਾਰੀਆਂ ਖਰੀਦੀਆਂ ਸਿੱਧੇ ਤੌਰ 'ਤੇ ਕੀਤੀਆਂ ਗਈਆਂ, ਜਦੋਂ ਕਿ ਹੋਰ ਪਰਵਾਰ ਨਾਲ ਜੁੜੀਆਂ ਚਾਰ ਰੀਅਲ ਅਸਟੇਟ ਕੰਪਨੀਆਂ ਰਾਹੀਂ ਕੀਤੀਆਂ ਗਈਆਂ। ਮੁੱਖ ਮੰਤਰੀ ਬਣਨ ਤੋਂ ਪਹਿਲਾਂ ਹੀ ਯਾਦਵ ਪਰਵਾਰ ਕੋਲ ਉਜੈਨ ਵਿੱਚ ਘੱਟੋ-ਘੱਟ 108 ਪਲਾਟ ਅਤੇ ਲਗਭਗ 179 ਏਕੜ ਜ਼ਮੀਨ ਸੀ। ਇਸ ਵਿੱਚੋਂ ਲਗਭਗ 85 ਏਕੜ ਜ਼ਮੀਨ 2021 ਅਤੇ 2023 ਦੇ ਵਿਚਕਾਰ ਖਰੀਦੀ ਗਈ ਸੀ, ਜਦੋਂ ਮੋਹਨ ਯਾਦਵ ਰਾਜ ਦੇ ਉੱਚ ਸਿੱਖਿਆ ਮੰਤਰੀ ਸਨ। ਹਾਲਾਂਕਿ, ਮੁੱਖ ਮੰਤਰੀ ਬਣਨ ਤੋਂ ਬਾਅਦ ਜ਼ਮੀਨ ਪ੍ਰਾਪਤੀ ਦੀ ਗਤੀ ਵਿੱਚ ਕਾਫੀ ਤੇਜ਼ੀ ਆਈ। ਮੁੱਖ ਮੰਤਰੀ ਬਣਨ ਤੋਂ ਬਾਅਦ ਪਰਵਾਰ ਵੱਲੋਂ ਖਰੀਦੀ ਗਈ 168 ਏਕੜ ਜ਼ਮੀਨ ਵਿੱਚੋਂ ਲਗਪਗ 111 ਏਕੜ ਜ਼ਮੀਨ ਨਵੇਂ ਸੜਕੀ ਜਾਂ ਹਾਈਵੇ ਪ੍ਰੋਜੈਕਟਾਂ ਦੇ ਆਲੇ-ਦੁਆਲੇ ਸਥਿਤ ਖੇਤਰਾਂ ਵਿੱਚ ਹੈ। ਸਥਾਨਕ ਰੀਅਲ ਅਸਟੇਟ ਖਿਡਾਰੀਆਂ ਦਾ ਕਹਿਣਾ ਹੈ ਕਿ ਇਨ੍ਹਾਂ ਖੇਤਰਾਂ ਵਿੱਚ ਸੜਕ ਸੰਪਰਕ ਵਿੱਚ ਸੁਧਾਰ ਆਉਣ ਵਾਲੇ ਸਾਲਾਂ ਵਿੱਚ ਜ਼ਮੀਨ ਦੀਆਂ ਕੀਮਤਾਂ ਵਿੱਚ ਕਾਫੀ ਵਾਧਾ ਕਰ ਸਕਦਾ ਹੈ। ਉਦਾਹਰਣ ਵਜੋਂ ਗੰਗੇੜੀ ਖੇਤਰ, ਜੋ ਕਿ ਉਜੈਨ-ਇੰਦੌਰ ਅਤੇ ਉਜੈਨ-ਬਾਰਨਗਰ ਸੜਕਾਂ ਦੇ ਜੰਕਸ਼ਨ ਦੇ ਨੇੜੇ ਸਥਿਤ ਹੈ, ਵਿੱਚ ਪਰਵਾਰਕ ਮੈਂਬਰਾਂ ਨੇ 2024 ਤੋਂ ਬਾਅਦ 38 ਵੱਖ-ਵੱਖ ਪਲਾਟਾਂ ਵਿੱਚ ਲਗਭਗ 51 ਏਕੜ ਜ਼ਮੀਨ ਖਰੀਦੀ। ਇਸੇ ਤਰ੍ਹਾਂ ਉਨਹੇਲ ਵਿੱਚ ਨਵੇਂ ਉਜੈਨ-ਨਾਗਦਾ ਹਾਈਵੇ ਦੇ ਦੋਵੇਂ ਪਾਸੇ ਲਗਭਗ 29 ਏਕੜ ਜ਼ਮੀਨ ਖਰੀਦੀ ਗਈ। ਯਾਦਵ ਪਰਵਾਰ ਦੀ ਮੌਜੂਦਗੀ ਉਨ੍ਹਾਂ ਖੇਤਰਾਂ ਵਿੱਚ ਜ਼ਿਕਰਯੋਗ ਹੈ, ਜਿੱਥੇ ਉਜੈਨ ਮਾਸਟਰ ਪਲਾਨ-2035 ਦੇ ਤਹਿਤ ਰਿਹਾਇਸ਼ੀ ਜਾਂ ਵਪਾਰਕ ਵਰਤੋਂ ਲਈ ਖੇਤੀਬਾੜੀ ਜ਼ਮੀਨ ਨਿਰਧਾਰਤ ਕੀਤੀ ਗਈ ਹੈ। ਮੋਹਨ ਯਾਦਵ ਦੇ ਮੁੱਖ ਮੰਤਰੀ ਬਣਨ ਤੋਂ ਪਹਿਲਾਂ ਮਾਸਟਰ ਪਲਾਨ ਮਈ 2023 ਵਿੱਚ ਜਾਰੀ ਕੀਤਾ ਗਿਆ ਸੀ। ਹਾਲਾਂਕਿ, ਮੁੱਖ ਮੰਤਰੀ ਬਣਨ ਤੋਂ ਬਾਅਦ ਪਰਵਾਰ ਨੇ ਜ਼ਮੀਨ ਦੇ ਵੱਡੇ ਹਿੱਸੇ ਖਰੀਦੇ, ਇੱਥੋਂ ਤੱਕ ਕਿ ਉਨ੍ਹਾਂ ਖੇਤਰਾਂ ਵਿੱਚ ਵੀ ਜਿੱਥੇ ਲੈਂਡ ਯੂਜ਼ ਵਿੱਚ ਤਬਦੀਲੀਆਂ ਕਾਰਨ ਭਵਿੱਖ ਵਿੱਚ ਵਿਕਾਸ ਦੀ ਸੰਭਾਵਨਾ ਵਧੀ ਸੀ। ਪਰਵਾਰ ਨੇ ਪੰਡਯਾਖੇੜੀ ਖੇਤਰ ਵਿੱਚ ਲਗਭਗ 18 ਏਕੜ ਜ਼ਮੀਨ ਖਰੀਦੀ, ਜਿਸ ਨੂੰ ਨਵੇਂ ਮਾਸਟਰ ਪਲਾਨ ਵਿੱਚ ਇੱਕ ਵਪਾਰਕ ਜ਼ੋਨ ਵਜੋਂ ਨਾਮਜ਼ਦ ਕੀਤਾ ਗਿਆ ਹੈ।

ਕਾਂਗਰਸ ਨੇਤਾ ਅਤੇ ਸਾਬਕਾ ਮੰਤਰੀ ਸੱਜਣ ਸਿੰਘ ਵਰਮਾ ਦੋਸ਼ ਲਾ ਚੁੱਕੇ ਹਨ ਕਿ ਉਜੈਨ ਮਾਸਟਰ ਪਲਾਨ ਵਿੱਚ ਲੈਂਡ ਯੂਜ਼ ਵਿੱਚ ਬਦਲਾਅ ਉਨ੍ਹਾਂ ਖੇਤਰਾਂ ਵਿੱਚ ਕੀਤੇ ਗਏ, ਜਿੱਥੇ ਯਾਦਵ ਪਰਵਾਰ ਦਾ ਪਹਿਲਾਂ ਹੀ ਮਹੱਤਵਪੂਰਨ ਹਿੱਸਾ ਸੀ। ਹਾਲਾਂਕਿ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਸਰਕਾਰ ਨੇ ਸਵਾਰਾਖੇੜੀ ਦੀ ਲਗਭਗ 367 ਏਕੜ ਜ਼ਮੀਨ ਨੂੰ ਗੈਰ-ਰਿਹਾਇਸ਼ੀ ਵਜੋਂ ਦੁਬਾਰਾ ਵਰਗੀਕ੍ਰਿਤ ਕਰ ਦਿੱਤਾ।

ਮੁੱਖ ਮੰਤਰੀ ਨੇ ਤਾਂ ਕੋਈ ਪ੍ਰਤੀਕ੍ਰਿਆ ਨਹੀਂ ਦਿੱਤੀ, ਪਰ ਉਨ੍ਹਾ ਦੇ ਚਚੇਰੇ ਭਰਾ ਗੋਵਿੰਦ ਯਾਦਵ ਦੇ ਪੁੱਤਰ ਅਨੰਤ ਯਾਦਵ ਨੇ ਕਿਹਾ ਹੈ ਕਿ ਉਨ੍ਹਾ ਦਾ ਪਰਵਾਰ 2010 ਤੋਂ ਰੀਅਲ ਅਸਟੇਟ ਕਾਰੋਬਾਰ ਵਿੱਚ ਹੈ ਅਤੇ ਨਿੱਜੀ ਨਾਗਰਿਕ ਹੋਣ ਦੇ ਨਾਤੇ ਉਨ੍ਹਾਂ ਨੂੰ ਜ਼ਮੀਨ ਖਰੀਦਣ, ਵਿਕਸਤ ਕਰਨ ਜਾਂ ਵੇਚਣ ਦਾ ਪੂਰਾ ਅਧਿਕਾਰ ਹੈ। ਇਸ ਲਈ ਇਸ ਨੂੰ ਮੁੱਖ ਮੰਤਰੀ ਬਣਨ ਤੋਂ ਬਾਅਦ ਲਏ ਗਏ ਸਰਕਾਰੀ ਫੈਸਲਿਆਂ ਨਾਲ ਜੋੜਨਾ ਸਹੀ ਨਹੀਂ ਹੋਵੇਗਾ। ਅਖਬਾਰ ਵੱਲੋਂ ਕੀਤੇ ਗਏ ਖੁਲਾਸਿਆਂ ਨੇ ਮੁੱਖ ਮੰਤਰੀ ਦੇ ਪਰਵਾਰ ਦੀਆਂ ਜ਼ਮੀਨਾਂ ਦੀ ਖਰੀਦਦਾਰੀ ਅਤੇ ਉਜੈਨ ਵਿੱਚ ਚੱਲ ਰਹੇ ਵੱਡੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਗਰਾਮਾਂ ਵਿਚਕਾਰ ਸੰਬੰਧਾਂ ਬਾਰੇ ਸਿਆਸੀ ਅਤੇ ਨੈਤਿਕ ਬਹਿਸ ਛੇੜ ਦਿੱਤੀ ਹੈ, ਹਾਲਾਂਕਿ ਅਜੇ ਤੱਕ ਕਿਸੇ ਵੀ ਜਾਂਚ ਏਜੰਸੀ ਨੇ ਇਸ ਲੈਣ-ਦੇਣ ਵਿੱਚ ਕਿਸੇ ਵੀ ਉਲੰਘਣਾ ਜਾਂ ਗੈਰ-ਕਾਨੂੰਨੀ ਕਾਰਵਾਈ ਦੀ ਪੁਸ਼ਟੀ ਨਹੀਂ ਕੀਤੀ।

## ਪਾਠਕ-ਸੱਥ

### ਲਖਨਊ ਅਗਨੀਕਾਂਡ

ਲਖਨਊ ਅਗਨੀਕਾਂਡ ਵਿੱਚ 15 ਮਾਸੂਮ ਬੱਚਿਆਂ ਦੀ ਮੌਤ ਇੱਕ ਦਿਲ ਕੰਬਾਊ ਘਟਨਾ ਹੈ । ਇਸ ਦੇ ਜ਼ਿੰਮੇਵਾਰ ਉਸ ਕੋਚਿੰਗ ਸੈਂਟਰ ਅਤੇ ਇਮਾਰਤ ਦੇ ਮਾਲਿਕ ਤਾਂ ਹਨ ਹੀ, ਇਸ ਦੇ ਨਾਲ ਨਾਲ ਉਹ ਪ੍ਰਸ਼ਾਸ਼ਨਿਕ ਅਧਿਕਾਰੀ ਅਤੇ ਕਰਮਚਾਰੀ ਵੀ ਹਨ ਜਿਨ੍ਹਾਂ ਦੀ ਡਿਊਟੀ ਇਹ ਦੇਖਣਾ ਅਤੇ ਰੋਕਣਾ ਹੈ ਕਿ ਉਸ ਇਲਾਕੇ ਵਿੱਚ ਕੋਈ ਵੀ ਇਮਾਰਤ ਬਣਦੀ ਹੈ ਤਾਂ ਨਿਯਮ ਕਾਨੂੰਨਾ ਦੀ ਛਿੱਕੇ ਟੰਗ ਕੇ ਨਾਂ ਬਣੇ । ਜਦੋਂ ਵੀ ਕਿਤੇ ਇਸ ਤਰਾਂ ਦੀ ਦੁਰਘਟਣਾਂ ਵਾਪਰ ਦੀ ਹੈ ਅਤੇ ਮਾਸੂਮ ਲੋਕਾਂ ਦੀ ਜਾਨ ਜਾਂਦੀ ਹੈ ਪ੍ਰਸ਼ਾਸ਼ਨ ਨੂੰ ਉਦੋਂ ਪਤਾ ਲੱਗਦਾ ਹੈ ਕਿ ਇਮਾਰਤ ਕਾਨੂੰਨ ਦੀਆਂ ਧੱਜੀਆਂ ਉੜਾ ਕੇ ਬਣਾਈ ਗਈ ਹੈ।

ਇੱਕ ਅੰਦਾਜੇ ਅਨੁਸਾਰ ਭਾਰਤ ਦੇ 80 ਪ੍ਰਤੀਸ਼ਤ ਸ਼ਹਿਰੀ ਕੰਮਕਾਜੀ ਇਮਾਰਤਾਂ ਰਿਸ਼ਵਤ ਦੇ ਕੇ, ਗੈਰ ਕਨੂੰਨੀ ਢੰਗ ਨਾਲ, ਵੱਖ ਵੱਖ ਵਿਭਾਗਾਂ ਤੋਂ ਜ਼ਰੂਰੀ NOC ਪ੍ਰਾਪਤ ਕੀਤੇ ਬਿਨਾਂ ਬਣਾਈਆਂ ਜਾਂਦੀਆਂ ਹਨ। ਇਸ ਕਰਕੇ ਉਨ੍ਹਾਂ ਪ੍ਰਸ਼ਾਸ਼ਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਖਿਲਾਫ਼ ਵੀ ਹੱਤਿਆ ਦਾ ਮੁਕੱਦਮਾ ਦਰਜ਼ ਹੋਣਾ ਚਾਹੀਦਾ ਹੈ।

**ਡਾਕਟਰ ਸੁਨੀਲ ਅਹੀਰ, (ਸਾਬਕਾ ਐਸ.ਐਮ.ਓ ) ਸਿਹਤ ਵਿਭਾਗ ਪੰਜਾਬ।**
98783-90180
drsunil.ahir @yahoo.Com

# ਪੰਜਾਬ ਦੇ ਪੇਂਡੂ ਅਰਥਚਾਰੇ ਦੇ ਉਜਾੜੇ ਦਾ ਅਸਲ ਸੱਚ



ਗੁਰਮੀਤ ਸਿੰਘ ਪਲਾਹੀ

ਆਰਥਿਕ ਤੰਗੀ ਕਾਰਨ ਪਿੰਡਾਂ ਦੇ ਲੋਕ ਰੋਜ਼ਗਾਰ ਦੀ ਭਾਲ ਵਿੱਚ ਸ਼ਹਿਰਾਂ ਵੱਲ ਦੌੜ ਰਹੇ ਹਨ, ਪਰ ਸ਼ਹਿਰਾਂ ਵਿੱਚ ਪਹਿਲਾਂ ਹੀ ਮੰਦਹਾਲੀ ਅਤੇ ਭਾਰੀ ਬੇਰੁਜ਼ਗਾਰੀ ਹੈ। ਸਿੱਟਾ ਇਹ ਹੈ ਕਿ ਪਿੰਡ ਦਾ ਆਦਮੀ ਨਾ ਪਿੰਡ ਦਾ ਰਹਿੰਦਾ ਹੈ ਨਾ ਸ਼ਹਿਰ ਦਾ। ਇਸ ਉਜਾੜੇ ਕਾਰਨ ਪਿੰਡਾਂ ਦੀ ਆਤਮ-ਨਿਰਭਰਤਾ ਖ਼ਤਮ ਹੋ ਗਈ ਹੈ ਤੇ ਅੱਜ ਪਿੰਡ ਵਿੱਚ ਰਵਾਇਤੀ ਅਤੇ ਹੁਨਰਮੰਦ ਕਾਰੀਗਰ ਜਿਵੇਂ ਰਾਜ-ਮਿਸਤਰੀ, ਤਰਖਾਣ ਤੇ ਲੋਹਾਰ ਲੱਭਿਆਂ ਵੀ ਨਹੀਂ ਮਿਲਦੇ, ਕਿਉਂਕਿ ਕੰਮ ਨਾ ਹੋਣ ਕਾਰਨ ਉਨ੍ਹਾਂ ਦੀ ਅਗਲੀ ਪੀੜ੍ਹੀ ਨੇ ਇਹ ਕਿੱਤੇ ਛੱਡ ਦਿੱਤੇ ਹਨ। ਪਿੰਡ ਦਾ ਅਰਥਚਾਰਾ ਚਰਮਰਾ ਗਿਆ ਹੈ। ਕੀ ਇਹ ਪੇਂਡੂ ਅਰਥਚਾਰੇ ਨੂੰ ਨਜ਼ਰਅੰਦਾਜ਼ ਕਰਨਾ ਨਹੀਂ ਹੈ?

ਪੇਂਡੂ ਅਰਥਚਾਰੇ ਦਾ ਇੱਕ ਵੱਡਾ ਸੱਚ ਇਹ ਹੈ ਕਿ ਜਦੋਂ ਖੇਤੀ ਸੰਕਟ ਵਿੱਚ ਆਉਂਦੀ ਹੈ ਤਾਂ ਕਿਸਾਨ ਅਤੇ ਮਜ਼ਦੂਰ ਦੋਹਾਂ ਦੀ ਆਰਥਿਕਤਾ ਉੱਤੇ ਵੱਡੀ ਸੱਟ ਪੈਂਦੀ ਹੈ, ਕਿਉਂਕਿ ਪਿੰਡਾਂ ਦੀ ਆਰਥਿਕਤਾ ਦਾ ਵੱਡਾ ਤੇ ਬੁਨਿਆਦੀ ਅਸੂਲ ਕਿਸਾਨ ਅਤੇ ਮਜ਼ਦੂਰ ਦੀ ਆਪਸੀ ਸਾਂਝ 'ਤੇ ਟਿਕਿਆ ਹੋਇਆ ਹੈ। ਜਦੋਂ ਕਿਸਾਨ ਖ਼ੁਦ ਕਰਜ਼ੇ ਦੇ ਬੋਝ ਹੇਠ ਦੱਬਿਆ ਹੋਵੇ ਅਤੇ ਖੇਤੀ ਵਿੱਚ ਅੰਨ੍ਹੇਵਾਹ ਮਸ਼ੀਨੀਕਰਨ (ਜਿਵੇਂ ਟਰੈਕਟਰ, ਕੰਬਾਈਨਾਂ ਤੇ ਸੁਪਰ ਸੀਡਰ) ਵਧ ਗਿਆ ਹੋਵੇ, ਤਾਂ ਖੇਤਾਂ ਵਿੱਚ ਮਜ਼ਦੂਰ ਲਈ ਰਵਾਇਤੀ ਦਿਹਾੜੀ ਦੇ ਦਿਨ ਬਹੁਤ ਘੱਟ ਜਾਂਦੇ ਹਨ, ਜਿਸ ਦਾ ਸਿੱਧਾ ਅਸਰ ਖ਼ਾਸ ਕਰਕੇ ਮਜ਼ਦੂਰਾਂ ਦੀ ਆਮਦਨ ਉੱਤੇ ਪੈਂਦਾ ਹੈ, ਜੋ ਕਿ ਪਹਿਲਾਂ ਹੀ ਸੀਮਤ ਹੈ। ਇਹੋ ਜਿਹੇ ਹਾਲਾਤ ਕੀ ਸਿੱਧੇ ਤੌਰ 'ਤੇ ਉਸ ਦੀ ਰੋਜ਼ਾਨਾ ਜ਼ਿੰਦਗੀ ਦੇ ਕਾਰ-ਵਿਹਾਰ ਉੱਤੇ ਅਸਰ ਨਹੀਂ ਪਾ ਰਹੇ?

ਪੇਂਡੂ ਅਰਥਚਾਰੇ ਦਾ ਇੱਕ ਹੋਰ ਪੱਖ ਇਹ ਹੈ ਕਿ ਜਦੋਂ ਕਿਸਾਨ ਕੋਲ ਪੈਸਾ ਨਹੀਂ ਹੁੰਦਾ, ਤਾਂ ਪਿੰਡ ਵਿੱਚ ਇੱਕ ਭਿਆਨਕ ਆਰਥਿਕ ਖਲਾਅ ਪੈਦਾ ਹੋ ਜਾਂਦਾ ਹੈ। ਬੈਂਕ ਗਰੀਬ ਮਜ਼ਦੂਰ ਨੂੰ ਬਿਨਾਂ ਗਰੰਟੀ ਕਰਜ਼ਾ ਨਹੀਂ ਦਿੰਦੇ, ਜਿਸ ਕਾਰਨ ਪਿੰਡਾਂ ਵਿੱਚ ਨਿੱਕੇ ਸ਼ਾਹੂਕਾਰਾਂ, ਸੁਸਾਇਟੀਆਂ ਤੇ ਮਾਈਕਰੋ ਫਾਈਨਾਂਸ ਕੰਪਨੀਆਂ ਦਾ ਇੱਕ ਨਵਾਂ ਮਾਰੂ ਜਾਲ ਵਿਛ ਗਿਆ ਹੈ। ਇਹ ਨਿੱਕੇ ਸ਼ਾਹੂਕਾਰ ਗਰੀਬਾਂ ਦੀ ਮਜਬੂਰੀ ਦਾ ਫ਼ਾਇਦਾ ਚੁੱਕ ਕੇ 24 ਫੀਸਦੀ ਤੋਂ 36 ਫੀਸਦੀ ਤੱਕ ਦਾ ਮਾਰੂ ਵਿਆਜ ਵਸੂਲਦੇ ਹਨ।

ਹੱਦ ਤਾਂ ਇਹ ਹੈ ਕਿ ਰੋਜ਼ਾਨਾ ਫੇਰੀ ਲਗਾਉਣ ਵਾਲੇ, ਰੇਹੜੇ ਵਾਲੇ ਜਾਂ ਨਿੱਕਾ-ਮੋਟਾ ਕੰਮ ਕਰਨ ਵਾਲੇ ਗਰੀਬਾਂ ਨੂੰ ਜੇਕਰ ਸਵੇਰੇ ਸਾਮਾਨ ਖਰੀਦਣ ਲਈ 500 ਰੁਪਏ ਦੇ ਕਰਜ਼ੇ ਦੀ ਲੋੜ ਪਵੇ, ਤਾਂ ਸ਼ਾਹੂਕਾਰ 100 ਰੁਪਏ ਪਹਿਲਾਂ ਹੀ ਬਤੌਰ ਵਿਆਜ ਕੱਟ ਕੇ ਉਨ੍ਹਾਂ ਨੂੰ 400 ਰੁਪਏ ਦਿੰਦੇ ਹਨ ਤੇ ਸ਼ਾਮ ਨੂੰ ਪੂਰੇ 500 ਰੁਪਏ ਵਾਪਸ ਲੈਂਦੇ ਹਨ। ਇਹ 20 ਫੀਸਦੀ ਪ੍ਰਤੀ ਦਿਨ ਦੀ ਲੁੱਟ ਗਰੀਬ ਨੂੰ ਕਦੇ ਵੀ ਗਰੀਬੀ ਦੀ ਦਲਦਲ ਵਿੱਚੋਂ ਬਾਹਰ ਨਹੀਂ ਨਿਕਲਣ ਦਿੰਦੀ। ਕੀ ਇਸ ਲੁੱਟ ਵੱਲ ਕਦੇ ਹਾਕਮਾਂ ਦੀ ਨਜ਼ਰ ਪਈ ਹੈ?

ਅਸਲ ਵਿੱਚ ਸੱਚ ਇਹ ਹੈ ਕਿ ਸੱਤਾਧਾਰੀ ਧਿਰ ਖੇਤੀ ਖੇਤਰ ਨੂੰ ਫੇਲ੍ਹ ਕਰਨ ਵੱਲ ਸੇਧਿਤ (ਕੇਂਦਰਤ) ਹੈ, ਤਾਂ ਕਿ ਕਿਸਾਨ ਆਪਣੀ ਜ਼ਮੀਨ ਵੇਚਣ ਲਈ ਮਜਬੂਰ ਹੋਣ ਅਤੇ ਖੇਤੀ ਖੇਤਰ ਵਿੱਚੋਂ ਵਿਹਲੇ ਹੋਏ ਕਿਰਤੀਆਂ ਨੂੰ ਕਾਰਖਾਨਿਆਂ ਵਿੱਚ ਸਸਤੀ ਲੇਬਰ ਦੇ ਤੌਰ 'ਤੇ ਵਰਤਿਆ ਜਾ ਸਕੇ, ਜਿਸ ਦਾ ਸਿੱਧਾ ਅਰਥ ਤਾਂ ਇਹ ਹੈ ਕਿ ਹਾਕਮ ਧਿਰ ਪੇਂਡੂ ਅਰਥਚਾਰੇ ਅਤੇ ਪਿੰਡਾਂ ਨੂੰ ਖ਼ਤਮ ਕਰਨ ਦੇ ਨਿੱਤ ਨਵੇਂ ਰਾਹ ਅਤੇ ਨੀਤੀਆਂ ਉਲੀਕਦੀ ਹੈ।

ਅੱਜ ਪੰਜਾਬ ਦੀ ਪੇਂਡੂ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਕਹੇ ਜਾਣ ਵਾਲੇ ਕਿਸਾਨ ਸੰਕਟ ਵਿੱਚੋਂ ਲੰਘ ਰਹੇ ਹਨ। ਸਾਂਝੇ ਪ੍ਰਬੰਧ ਖ਼ਤਮ ਹੋਏ ਹਨ । ਪਰਵਾਰਾਂ ਦੇ ਵੰਡਵਾਰੇ ਕਾਰਨ ਖੇਤੀ ਹੇਠਲੀ ਜ਼ਮੀਨ ਨਿੱਤ ਦਿਨ ਘਟ ਰਹੀ ਹੈ। ਅੰਕੜਿਆਂ ਮੁਤਾਬਕ ਸੂਬੇ ਦੇ ਔਸਤਨ 65 ਫੀਸਦੀ ਤੋਂ ਵੱਧ ਕਿਸਾਨ ਹੁਣ ਛੋਟੇ ਤੇ ਸੀਮਾਂਤ ਕਿਸਾਨਾਂ ਦੀ ਸ਼੍ਰੇਣੀ ਵਿੱਚ ਆ ਚੁੱਕੇ ਹਨ, ਜਿਨ੍ਹਾਂ ਕੋਲ ਪੰਜ ਏਕੜ ਤੋਂ ਘੱਟ ਜ਼ਮੀਨ ਬਚੀ ਹੈ। ਜਿਹੜੀ ਜ਼ਮੀਨ ਪਹਿਲਾਂ ਇੱਕ ਵੱਡੇ ਪਰਵਾਰ ਦਾ ਗੁਜ਼ਾਰਾ ਆਸਾਨੀ ਨਾਲ ਕਰਦੀ ਸੀ, ਹੁਣ ਉਹ ਨਿੱਕੇ ਟੁਕੜਿਆਂ ਵਿੱਚ ਵੰਡੀ ਜਾ ਚੁੱਕੀ ਹੈ, ਜਿਸ ਉੱਤੇ ਖੇਤੀ ਕਰਨਾ ਆਰਥਿਕ ਤੌਰ 'ਤੇ ਲਾਹੇਵੰਦ ਨਹੀਂ ਰਿਹਾ।

ਉਪਰੋਂ ਨਿੱਤ ਪ੍ਰਤੀ ਕੇਂਦਰ ਤੇ ਸੂਬਾ ਸਰਕਾਰਾਂ ਕਿਸਾਨਾਂ ਦੀ ਜ਼ਮੀਨ ਨਵੇਂ ਪ੍ਰੋਜੈਕਟਾਂ ਦੇ ਨਾਂਅ 'ਤੇ ਐਕੁਆਇਰ ਕਰਕੇ ਉਨ੍ਹਾਂ ਨੂੰ ਗ਼ੈਰ-ਜ਼ਮੀਨੇ ਬਣਾਉਣ ਦੇ ਰਾਹ ਤੁਰੀਆਂ ਹੋਈਆਂ ਹਨ। ਵੱਡੇ-ਵੱਡੇ ਹਾਈਵੇਅ ਪੰਜਾਬ ਦੇ ਸੀਨੇ 'ਤੇ ਥਾਂ-ਥਾਂ ਲਕੀਰਾਂ ਖਿੱਚ ਰਹੇ ਹਨ ਤੇ ਕਿਸਾਨਾਂ ਦੇ ਸੀਨੇ ਛੇਕ ਰਹੇ ਹਨ । ਕੀ ਇਹ ਪੰਜਾਬ ਦੇ ਕਿਸਾਨਾਂ ਦੀ ਤਬਾਹੀ ਲਈ ਵਿਕਾਸ ਦੇ ਨਾਂਅ 'ਤੇ ਕੀਤੇ ਗਏ ਮਿੱਥ ਕੇ ਯਤਨ ਨਹੀਂ ਹਨ, ਜਿਸ ਦਾ ਆਮ ਲੋਕਾਂ ਨੂੰ ਕੋਈ ਫ਼ਾਇਦਾ ਨਹੀਂ ਹੋਣ ਵਾਲਾ, ਸਗੋਂ ਕਾਰਪੋਰੇਟਾਂ ਤੇ ਅਮੀਰ ਘਰਾਣਿਆਂ ਦੇ ਹਿੱਤ ਪੂਰਨ ਕਰਨ ਵਾਲਾ ਕੰਮ ਹੈ।

ਖੇਤੀ ਕਰਨੀ ਬੇਹੱਦ ਮਹਿੰਗੀ ਬਣਾ ਦਿੱਤੀ ਗਈ ਹੈ। ਖੇਤੀ ਦੀ ਲਾਗਤ, ਬੀਜਾਂ, ਕੀਟਨਾਸ਼ਕਾਂ ਤੇ ਡੀਜ਼ਲ ਨੇ ਇਸ ਨੂੰ ਹੋਰ ਮਹਿੰਗਾ ਕਰ ਦਿੱਤਾ ਹੈ। ਸਿੱਟਾ ਇਹ ਹੈ ਕਿ ਪੰਜਾਬ ਦੇ ਲਗਭਗ 80 ਫੀਸਦੀ ਤੋਂ 85 ਫੀਸਦੀ ਕਿਸਾਨ ਬੈਂਕਾਂ ਤੇ ਆੜ੍ਹਤੀਆਂ ਦੇ ਕਰਜ਼ੇ ਹੇਠ ਦੱਬੇ ਹੋਏ ਹਨ ਅਤੇ ਇੱਕ ਔਸਤ ਕਿਸਾਨੀ ਪਰਵਾਰ ਸਿਰ ਲਗਭਗ ਤਿੰਨ ਲੱਖ ਦਾ ਕਰਜ਼ਾ ਹੈ, ਜੋ ਉਨ੍ਹਾਂ ਨੂੰ ਖ਼ੁਦਕੁਸ਼ੀਆਂ ਦੇ ਰਾਹ ਤੋਰ ਰਿਹਾ ਹੈ।

ਮਗਨਰੇਗਾ (ਮਹਾਤਮਾ ਗਾਂਧੀ ਰਾਸ਼ਟਰੀ ਰੋਜ਼ਗਾਰ ਯੋਜਨਾ) ਇੱਕ ਇਹੋ ਜਿਹੀ ਸਕੀਮ ਸੀ, ਜਿਸ ਨੇ ਪੰਜਾਬ ਦੇ ਪਿੰਡਾਂ ਨੂੰ ਕੁਝ ਰਾਹਤ ਦਿੱਤੀ ਸੀ। ਇਹ ਪੇਂਡੂ ਅਰਥਚਾਰੇ ਤੇ ਮਜ਼ਦੂਰ ਵਰਗ ਦੀ ਜ਼ਿੰਦਗੀ ਵਿੱਚ ਇੱਕ ਇਤਿਹਾਸਕ ਮੀਲ ਪੱਥਰ ਸੀ । ਇਹ 'ਹਰ ਹਾਥ ਕੋ ਕਾਮ ਦੋ', 'ਹਰ ਕਾਮ ਕੋ ਦਾਮ ਦੋ' ਦੇ ਸੰਕਲਪ ਦੀ ਤਰਜਮਾਨੀ ਕਰਨ ਵਾਲੀ ਸੀ, ਜਿਸ ਨੇ ਪੇਂਡੂ ਮਜ਼ਦੂਰਾਂ, ਔਰਤਾਂ, ਦਲਿਤਾਂ ਤੇ ਆਦਿਵਾਸੀਆਂ ਨੂੰ ਕੁਝ ਆਰਥਿਕ ਆਜ਼ਾਦੀ ਦੇ ਕੇ ਸਮਾਜਿਕ ਸੁਰੱਖਿਆ ਪ੍ਰਦਾਨ ਕੀਤੀ।

ਪਰ ਕੇਂਦਰ ਸਰਕਾਰ ਵੱਲੋਂ ਭੁਲੇਖਾ-ਪਾਊ ਪ੍ਰੋਜੈਕਟਾਂ ਤਹਿਤ ਬੀ ਬੀ ਜੀ, ਰਾਮ ਜੀ ਵਰਗੇ ਪ੍ਰੋਗਰਾਮਾਂ ਰਾਹੀਂ ਲੋਕਾਂ ਨੂੰ ਗੁੰਮਰਾਹ ਕੀਤਾ ਗਿਆ ਤੇ ਉਨ੍ਹਾਂ ਹੱਥੋਂ ਮਨਰੇਗਾ ਦਾ ਕੰਮ ਖੋਹ ਲਿਆ ਗਿਆ। ਹੁਣ ਸਰਕਾਰ ਕੋਲ ਮਨਰੇਗਾ ਦਾ ਕੰਮ ਨਹੀਂ, ਕਿਸਾਨ ਕੋਲ ਪੈਸਾ ਨਹੀਂ, ਤਾਂ ਪਿੰਡਾਂ ਵਿੱਚ ਇੱਕ ਭਿਆਨਕ ਖਲਾਅ ਪੈਦਾ ਹੋ ਗਿਆ ਹੈ। ਕੇਂਦਰ ਸਰਕਾਰ ਵੱਲੋਂ ਪਿਛਲੇ ਕੁਝ ਸਾਲਾਂ ਦੇ ਬਜਟ ਵਿੱਚ ਮਨਰੇਗਾ ਦੇ ਫੰਡਾਂ 'ਚ ਭਾਰੀ ਕਟੌਤੀ ਕੀਤੀ ਗਈ ਹੈ, ਜਿਸ ਨਾਲ ਰਾਜਾਂ ਨੂੰ ਪੈਸਾ ਮਿਲਣਾ ਘਟ ਗਿਆ ਹੈ। ਪੰਜਾਬ ਵਰਗੇ ਸੂਬਿਆਂ ਦੇ ਕਰੋੜਾਂ ਰੁਪਏ ਦੇ ਫੰਡ ਕੇਂਦਰ ਵੱਲੋਂ ਰੋਕੇ ਗਏ ਹਨ।

ਮਨਰੇਗਾ ਦਾ ਕੰਮ ਘਟਣ ਨਾਲ ਪੇਂਡੂ ਔਰਤਾਂ ਦੀ ਆਰਥਿਕ ਆਜ਼ਾਦੀ ਪੂਰੀ ਤਰ੍ਹਾਂ ਖ਼ਤਮ ਹੋ ਗਈ ਹੈ, ਜਿਸ ਨਾਲ ਪਰਵਾਰਾਂ ਵਿੱਚ ਕੁਪੋਸ਼ਣ ਤੇ ਘਰੇਲੂ ਕਲੇਸ਼ ਵਧ ਰਿਹਾ ਹੈ। ਪੰਜਾਬ ਆਰਥਿਕ ਪੱਖੋਂ ਕਮਜ਼ੋਰ ਹੋ ਰਿਹਾ ਹੈ। ਪੰਜਾਬ ਦਾ ਪਿੰਡ ਆਰਥਿਕ ਪੱਖੋਂ ਟੁੱਟ ਰਿਹਾ ਹੈ। ਪਿੰਡਾਂ 'ਚ ਸਰਕਾਰੀ ਸਿੱਖਿਆ ਢਾਂਚਾ ਬੁਨਿਆਦੀ ਸਹੂਲਤਾਂ ਦੀ ਭਾਰੀ ਘਾਟ ਕਾਰਨ ਬਰਬਾਦ ਹੋ ਚੁੱਕਾ ਹੈ। ਪ੍ਰਾਈਵੇਟ ਸਕੂਲਾਂ ਅਤੇ ਕਾਲਜਾਂ ਦੀਆਂ ਮਹਿੰਗੀਆਂ ਫ਼ੀਸਾਂ ਭਰਨੀਆਂ ਕਰਜ਼ਾਈ ਮਾਪਿਆਂ ਦੇ ਵਸੋਂ ਬਾਹਰ ਹਨ। ਹਜ਼ਾਰਾਂ ਹੋਣਹਾਰ ਬੱਚੇ ਆਪਣੀ ਪੜ੍ਹਾਈ ਛੱਡਣ ਲਈ ਮਜਬੂਰ ਹੋ ਗਏ ਹਨ।

ਪੰਜਾਬ ਕਿੱਤਾਮੁਖੀ ਸਿੱਖਿਆ ਤੋਂ ਵਿਰਵਾ ਹੈ। ਪੰਜਾਬ ਦਾ ਨੌਜਵਾਨ ਆਪਣੇ ਭਵਿੱਖ ਲਈ ਚੌਰਾਹੇ 'ਤੇ ਬੇਵੱਸ ਖੜ੍ਹਾ ਹੈ । ਬੇਰੁਜ਼ਗਾਰੀ ਅਤੇ ਮਾਨਸਿਕ ਪਰੇਸ਼ਾਨੀ ਹੀ ਪਿੰਡਾਂ ਵਿੱਚ ਨਸ਼ਿਆਂ ਦੇ ਫੈਲ ਰਹੇ ਜਾਲ ਦਾ ਅਸਲ ਕਾਰਨ ਹੈ। ਪਿੰਡ ਵਿੱਚ ਕੋਈ ਭਵਿੱਖ ਨਾ ਵੇਖ ਕੇ ਨੌਜਵਾਨੀ ਵਿੱਚ ਵਿਦੇਸ਼ ਭੱਜਣ ਦਾ ਰੁਝਾਨ ਵਧ ਰਿਹਾ ਹੈ। ਜਿਨ੍ਹਾਂ ਕੋਲ ਜ਼ਮੀਨ ਹੈ, ਉਹ ਉਸ ਨੂੰ ਵੇਚ ਕੇ ਜਾਂ ਗਿਰਵੀ ਰੱਖ ਕੇ ਬਾਹਰ ਜਾ ਰਹੇ ਹਨ, ਜਿੱਥੇ ਕਈ ਵਾਰ ਉਹ ਗ਼ੈਰ-ਕਾਨੂੰਨੀ ਰਸਤਿਆਂ (ਡੌਂਕੀ ਲਗਾ ਕੇ) ਜੰਗਲਾਂ, ਨਦੀਆਂ ਅਤੇ ਸਮੁੰਦਰਾਂ ਦੇ ਰਸਤੇ ਵਿਦੇਸ਼ ਜਾਣ ਦੀ ਕੋਸ਼ਿਸ਼ ਕਰਦੇ ਹਨ, ਜਿੱਥੋਂ ਕਈ ਵਾਰ ਉਨ੍ਹਾਂ ਦੀਆਂ ਲਾਸ਼ਾਂ ਹੀ ਘਰ ਪੁੱਜਦੀਆਂ ਹਨ।

ਖੇਤੀ ਖੇਤਰ 'ਚ ਉੱਤਮ ਸਥਾਨ ਰੱਖਣ ਵਾਲੇ ਪੰਜਾਬ ਕੋਲ ਖੇਤੀ ਖੇਤਰ ਦੀ ਕੋਈ ਵੱਡੀ ਸਨਅਤ ਨਹੀਂ ਲਗਾਈ ਗਈ। ਕੋਈ ਵੱਡੀ ਸਨਅਤ ਵੀ ਪੰਜਾਬ 'ਚ ਲਗਾਉਣ ਦਾ ਯਤਨ ਨਹੀਂ ਹੋਇਆ। ਜੇਕਰ ਪੰਜਾਬ ਵਿੱਚ ਖੇਤੀ ਖੇਤਰ ਨਾਲ ਸੰਬੰਧਤ ਕਾਰਖਾਨੇ ਲਗਾਏ ਹੁੰਦੇ ਅਤੇ ਇੱਥੋਂ ਦੇ ਕੱਚੇ ਮਾਲ ਦੀ ਵਰਤੋਂ ਇੱਥੇ ਪੰਜਾਬ 'ਚ ਹੀ ਕੀਤੀ ਹੁੰਦੀ, ਤਾਂ ਪੰਜਾਬ ਦੇ ਅਰਥਚਾਰੇ ਨੂੰ ਫੈਲਾਅ ਮਿਲਣਾ ਸੀ।

ਪਿੰਡ ਦੀ ਖੇਤੀ ਦੇ ਉਜਾੜੇ ਦਾ ਕਾਰਨ ਪ੍ਰਤੀ ਸਾਲ ਹੜ੍ਹਾਂ ਦੀ ਲਪੇਟ ਵਿੱਚ ਆਉਣਾ ਹੈ, ਜਿਸ ਦਾ ਸੈਂਕੜੇ ਏਕੜ ਜ਼ਮੀਨ ਉਥੇ ਅਸਰ ਪੈਂਦਾ ਹੈ ਅਤੇ ਲੋਕਾਂ ਦੇ ਜਾਨ ਅਤੇ ਮਾਲ ਦਾ ਵੱਡਾ ਨੁਕਸਾਨ ਹੁੰਦਾ ਹੈ। ਉਪਰੋਂ ਬੇਮੌਸਮੀ ਬਰਸਾਤ ਕਈ ਵੇਰ ਪੱਕੀਆਂ ਫ਼ਸਲਾਂ ਦੇ ਵੱਡੀ ਤਬਾਹੀ ਦਾ ਕਾਰਨ ਬਣਦੀ ਹੈ।

ਪੰਜਾਬ, ਖ਼ਾਸ ਕਰਕੇ ਪੇਂਡੂ ਪੰਜਾਬ ਉਜੜ ਰਿਹਾ ਹੈ। ਇਸ ਦਾ ਕੋਈ ਵਾਲੀ-ਵਾਰਸ ਨਹੀਂ ਬਣ ਰਿਹਾ, ਨਾ ਸਰਕਾਰ ਨਾ ਹੀ ਕੋਈ ਸਿਆਸੀ ਧਿਰ ਅਤੇ ਇਥੋਂ ਤੱਕ ਕਿ ਨਾ ਹੀ ਕੋਈ ਕਥਿਤ ਪੰਜਾਬ ਹਿਤੈਸ਼ੀ। ਜੇਕਰ ਪੰਜਾਬ ਦੀ ਪੇਂਡੂ ਆਰਥਿਕਤਾ ਦੀ ਸਥਿਤੀ ਇਵੇਂ ਹੀ ਰਹੀ, ਤਾਂ ਪੰਜਾਬ ਦਾ ਇਹ ਆਰਥਿਕ ਅਤੇ ਸਮਾਜਿਕ ਉਜਾੜਾ ਪੂਰੇ ਪੰਜਾਬ ਨੂੰ ਲੇਖੇ ਲਾ ਦੇਵੇਗਾ (ਤਬਾਹ ਕਰ ਦੇਵੇਗਾ)।

**# ਸੰਪਰਕ : 98158-02070**

# ਪੰਜਾਬੀਆਂ ਦਾ ਦੇਸੀ ਰੁੱਖਾਂ ਤੋਂ ਹੋਇਆ ਮੋਹ ਭੰਗ



ਹਰਸੰਤ ਸਿੰਘ ਢੀਂਡਸਾ

ਮਨੁੱਖ ਦਾ ਪੁਰਾਤਨ ਸਮੇਂ ਤੋਂ ਹੀ ਕੁਦਰਤ ਦੇ ਨਾਲ ਅਨਿੱਖੜਵਾਂ ਸੰਬੰਧ ਰਿਹਾ ਹੈ। ਪੁਰਾਤਨ ਯੁੱਗ ਦੇ ਵਿੱਚ ਮਨੁੱਖ ਕੁਦਰਤ ਦੇ ਅਨੁਸਾਰ ਜੀਵਨ ਜਿਉਂਦੇ ਸਨ।ਜੰਗਲਾਂ ਦੇ ਵਿੱਚ ਰਹਿੰਦੇ, ਮਨੁੱਖ ਦਾ ਕੁਦਰਤੀ ਪ੍ਰਕਿਰਤੀ ਨਾਲ ਬਹੁਤ ਲਗਾਅ ਸੀ। ਮਨੁੱਖ ਵੀ ਪ੍ਰਕਿਰਤੀ ਦਾ ਹੀ ਇੱਕ ਜੀਵ ਹੈ। ਕੁਦਰਤੀ ਰੁੱਖਾਂ ਦਾ ਮਨੁੱਖੀ ਜੀਵਨ ਦੇ ਵਿੱਚ ਅਹਿਮ ਸਥਾਨ ਰਿਹਾ ਹੈ।ਨਿੰਮ, ਟਾਹਲੀਆਂ ਅਤੇ ਤੂਤ, ਬੇਰੀਆਂ, ਹੋਰ ਬਹੁਤ ਸਾਰੇ ਦੇਸੀ ਦਰੱਖਤ ਮਨੁੱਖ ਦੇ ਨਾਲ ਪੁਰਾਤਨ ਸਮੇਂ ਤੋਂ ਹੀ ਪਰਿਵਾਰਕ ਜੀਆਂ ਵਾਂਗ ਜੁੜੇ ਹੋਏ ਹਨ, ਪ੍ਰੰਤੂ ਆਧੁਨਿਕਤਾ ਦੇ ਨਾਲ ਮਨੁੱਖੀ ਜੀਵਨ ਦੇ ਵਿੱਚ ਬਹੁਤ ਸਾਰੀਆਂ ਤਬਦੀਲੀਆਂ ਆਈਆਂ। ਵਿਗਿਆਨਕ ਕਾਢਾਂ ਦੇ ਨਾਲ ਨਵੀਆਂ ਸੁੱਖ-ਸਹੂਲਤਾਂ ਪੈਦਾ ਹੋਈਆਂ। ਵਰਤਮਾਨ ਸਮੇਂ ਘਰ-ਘਰ ਦੇ ਵਿੱਚ ਲੱਗੇ ਏਅਰ ਕੰਡੀਸ਼ਨਾਂ ਨੇ ਮਨੁੱਖਾਂ ਨੂੰ ਤੂਤ, ਟਾਹਲੀਆਂ ਦੀ ਠੰਢੀ ਛਾਂ ਭੁਲਾ ਦਿੱਤੀ। ਜਿਹੜੇ ਦਰੱਖਤਾਂ ਨੂੰ ਮਨੁੱਖ ਆਪਣੇ ਪਰਿਵਾਰਕ ਜੀਆਂ ਵਾਂਗੂੰ ਮੰਨਦੇ ਸਨ, ਅੱਜ ਉਹ ਪਰਾਏ ਹੋ ਗਏ ਹਨ । ਆਧੁਨਿਕਤਾ ਦਾ ਕੁਹਾੜਾ ਅਜਿਹਾ ਚੱਲਿਆ, ਕਿਸੇ ਕਿਹਾ, ਨਿੰਮ ਦੀਆਂ ਨਮੋਲੀਆਂ ਤਾਂ ਧਰਤੀ 'ਤੇ ਗੰਦ ਪਾਉਂਦੀਆਂ ਹਨ। ਟਾਹਲੀ ਦੇ ਪੱਤੇ ਕਿਰਦੇ ਹਨ, ਜਿਸ ਨਾਲ ਵਿਹੜੇ ਵਿੱਚ ਸਫਾਈ ਨਹੀਂ ਰਹਿੰਦੀ। ਬੇਰ ਖਵਾਉਣ ਵਾਲੀਆਂ ਬੇਰੀਆਂ ਦੇ ਕੰਡੇ ਚੁਭਣ ਲੱਗੇ, ਤੂਤਾਂ ਦੀ ਠੰਢੀ ਛਾਂ ਅਤੇ ਲੱਗਦੀਆਂ ਮਿੱਠੀਆਂ ਤੂਤੀਆਂ ਤੋਂ ਮੋਹ ਭੰਗ ਹੋ ਗਿਆ। ਲੋਕਾਂ ਕਿਹਾ-ਕੀ ਜ਼ਰੂਰਤ ਹੈ, ਇਹਨਾਂ ਦੇਸੀ ਦਰੱਖਤਾਂ ਦੀ, ਇਹਨਾਂ ਦੇ ਮੁਕਾਬਲੇ ਸੁੰਦਰਤਾ ਵਾਲੇ ਅੰਗਰੇਜ਼ੀ ਰੁੱਖ ਲਾਓ। ਅੰਗਰੇਜ਼ੀ ਬੂਟੇ ਵੀ ਗਮਲਿਆਂ ਵਿੱਚ ਲੱਗਣ ਲੱਗੇ, ਸਜਾਵਟ ਦੇ ਲਈ ਘਰਾਂ ਵਿੱਚ ਅਸ਼ੋਕਾ ਟਰੀ, ਅਲਸਟੋਨੀਆ, ਸਿਲਵਰ ਓਕ, ਟਰਮੀਨੇਲੀਆ ਆਦਿ ਹੋਰ ਬਹੁਤ ਸਾਰੇ ਨਾਂਅ ਹਨ ।

ਪੰਜਾਬੀ ਦੇ ਮਕਬੂਲ ਕਵੀ ਸ਼ਿਵ ਕੁਮਾਰ ਬਟਾਲਵੀ ਦੀ ਕਵਿਤਾ 'ਰੁੱਖ' ਬਹੁਤ ਮਕਬੂਲ ਹੋਈ। ਬਟਾਲਵੀ ਨੇ ਕਿਹਾ ਕਿ ਰੁੱਖ ਮੈਨੂੰ ਭਰਾ, ਪੁੱਤਰ, ਮਾਂ ਅਤੇ ਬਾਬੇ ਜਾਪਦੇ ਹਨ । ਗੱਲ ਕੀ ਰੁੱਖਾਂ ਦੇ ਵਿੱਚੋਂ ਮੈਨੂੰ ਹਰ ਰਿਸ਼ਤਾ ਨਜ਼ਰ ਆਉਂਦਾ ਹੈ, ਪਰ ਆਧੁਨਿਕਤਾ ਨੇ ਸਾਡੀਆਂ ਅੱਖਾਂ ਦੇ ਵਿੱਚ ਅਜਿਹਾ ਘੱਟਾ ਪਾਇਆ ਕਿ ਪੀੜ੍ਹੀਆਂ ਤੋਂ ਸਾਡਾ ਸਾਥ ਨਿਭਾਉਣ ਵਾਲੇ ਦੇਸੀ ਰੁੱਖ ਸਾਨੂੰ ਚੰਗੇ ਲੱਗਣੋਂ ਹਟ ਗਏ। ਕਦੇ ਨਿੰਮ ਹਰ ਘਰ ਦੇ ਵਿੱਚ ਹੁੰਦਾ ਸੀ, ਸਾਡੀਆਂ ਮਤਾਵਾਂ ਨਿੰਮ ਦੀਆਂ ਨਮੋਲੀਆਂ ਤੋਂ ਕੱਪੜੇ ਧੋਣ ਵਾਲਾ ਸਾਬਣ ਤਿਆਰ ਕਰਦੀਆਂ ਸਨ। ਜੇਕਰ ਕਿਸੇ ਘਰ ਬੱਚਾ ਪੈਦਾ ਹੁੰਦਾ ਤਾਂ ਜੱਚਾ-ਬੱਚਾ ਦੀ ਬਿਮਾਰੀਆਂ ਤੋਂ ਸੁਰੱਖਿਆ ਲਈ ਘਰ ਦੇ ਦਰਵਾਜ਼ੇ 'ਤੇ ਸ਼ੁਭ ਸ਼ਗਨ ਵਜੋਂ ਨਿੰਮ ਬੰਨ੍ਹਿਆ ਜਾਂਦਾ। ਦਵਾਈਆਂ ਦੇ ਵਿੱਚ ਨਿੰਮ ਦੀ ਵਰਤੋਂ ਹੁੰਦੀ,ਨਿੰਮ ਨੂੰ ਐਂਟੀ-ਬੈਕਟੀਰੀਆ ਮੰਨਿਆ ਗਿਆ, ਪਰ ਅੱਜ ਲੋਕਾਂ ਕਿਹਾ-ਇਸ ਦੀ ਜਗ੍ਹਾ ਕਿਉਂ ਨਾ ਅੰਗਰੇਜ਼ੀ ਰੁੱਖ ਲਾਏ ਜਾਣ, ਪੰਜਾਬੀ ਸਾਹਿਤ ਦੇ ਵਿੱਚ ਕ੍ਰਾਂਤੀਕਾਰੀ ਰੰਗਕਰਮੀ ਸੈਮੂਅਲ ਜੌਨ ਦਾ ਲਿਖਿਆ 'ਨਮੋਲੀਆਂ' ਨਾਟਕ ਬਹੁਤ ਮਕਬੂਲ ਹੋਇਆ। ਪ੍ਰਸਿੱਧ ਨਾਵਲਕਾਰ ਸੋਹਣ ਸਿੰਘ ਸੀਤਲ ਦਾ 'ਤੂਤਾਂ ਵਾਲਾ ਖੂਹ' ਨਾਵਲ ਜਦੋਂ ਸਕੂਲ ਵਿੱਚ ਪੜ੍ਹਦੇ ਤਾਂ ਅੱਖਾਂ ਅੱਗੇ ਤੂਤਾਂ ਦੀ ਠੰਢੀ ਛਾਂ ਦਾ ਨਜ਼ਾਰਾ ਪੇਸ਼ ਹੋ ਜਾਂਦਾ । ਪਿੰਡ-ਪਿੰਡ ਵਿੱਚ ਦਰੱਖਤ ਕੱਟਣ ਵਾਲੀਆਂ ਪਾਰਟੀਆਂ ਤਿਆਰ-ਬਰ-ਤਿਆਰ ਰਹਿੰਦੀਆਂ ਹਨ। ਮੈਂ ਕਿਸੇ ਮਿੱਤਰ ਆਰੇ ਵਾਲੇ ਨੂੰ ਪੁੱਛਿਆ-ਘਰ ਦੀਆਂ ਜੋੜੀਆਂ ਵਾਸਤੇ ਲੱਕੜ ਚਾਹੀਦੀ ਹੈ। ਉਹਨੇ ਬੜੇ ਮਾਣ ਨਾਲ ਕਿਹਾ-ਹਿਮਾਚਲ ਦੇ ਅੰਬਾਂ ਦੀ ਲੱਕੜ ਅੱਜਕੱਲ੍ਹ ਬਹੁਤ ਆ ਰਹੀ ਹੈ। ਮਨੁੱਖਤਾ ਦੀ ਲਾਲਸਾ ਵੇਖੋ, ਕੁਹਾੜੇ ਲੈ ਕੇ ਹਿਮਾਚਲ ਦੇ ਪਹਾੜਾਂ 'ਤੇ ਅੰਬਾਂ ਨੂੰ ਜਾ ਪਏ। ਭਲਿਓ, ਕੁਦਰਤ ਨੇ ਅੰਬ ਫਲ ਦੇ ਰੂਪ ਵਿੱਚ ਖਾਣ ਲਈ ਦਿੱਤੇ ਹਨ, ਤੁਸੀਂ ਅੰਬਾਂ ਦੇ ਦਰੱਖਤ ਹੀ ਕੱਟ ਸੁੱਟੇ। ਇਹ ਤਾਂ ਉਹ ਗੱਲ ਹੋਈ ਕਿ ਸੋਨੇ ਦਾ ਆਂਡਾ ਦੇਣ ਵਾਲੀ ਮੁਰਗੀ ਲਾਲਚ ਦੇ ਵਿੱਚ ਮਾਰ ਹੀ ਦਿੱਤੀ। ਫਿਰ ਕਹਿੰਦੇ ਹਨ ਕਿ ਹਿਮਾਚਲ ਦੇ ਵਿੱਚ ਆਏ ਸਾਲ ਹੜ੍ਹ ਆਉਂਦੇ ਹਨ, ਨੁਕਸਾਨ ਹੁੰਦਾ ਹੈ।ਘਰ ਢਹਿੰਦੇ ਅਤੇ ਸੜਕਾਂ ਟੁੱਟਦੀਆਂ ਹਨ। ਦੱਸੋ ਭਲਿਓ, ਜਦੋਂ ਦੇਵ ਭੂਮੀ ਨਹੀਂ ਬਖਸ਼ੀ, ਪਰਮਾਤਮਾ ਤੁਹਾਡੇ ਕੀਤੇ ਕਾਰਜਾਂ ਦਾ ਲੇਖਾ-ਜੋਖਾ ਕਿਉਂ ਨਹੀਂ ਕਰੇਗਾ। ਨਵੀਆਂ ਸੜਕਾਂ ਬਣਾਉਣ ਦੇ ਨਾਂਅ 'ਤੇ ਪੁਰਾਣੇ ਦਰੱਖਤ ਖਤਮ ਕਰ ਦਿੱਤੇ, ਕਿੰਨੇ ਜੀਵ ਜੰਤੂਆਂ ਦੇ ਘਰ ਉਜਾੜੇ, ਕੁਦਰਤੀ ਬਨਸਪਤੀ ਦਾ ਨਾਸ ਕੀਤਾ । ਇੱਕ ਐੱਨ.ਜੀ ਓ ਨੇ ਕੁਦਰਤੀ ਵਿਗਿਆਨਕ ਵਿਸ਼ਲੇਸ਼ਣ ਕੀਤਾ ਕਿ ਸਾਡੇ ਪੰਛੀ ਆਪਣੇ ਆਲ੍ਹਣੇ ਅੰਗਰੇਜ਼ੀ ਦਰਖਤਾਂ 'ਤੇ ਨਾ-ਮਾਤਰ ਪਾਉਂਦੇ ਹਨ । ਜ਼ਿਆਦਾਤਰ ਆਪਣਾ ਰੈਣ-ਬਸੇਰਾ ਦੇਸੀ ਦਰੱਖਤਾਂ 'ਤੇ ਕਰਦੇ ਹਨ, ਕਿਉਂਕਿ ਇਹਨਾਂ ਨੂੰ ਆਪਣੀ ਕੁਦਰਤੀ ਬਨਸਪਤੀ ਤੇ ਵਿਸ਼ਵਾਸ ਹੈ। ਨਵੇਂ ਬੱਚੇ ਸਾਡੇ ਦੇਸੀ ਦਰੱਖਤਾਂ ਦੇ ਨਾਂਅ ਭੁੱਲ ਗਏ, ਸਿਰਫ ਇੱਕ ਸ਼ਬਦ ਰਟਾ ਦਿੱਤਾ ਕਿ ਇਹ ਟ੍ਰੀ ਹਨ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਮਾਂ ਦਾ ਬਦਲ ਕਦੀ ਮਤਰੇਈ ਮਾਂ ਨਹੀਂ ਬਣ ਸਕਦੀ, ਮਾਂ, ਮਾਂ ਹੀ ਹੁੰਦੀ ਹੈ।ਅੱਜ ਭਾਵੇਂ ਘਰਾਂ ਅਤੇ ਪਾਰਕਾਂ ਵਿੱਚ ਅੰਗਰੇਜ਼ੀ ਦਰੱਖਤ ਲਗਾਏ ਜਾ ਰਹੇ ਹਨ, ਪਰ ਸਾਨੂੰ ਆਪਣੇ ਖੇਤਾਂ ਵਿੱਚ ਅਤੇ ਘਰਾਂ ਵਿੱਚ ਸਾਡੇ ਪੁਰਾਤਨ ਸਮੇਂ ਤੋਂ ਜੁੜੇ ਦੇਸੀ ਦਰੱਖਤਾਂ ਨੂੰ ਜ਼ਰੂਰ ਲਗਾਉਣਾ ਚਾਹੀਦਾ ਹੈ ਅਤੇ ਦੇਸੀ ਦਰੱਖਤਾਂ ਦੀ ਸਾਂਭ-ਸੰਭਾਲ ਕਰਨੀ ਚਾਹੀਦੀ ਹੈ। ਕਿਸੇ ਸੱਚ ਹੀ ਕਿਹਾ-ਮਾਂ,ਬੋਹੜ ਦੀ ਛਾਂ ਅਤੇ ਰੱਬ ਦਾ ਨਾਂਅ ਤਿੰਨੇ ਇੱਕੋ ਜਿਹੇ ਹਨ । ਆਓ, ਅੱਜ ਪਿੰਡਾਂ ਦੀਆਂ ਸੱਥਾਂ ਵਿੱਚ ਤ੍ਰਵੈਣੀਆਂ ਦੇ ਰੂਪ ਵਿੱਚ ਪਿੱਪਲ, ਬੋਹੜ ਅਤੇ ਨਿੰਮ ਦੇ ਦਰੱਖਤ ਸਾਂਝੇ ਰੂਪ ਦੇ ਵਿੱਚ ਲਗਾਈਏ।



**# ਸੰਪਰਕ : 98781-97000**

# ਸਿਹਤ ਵਿੱਤੀਕਰਨ-ਸਰਕਾਰ ਬਨਾਮ ਬਾਜ਼ਾਰ



ਡਾਕਟਰ ਇੰਦਰਵੀਰ ਗਿੱਲ

ਸਿਹਤ ਕਿਸੇ ਵੀ ਸਮਾਜ ਦੀ ਸਭ ਤੋਂ ਮਹੱਤਵਪੂਰਨ ਲੋੜਾਂ ਵਿੱਚੋਂ ਇੱਕ ਹੈ । ਸਮਾਜਿਕ ਤਰੱਕੀ, ਆਰਥਿਕ ਵਿਕਾਸ ਅਤੇ ਮਨੁੱਖੀ ਮਾਣ-ਸਨਮਾਨ ਲਈ ਤੰਦਰੁਸਤ ਵਸੋਂ ਦਾ ਹੋਣਾ ਲਾਜ਼ਮੀ ਹੈ । ਹਰ ਦੇਸ਼ ਨੂੰ ਇਹ ਫੈਸਲਾ ਕਰਨਾ ਪੈਂਦਾ ਹੈ ਕਿ ਸਿਹਤ ਸੇਵਾਵਾਂ ਦਾ ਵਿੱਤੀਕਰਨ ਅਤੇ ਪ੍ਰਬੰਧ ਕਿਵੇਂ ਕੀਤਾ ਜਾਵੇ, ਤਾਂ ਜੋ ਲੋਕ ਬਿਨਾਂ ਆਰਥਿਕ ਬੋਝ ਝੱਲੇ ਇਲਾਜ ਪ੍ਰਾਪਤ ਕਰ ਸਕਣ । ਅਲੱਗ-ਅਲੱਗ ਦੇਸ਼ ਵੱਖ-ਵੱਖ ਸਿਹਤ ਪ੍ਰਣਾਲੀਆਂ ਅਪਣਾਉਂਦੇ ਹਨ। ਕੁਝ ਦੇਸ਼ ਸਰਕਾਰੀ ਫੰਡਾਂ ਅਤੇ ਸਰਕਾਰੀ ਹਸਪਤਾਲਾਂ ਰਾਹੀਂ ਇਲਾਜ ਨੂੰ ਪਹਿਲ ਦਿੰਦੇ ਹਨ, ਜਦਕਿ ਬਾਕੀ ਨਿੱਜੀ ਬੀਮਾ ਕੰਪਨੀਆਂ ਅਤੇ ਬਾਜ਼ਾਰੀ ਮੁਕਾਬਲੇ ਨੂੰ ਵਧੇਰੇ ਮਹੱਤਵ ਦਿੰਦੇ ਹਨ ।

ਇਨ੍ਹਾਂ ਪ੍ਰਣਾਲੀਆਂ ਵਿੱਚ ਮੁੱਖ ਫ਼ਰਕ ਉਨ੍ਹਾਂ ਦੀਆਂ ਤਰਜੀਹਾਂ ਵਿੱਚ ਹੁੰਦਾ ਹੈ। ਜਨਤਕ ਸਿਹਤ ਪ੍ਰਣਾਲੀਆਂ ਸਿਹਤ ਸੇਵਾਵਾਂ ਨੂੰ ਇੱਕ ਸਮਾਜਿਕ ਜ਼ਿੰਮੇਵਾਰੀ ਮੰਨਦੀਆਂ ਹਨ ਅਤੇ ਹਰ ਨਾਗਰਿਕ ਨੂੰ ਸੇਵਾਵਾਂ ਪ੍ਰਦਾਨ ਕਰਨ ਦਾ ਟੀਚਾ ਰੱਖਦੀਆਂ ਹਨ । ਇਸ ਦੇ ਉਲਟ ਬਾਜ਼ਾਰ-ਅਧਾਰਿਤ ਪ੍ਰਣਾਲੀਆਂ ਸਿਹਤ ਸੇਵਾਵਾਂ ਨੂੰ ਇੱਕ ਵਪਾਰਕ ਸੇਵਾ ਵਜੋਂ ਦੇਖਦੀਆਂ ਹਨ, ਜਿੱਥੇ ਇਲਾਜ ਤੱਕ ਪਹੁੰਚ ਅਕਸਰ ਆਮਦਨ ਅਤੇ ਖਰੀਦਣ ਦੀ ਸਮਰੱਥਾ 'ਤੇ ਨਿਰਭਰ ਕਰਦੀ ਹੈ।

ਭਾਰਤ ਇੱਕ ਮਿਲੀ-ਜੁਲੀ ਸਿਹਤ ਪ੍ਰਣਾਲੀ ਦੀ ਪਾਲਣਾ ਕਰਦਾ ਰਿਹਾ ਹੈ, ਜਿੱਥੇ ਸਰਕਾਰੀ ਹਸਪਤਾਲ ਅਤੇ ਨਿੱਜੀ ਸੰਸਥਾਵਾਂ ਦੋਵੇਂ ਇਕੱਠੇ ਕੰਮ ਕਰਦੇ ਹਨ। ਆਜ਼ਾਦੀ ਤੋਂ ਬਾਅਦ ਭਾਰਤ ਨੇ ਇੱਕ ਕਲਿਆਣਕਾਰੀ ਦ੍ਰਿਸ਼ਟੀਕੋਣ ਅਪਣਾਇਆ, ਜਿਸ ਅਧੀਨ ਰਾਜ ਨੇ ਜਨਤਕ ਸਿਹਤ ਦੀ ਜ਼ਿੰਮੇਵਾਰੀ ਆਪਣੇ ਸਿਰ ਲਈ। ਸਰਕਾਰੀ ਹਸਪਤਾਲ, ਪ੍ਰਾਇਮਰੀ ਹੈੱਲਥ ਸੈਂਟਰ (PHCs), ਟੀਕਾਕਰਨ ਪ੍ਰੋਗਰਾਮ, ਬਿਮਾਰੀ-ਨਿਯੰਤਰਣ ਮੁਹਿੰਮਾਂ ਅਤੇ ਪੇਂਡੂ ਸਿਹਤ ਯੋਜਨਾਵਾਂ ਸਿਹਤ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਬਣੇ। ਜਨਤਕ ਸਿਹਤ ਨੂੰ ਰਾਸ਼ਟਰ-ਨਿਰਮਾਣ ਅਤੇ ਸਮਾਜਿਕ ਭਲਾਈ ਦਾ ਮਹੱਤਵਪੂਰਨ ਹਿੱਸਾ ਮੰਨਿਆ ਜਾਂਦਾ ਰਿਹਾ।

ਪਰ ਪਿਛਲੇ ਤਿੰਨ ਦਹਾਕਿਆਂ ਦੌਰਾਨ, ਖਾਸ ਕਰਕੇ 1991 ਦੀਆਂ ਆਰਥਿਕ ਉਦਾਰੀਕਰਨ ਨੀਤੀਆਂ ਤੋਂ ਬਾਅਦ ਭਾਰਤ ਦੀ ਸਿਹਤ ਪ੍ਰਣਾਲੀ ਵਿੱਚ ਵੱਡੇ ਬਦਲਾਅ ਆਏ ਹਨ। ਸਰਕਾਰਾਂ ਨੇ ਨਿੱਜੀਕਰਨ, ਬੀਮਾ-ਅਧਾਰਤ ਸਿਹਤ ਸੇਵਾਵਾਂ ਅਤੇ ਕਾਰਪੋਰੇਟ ਭਾਗੀਦਾਰੀ ਨੂੰ ਉਤਸ਼ਾਹਿਤ ਕੀਤਾ ਹੈ।ਨਿੱਜੀ ਹਸਪਤਾਲਾਂ, ਡਾਇਗਨੋਸਟਿਕ ਚੇਨਾਂ, ਦਵਾਈ ਕੰਪਨੀਆਂ ਅਤੇ ਮੈਡੀਕਲ ਬੀਮਾ ਬਾਜ਼ਾਰ ਦਾ ਤੇਜ਼ੀ ਨਾਲ ਵਿਸਥਾਰ ਹੋਇਆ ਹੈ । ਇਸ ਦੇ ਉਲਟ ਜਨਤਕ ਸਿਹਤ ਢਾਂਚਾ ਅਕਸਰ ਫੰਡਾਂ ਦੀ ਘਾਟ ਅਤੇ ਵੱਧ ਬੋਝ ਦਾ ਸ਼ਿਕਾਰ ਹੋ ਰਿਹਾ ਹੈ।

ਅੱਜ ਕਈ ਸਰਕਾਰੀ ਹਸਪਤਾਲ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਡਾਕਟਰਾਂ, ਨਰਸਾਂ, ਬਿਸਤਰਿਆਂ, ਦਵਾਈਆਂ ਅਤੇ ਮੈਡੀਕਲ ਉਪਕਰਣਾਂ ਦੀ ਘਾਟ ਹੈ। ਪੇਂਡੂ ਖੇਤਰਾਂ ਵਿੱਚ ਹਸਪਤਾਲਾਂ ਵਿੱਚ ਸਟਾਫ ਦੀ ਕਮੀ ਅਤੇ ਕਮਜ਼ੋਰ ਐਮਰਜੈਂਸੀ ਸੇਵਾਵਾਂ ਦੀ ਸਮੱਸਿਆ ਜਾਰੀ ਹੈ। ਮਰੀਜ਼ਾਂ ਨੂੰ ਇਲਾਜ ਲਈ ਲੰਮੇ ਫਾਸਲੇ ਤੈਅ ਕਰਨੇ ਪੈਂਦੇ ਹਨ। ਭੀੜ-ਭਾੜ, ਲੰਮੀਆਂ ਉਡੀਕਾਂ ਅਤੇ ਕਮਜ਼ੋਰ ਢਾਂਚਾ ਆਮ ਲੋਕਾਂ ਦੀਆਂ ਮੁਸ਼ਕਲਾਂ ਵਧਾਉਂਦਾ ਹੈ।

ਇਨ੍ਹਾਂ ਸਮੱਸਿਆਵਾਂ ਨੂੰ ਮਜ਼ਬੂਤ ਜਨਤਕ ਨਿਵੇਸ਼ ਰਾਹੀਂ ਹੱਲ ਕਰਨ ਦੀ ਬਜਾਏ, ਹਾਲੀਆ ਨੀਤੀਆਂ ਵਧੇਰੇ ਬੀਮਾ-ਅਧਾਰਤ ਮਾਡਲਾਂ, ਜਿਵੇਂ ਕਿ ਠੇਕੇਦਾਰੀ ਪ੍ਰਬੰਧ ਆਯੁਸ਼ਮਾਨ ਭਾਰਤ, ਪਬਲਿਕ - ਪ੍ਰਾਈਵੇਟ ਮਾਡਲ ਨੂੰ ਪਹਿਲ ਦੇਣ 'ਤੇ ਕੇਂਦਰਿਤ ਹਨ । ਹਾਲਾਂਕਿ ਇਹ ਯੋਜਨਾਵਾਂ ਕੁਝ ਮਰੀਜ਼ਾਂ ਨੂੰ ਆਰਥਿਕ ਸਹਾਇਤਾ ਦਿੰਦੀਆਂ ਹਨ, ਪਰ ਜਨਤਕ ਧਨ ਦਾ ਵੱਡਾ ਹਿੱਸਾ ਨਿੱਜੀ ਹਸਪਤਾਲਾਂ ਵੱਲ ਜਾਂਦਾ ਹੈ। ਆਲੋਚਕਾਂ ਦਾ ਮੰਨਣਾ ਹੈ ਕਿ ਇਹ ਪਹੁੰਚ ਜਨਤਕ ਸੰਸਥਾਵਾਂ ਨਾਲੋਂ ਕਾਰਪੋਰੇਟ ਸਿਹਤ ਸੇਵਾਵਾਂ ਨੂੰ ਵਧੇਰੇ ਮਜ਼ਬੂਤ ਕਰਦੀ ਹੈ।

ਨਿੱਜੀ ਸਿਹਤ ਖੇਤਰ ਦੇ ਵਿਕਾਸ ਨੇ ਸ਼ਹਿਰੀ ਖੇਤਰਾਂ ਵਿੱਚ ਉੱਚ ਤਕਨੀਕੀ ਅਤੇ ਵਿਸ਼ੇਸ਼ ਇਲਾਜ ਦੀ ਪਹੁੰਚ ਵਿੱਚ ਸੁਧਾਰ ਕੀਤਾ ਹੈ। ਅੱਜ ਭਾਰਤ ਕੋਲ ਵਿਸ਼ਵ-ਪੱਧਰੀ ਨਿੱਜੀ ਹਸਪਤਾਲ ਅਤੇ ਕੁਸ਼ਲ ਮੈਡੀਕਲ ਪੇਸ਼ੇਵਰ ਹਨ, ਪਰ ਇਸ ਵਿਕਾਸ ਨਾਲ ਸਿਹਤ ਸੇਵਾਵਾਂ ਦਾ ਵਪਾਰੀਕਰਨ ਵੀ ਵਧਿਆ ਹੈ। ਇਲਾਜ ਕਈ ਪਰਵਾਰਾਂ ਲਈ ਬਹੁਤ ਮਹਿੰਗਾ ਹੋ ਗਿਆ ਹੈ।

ਸਿਹਤ ਸਿਰਫ਼ ਇੱਕ ਡਾਕਟਰੀ ਮੁੱਦਾ ਨਹੀਂ; ਇਹ ਆਰਥਿਕ ਅਤੇ ਸਮਾਜਿਕ ਹਾਲਤਾਂ ਨਾਲ ਵੀ ਡੂੰਘੇ ਤੌਰ 'ਤੇ ਜੁੜੀ ਹੋਈ ਹੈ। ਆਮਦਨ, ਰਿਹਾਇਸ਼, ਪੋਸ਼ਣ, ਸਫ਼ਾਈ, ਸਿੱਖਿਆ, ਰੁਜ਼ਗਾਰ ਅਤੇ ਵਾਤਾਵਰਣਕ ਹਾਲਾਤ ਲੋਕਾਂ ਦੀ ਸਿਹਤ ਨੂੰ ਪ੍ਰਭਾਵਤ ਕਰਦੇ ਹਨ। ਗਰੀਬ ਭਾਈਚਾਰਿਆਂ ਨੂੰ ਅਕਸਰ ਗੰਦੇ ਪੀਣਯੋਗ ਪਾਣੀ, ਕੁਪੋਸ਼ਣ, ਪ੍ਰਦੂਸ਼ਣ, ਮਾੜੀ ਸਫ਼ਾਈ ਅਤੇ ਅਸੁਰੱਖਿਅਤ ਕੰਮਕਾਜੀ ਹਾਲਾਤ ਦਾ ਸਾਹਮਣਾ ਕਰਨਾ ਪੈਂਦਾ ਹੈ। ਨਤੀਜੇ ਵਜੋਂ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਵਿੱਚ ਬਿਮਾਰੀਆਂ ਦਾ ਬੋਝ ਵੱਧ, ਉਮਰ ਘੱਟ ਅਤੇ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਤੱਕ ਪਹੁੰਚ ਸੀਮਤ ਹੁੰਦੀ ਹੈ।

ਭਾਰਤ ਨੂੰ ਪੇਂਡੂ ਅਤੇ ਸ਼ਹਿਰੀ ਸਿਹਤ ਸੇਵਾਵਾਂ ਵਿਚਕਾਰ ਵੱਡੀ ਅਸਮਾਨਤਾ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ। ਵੱਡੇ ਸ਼ਹਿਰਾਂ ਵਿੱਚ ਆਧੁਨਿਕ ਹਸਪਤਾਲ ਅਤੇ ਮਾਹਰ ਡਾਕਟਰ ਹੋ ਸਕਦੇ ਹਨ, ਜਦਕਿ ਕਈ ਪਿੰਡ ਅਜੇ ਵੀ ਬੁਨਿਆਦੀ ਸਹੂਲਤਾਂ, ਡਾਕਟਰਾਂ ਅਤੇ ਐਂਬੂਲੈਂਸਾਂ ਤੋਂ ਵਾਂਝੇ ਹਨ। ਕਈ ਪੇਂਡੂ ਖੇਤਰਾਂ ਵਿੱਚ ਪ੍ਰਾਇਮਰੀ ਹੈੱਲਥ ਸੈਂਟਰ ਸਟਾਫ ਅਤੇ ਢਾਂਚੇ ਦੀ ਕਮੀ ਕਾਰਨ ਵਧੀਆ ਢੰਗ ਨਾਲ ਕੰਮ ਨਹੀਂ ਕਰਦੇ। ਇਹ ਅਸਮਾਨਤਾ ਅਮੀਰ ਅਤੇ ਗਰੀਬ ਲੋਕਾਂ ਦੇ ਸਿਹਤ ਨਤੀਜਿਆਂ ਵਿੱਚ ਵੱਡਾ ਫ਼ਰਕ ਪੈਦਾ ਕਰਦੀ ਹੈ।

ਭਾਰਤ ਦਾ ਜਨਤਕ ਸਿਹਤ ਖਰਚਾ ਅਜੇ ਵੀ ਕਈ ਹੋਰ ਦੇਸ਼ਾਂ ਦੇ ਮੁਕਾਬਲੇ ਘੱਟ ਹੈ। ਦੁਨੀਆ ਦੀਆਂ ਸਭ ਤੋਂ ਵੱਡੀਆਂ ਅਰਥ ਵਿਵਸਥਾਵਾਂ ਵਿੱਚੋਂ ਇੱਕ ਹੋਣ ਦੇ ਬਾਵਜੂਦ ਭਾਰਤ ਜਨਤਕ ਸਿਹਤ 'ਤੇ ਆਪਣੀ ਰਾਸ਼ਟਰੀ ਆਮਦਨ ਦਾ ਉਹ ਹਿੱਸਾ ਖਰਚ ਨਹੀਂ ਕਰਦਾ, ਜੋ ਕਈ ਗਰੀਬ ਏਸ਼ੀਆਈ ਦੇਸ਼ਾਂ—ਜਿਵੇਂ ਸ੍ਰੀਲੰਕਾ, ਬੰਗਲਾਦੇਸ਼ ਅਤੇ ਵੀਅਤਨਾਮ ਵੱਲੋਂ ਖਰਚਿਆ ਜਾਂਦਾ ਹੈ। ਇਸ ਦਾ ਪ੍ਰਭਾਵ ਜਨਤਕ ਸਿਹਤ ਢਾਂਚੇ, ਸਿਹਤ ਕਰਮਚਾਰੀਆਂ ਅਤੇ ਪ੍ਰਾਪਤੀਯੋਗ ਸੇਵਾਵਾਂ ਦੀ ਘਾਟ ਦੇ ਰੂਪ ਵਿੱਚ ਸਪੱਸ਼ਟ ਦਿਖਾਈ ਦਿੰਦਾ ਹੈ।

ਕੋਵਿਡ-19 ਮਹਾਂਮਾਰੀ ਨੇ ਦੁਨੀਆ ਭਰ ਦੀਆਂ ਸਿਹਤ ਪ੍ਰਣਾਲੀਆਂ ਸਮੇਤ ਭਾਰਤ ਦੀਆਂ ਕਮਜ਼ੋਰੀਆਂ ਨੂੰ ਬੇਨਕਾਬ ਕਰ ਦਿੱਤਾ। ਇਸ ਸੰਕਟ ਦੌਰਾਨ ਮਜ਼ਬੂਤ ਸਰਕਾਰੀ ਹਸਪਤਾਲਾਂ, ਆਕਸੀਜਨ ਸਪਲਾਈ ਪ੍ਰਣਾਲੀਆਂ, ਟੀਕਾਕਰਨ ਪ੍ਰੋਗਰਾਮਾਂ ਅਤੇ ਸਿਖਲਾਈ ਪ੍ਰਾਪਤ ਸਿਹਤ ਕਰਮਚਾਰੀਆਂ ਦੀ ਮਹੱਤਤਾ ਸਪੱਸ਼ਟ ਹੋ ਗਈ। ਮਹਾਂਮਾਰੀ ਨੇ ਇਹ ਦਰਸਾਇਆ ਕਿ ਰਾਸ਼ਟਰੀ ਐਮਰਜੈਂਸੀ ਦੌਰਾਨ ਸਿਹਤ ਸੇਵਾਵਾਂ ਨੂੰ ਪੂਰੀ ਤਰ੍ਹਾਂ ਬਾਜ਼ਾਰੀ ਤਾਕਤਾਂ ਦੇ ਹਵਾਲੇ ਨਹੀਂ ਕੀਤਾ ਜਾ ਸਕਦਾ।

ਅੱਜ ਭਾਰਤ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਕੁਸ਼ਲਤਾ ਅਤੇ ਸਮਾਜਿਕ ਨਿਆਂ ਵਿਚਕਾਰ ਸੰਤੁਲਨ ਕਾਇਮ ਕਰਨ ਦੀ ਹੈ। ਨਿੱਜੀ ਸਿਹਤ ਖੇਤਰ ਤਕਨਾਲੋਜੀ ਅਤੇ ਵਿਸ਼ੇਸ਼ ਸੇਵਾਵਾਂ ਵਿੱਚ ਯੋਗਦਾਨ ਦੇ ਸਕਦਾ ਹੈ, ਪਰ ਰਾਜ ਆਪਣੀ ਜਨਤਕ ਸਿਹਤ ਸੰਬੰਧੀ ਜ਼ਿੰਮੇਵਾਰੀ ਤੋਂ ਪਿੱਛੇ ਨਹੀਂ ਹਟ ਸਕਦਾ। ਲੱਖਾਂ ਗਰੀਬ ਅਤੇ ਪੇਂਡੂ ਨਾਗਰਿਕ ਅਜੇ ਵੀ ਕਮਜ਼ੋਰ ਸਰਕਾਰੀ ਹਸਪਤਾਲਾਂ ਅਤੇ ਜਨਤਕ ਸਿਹਤ ਸੇਵਾਵਾਂ 'ਤੇ ਨਿਰਭਰ ਹਨ।

ਇੱਕ ਮਜ਼ਬੂਤ ਸਿਹਤ ਪ੍ਰਣਾਲੀ ਲਈ ਜਨਤਕ ਨਿਵੇਸ਼ ਵਿੱਚ ਵਾਧਾ, ਸਰਕਾਰੀ ਹਸਪਤਾਲਾਂ ਦਾ ਵਿਸਥਾਰ, ਸਸਤੀਆਂ ਦਵਾਈਆਂ, ਸਿਖਲਾਈ ਪ੍ਰਾਪਤ ਸਿਹਤ ਕਰਮਚਾਰੀ, ਮਜ਼ਬੂਤ ਪੇਂਡੂ ਢਾਂਚਾ ਅਤੇ ਰੋਕਥਾਮ-ਅਧਾਰਿਤ ਸਿਹਤ ਪ੍ਰੋਗਰਾਮਾਂ ਦੀ ਲੋੜ ਹੈ। ਇਸ ਦੇ ਨਾਲ ਹੀ ਪੋਸ਼ਣ, ਸਫ਼ਾਈ, ਸਾਫ਼ ਪੀਣਯੋਗ ਪਾਣੀ, ਸਿੱਖਿਆ ਅਤੇ ਰਿਹਾਇਸ਼ ਨੂੰ ਵੀ ਬਰਾਬਰ ਮਹੱਤਵ ਦੇਣਾ ਚਾਹੀਦਾ ਹੈ, ਕਿਉਂਕਿ ਜਨਤਕ ਸਿਹਤ ਲੋਕਾਂ ਦੀਆਂ ਸਮੁੱਚੀਆਂ ਜੀਵਨ ਹਾਲਤਾਂ 'ਤੇ ਨਿਰਭਰ ਕਰਦੀ ਹੈ।

ਸਿਹਤ ਨੂੰ ਕੇਵਲ ਮੁਨਾਫ਼ਾ ਕਮਾਉਣ ਵਾਲਾ ਕਾਰੋਬਾਰ ਨਹੀਂ, ਸਗੋਂ ਇੱਕ ਜਨਤਕ ਜ਼ਿੰਮੇਵਾਰੀ ਮੰਨਿਆ ਜਾਣਾ ਚਾਹੀਦਾ ਹੈ। ਸਿਹਤ ਪ੍ਰਣਾਲੀ ਦਾ ਉਦੇਸ਼ ਮਜ਼ਬੂਤ ਜਨਤਕ ਸੰਸਥਾਵਾਂ ਅਤੇ ਵਿਆਪਕ ਸਮਾਜਿਕ ਵਿਕਾਸ ਰਾਹੀਂ ਜਨਸਾਧਾਰਣ ਪਹੁੰਚ, ਬਿਮਾਰੀਆਂ ਦੀ ਰੋਕਥਾਮ, ਸਮਾਨਤਾ ਅਤੇ ਮਨੁੱਖੀ ਭਲਾਈ ਨੂੰ ਯਕੀਨੀ ਬਣਾਉਣਾ ਹੋਣਾ ਚਾਹੀਦਾ ਹੈ। ਕੋਈ ਵੀ ਸਮਾਜ ਤਦ ਹੀ ਅਸਲ ਤਰੱਕੀ ਕਰ ਸਕਦਾ ਹੈ, ਜਦੋਂ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਹਰ ਵਿਅਕਤੀ ਲਈ ਉਪਲਬਧ ਹੋਣ, ਨਾ ਕਿ ਸਿਰਫ਼ ਬਹੁਤ ਥੋੜ੍ਹੇ ਲੋਕਾਂ ਲਈ ਜੋ ਇਸ ਦਾ ਖਰਚਾ ਝੱਲ ਸਕਦੇ ਹੋਣ।

**# ਸੰਪਰਕ : 98140-38380**

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਮੋਰਚਾ ਵੱਲੋਂ ਡੀ ਸੀ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ






**ਲੁਧਿਆਣਾ (ਸਤੀਸ਼ ਸਚਦੇਵਾ)**
ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ, ਪੰਜਾਬ ਮੁਲਾਜ਼ਮ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਤੇ ਪੰਜਾਬ ਮੁਲਾਜ਼ਮ-ਪੈਨਸ਼ਨਰ ਫਰੰਟ ਵੱਲੋਂ ਪੰਜਾਬ ਭਰ ਵਿੱਚ ਡੀ.ਸੀ. ਦਫ਼ਤਰਾਂ ਅੱਗੇ ਰੋਸ ਧਰਨਿਆਂ ਦੇ ਦਿੱਤੇ ਸੱਦੇ ਤਹਿਤ ਡੀ.ਸੀ. ਦਫ਼ਤਰ ਲੁਧਿਆਣਾ ਵਿਖੇ ਜ਼ਿਲ੍ਹੇ ਦੀਆਂ ਸਮੂਹ ਮੁਲਾਜ਼ਮ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਸੰਦੀਪ ਭੁੰਬਕ, ਗੁਰਚਰਨ ਪੰਧੇਰ, ਅਮਿਤ ਅਰੋੜਾ, ਸੰਜੀਵ ਭਾਰਗਵ, ਗੁਰਮੇਲ ਸਿੰਘ ਮੈਡਲੇ ਤੇ ਗੁਰਪ੍ਰੀਤ ਸਿੰਘ ਖੱਟੜਾ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਚੋਣ ਵਾਅਦਿਆਂ ਤੋਂ ਮੁੱਕਰ ਗਈ ਹੈ, ਜਿਸ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਸਰਕਾਰ ਨੂੰ ਉਸ ਦੇ ਵਾਅਦੇ ਯਾਦ ਕਰਵਾਉਣ ਲਈ ਅੱਜ ਸਾਂਝੇ ਤੌਰ 'ਤੇ ਸੰਘਰਸ਼ ਦਾ ਬਿਗੁਲ ਵਜਾਇਆ ਗਿਆ ਹੈ।ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੁੱਖ ਮੰਗਾਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨਾ, ਪੈਨਸ਼ਨਰਾਂ ਦੀ ਪੇ-ਕਮਿਸ਼ਨ ਗਣਨਾ 2.59 ਗੁਣਾਂਕ ਨਾਲ ਕਰਨਾ, ਮੁਲਾਜ਼ਮ ਵਿਰੋਧੀ ਪੱਤਰ ਮਿਤੀ 17-07-2020 ਅਤੇ 15-01-2015 ਰੱਦ ਕਰਨਾ, ਏ.ਸੀ.ਪੀ. ਸਕੀਮ ਲਾਗੂ ਕਰਨਾ, ਪੇਂਡੂ ਭੱਤੇ ਸਮੇਤ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨਾ, ਮਾਣ-ਭੱਤਾ/ਇਨਸੈਂਟਿਵ ਕਰਮਚਾਰੀਆਂ ਅਤੇ ਕੱਚੇ ਤੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨਾ ਆਦਿ ਸ਼ਾਮਲ ਹਨ।ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਪ੍ਰਭਾਵ ਨਾਲ ਨਾ ਮੰਨਿਆ ਤਾਂ 1 ਜੁਲਾਈ ਤੋਂ 10 ਜੁਲਾਈ ਤੱਕ ਵਿਧਾਇਕਾਂ ਤੇ ਮੰਤਰੀਆਂ ਦੇ ਘਰਾਂ ਅੱਗੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਚੇਤਾਵਨੀ ਪੱਤਰ ਦਿੱਤੇ ਜਾਣਗੇ।ਇਸ ਤੋਂ ਇਲਾਵਾ 17 ਜੁਲਾਈ ਨੂੰ ਮੋਹਾਲੀ ਵਿਖੇ ਸੂਬਾ ਪੱਧਰੀ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ।ਅੱਜ ਦੇ ਵਿਸ਼ਾਲ ਰੋਸ ਧਰਨੇ ਵਿੱਚ ਪੀ.ਐੱਸ.ਐੱਮ.ਐੱਸ.ਯੂ. ਲੁਧਿਆਣਾ, ਵੱਖ-ਵੱਖ ਸਰਕਾਰੀ ਵਿਭਾਗਾਂ ਦੀਆਂ ਮੁਲਾਜ਼ਮ ਜਥੇਬੰਦੀਆਂ, ਅਧਿਆਪਕ ਜਥੇਬੰਦੀਆਂ, ਕੱਚੇ ਅਤੇ ਠੇਕਾ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਅਤੇ ਪੈਨਸ਼ਨਰ ਸੰਸਥਾਵਾਂ ਦੇ ਵੱਡੀ ਗਿਣਤੀ ਵਿੱਚ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸੁਖਵਿੰਦਰ ਸਿੰਘ, ਹਰਵਿੰਦਰ ਸਿੰਘ ਬਿਲਗਾ, ਖੁਸ਼ਵੰਤ ਸਿੰਘ, ਅਜੀਤਪਾਲ ਸਿੰਘ ਜੱਸੋਵਾਲ, ਸ਼ਾਮ ਸੁੰਦਰ, ਹਰਜੀਤ ਸਿੰਘ, ਬਲਦੇਵ ਸਿੰਘ ਵਾਲੀਆ, ਰਜਿੰਦਰ ਕੌਰ, ਚਮਕੌਰ ਸਿੰਘ ਬਰਮੀ, ਕੁਲਬੀਰ ਸਿੰਘ ਬੈਨੀਪਾਲ, ਅਵਤਾਰ ਸਿੰਘ ਗੱਗੜ, ਜਗਜੀਤ ਸਿੰਘ, ਹਰਬੰਸ ਸਿੰਘ, ਰੁਪਿੰਦਰਪਾਲ ਗਿੱਲ, ਰਮਨਜੀਤ ਸਿੰਧੂ, ਗੁਰਮੀਤ ਸਿੰਘ ਮਦਨੀਪੁਰ, ਹਰਪ੍ਰੀਤ ਗਰੇਵਾਲ, ਰਘਵੀਰ ਸਿੰਘ ਰਾਮਗੜ੍ਹ, ਦਰਸ਼ਨ ਸਿੰਘ, ਵਿਨੋਦ ਕੁਮਾਰ, ਬਲਦੇਵ ਕ੍ਰਿਸ਼ਨ ਮੋਦਗਿੱਲ, ਹਰਜੀਤ ਸਿੰਘ ਸੁਧਾਰ, ਹਰਮੀਤ ਸਿੰਘ ਕੀਂਗਰਾ, ਟਹਿਲ ਸਿੰਘ ਸਰਾਭਾ, ਸੁਸ਼ੀਲ ਕੁਮਾਰ, ਪਲਵਿੰਦਰ ਸਿੰਘ ਪੰਧੇਰ, ਗੁਰਚਰਨ ਸਿੰਘ ਦੁੱਗਾ, ਪ੍ਰੇਮ ਸਿੰਘ, ਕੁਲਪ੍ਰੀਤ ਸਿੰਘ ਪੱਖੋਵਾਲ, ਰੁਪਿੰਦਰਪਾਲ ਸਿੰਘ, ਜਸਵੰਤ ਸਿੰਘ ਜੀਰਖ, ਨਿਰਮਲ ਸਿੰਘ ਰੰਧਾਵਾ, ਹਰਵੰਤ ਸਿੰਘ ਮਾਂਗਟ, ਕੁਲਜਿੰਦਰ ਸਿੰਘ ਬੱਦੋਵਾਲ, ਵਿਕਰਮ ਸਿੰਘ ਕੱਦੋਂ ਤੇ ਮੁਖਤਿਆਰ ਸਿੰਘ ਢੋਲਣ, ਸਤੀਸ਼ ਸਚਦੇਵਾ ਸਮੇਤ ਵੱਡੀ ਗਿਣਤੀ ਵਿੱਚ ਆਗੂ ਤੇ ਮੁਲਾਜ਼ਮ ਹਾਜ਼ਰ ਸਨ।

**ਮਾਨਸਾ (ਆਤਮਾ ਸਿੰਘ ਪਮਾਰ)** : ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਮੋਰਚਾ, ਜ਼ਿਲ੍ਹਾ ਮਾਨਸਾ ਵੱਲੋਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਮੂਹਰੇ ਇੱਕ ਵਿਸ਼ਾਲ ਰੈਲੀ ਕੀਤੀ ਗਈ।ਰੈਲੀ 'ਚ ਵੱਡੀ ਗਿਣਤੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸ਼ਮੂਲੀਅਤ ਕਰਕੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਨ ਤੋਂ ਇਲਾਵਾ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ ਰੋਸ ਰੈਲੀ ਦੀ ਪ੍ਰਧਾਨਗੀ ਪੀ.ਐੱਸ.ਐੱਮ.ਐੱਸ.ਯੂ. ਦੇ ਜ਼ਿਲ੍ਹਾ ਪ੍ਰਧਾਨ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ ਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾ ਵੱਲੋਂ ਕੀਤੀ ਗਈ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਜਸਵੰਤ ਸਿੰਘ ਮੌਜੋ (ਚੇਅਰਮੈਨ, ਪੀ.ਐੱਸ.ਐੱਮ.ਐੱਸ.ਯੂ.), ਹਰਪ੍ਰੀਤ ਸਿੰਘ (ਪ੍ਰਧਾਨ, ਡੀ.ਸੀ. ਦਫ਼ਤਰ), ਰਾਜਕੁਮਾਰ ਰੰਗਾ (ਪ੍ਰਧਾਨ, ਪੰਜਾਬ ਸਬਾਰਡੀਨੇਟ ਫੈਡਰੇਸ਼ਨ), ਰਾਮ ਸਿੰਘ (ਰਿਟਾਇਰਡ ਪੁਲਿਸ ਇੰਸਪੈਕਟਰ, ਪੈਨਸ਼ਨਰ ਯੂਨੀਅਨ), ਜਗਸੀਰ ਸਿੰਘ (ਪ੍ਰਧਾਨ, ਦਰਜਾ ਚਾਰ ਯੂਨੀਅਨ ਡੀ.ਸੀ. ਦਫ਼ਤਰ), ਧਰਮਿੰਦਰ ਸਿੰਘ (ਪ੍ਰਧਾਨ, ਪੁਰਾਣੀ ਪੈਨਸ਼ਨ ਸਕੀਮ ਬਹਾਲੀ ਯੂਨੀਅਨ), ਅਮਨਦੀਪ ਸ਼ਰਮਾ (ਐੱਚ ਟੀ ਸੀ ਐੱਚ ਟੀ. ਯੂਨੀਅਨ), ਲਖਨ ਲਾਲ ਮੌੜ, ਦਰਸ਼ਨ ਸਿੰਘ ਜੋਗਾ,ਦਰਸ਼ਨ ਸਿੰਘ ਨੰਗਲ, ਦਰਸ਼ਨ ਸਿੰਘ ਅਲੀਸ਼ੇਰ, ਜਗਦੇਵ ਸਿੰਘ ਘੁਰਕਣੀ ਤੇ ਡੀ.ਐੱਮ.ਐੱਫ. ਦੇ ਆਗੂਆਂ ਨੇ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰਜ਼ ਵਿਰੋਧੀ ਨੀਤੀਆਂ ਦੀ ਤਿੱਖੀ ਆਲੋਚਨਾ ਕਰਦਿਆਂ ਕਰਦਿਆਂ ਕਿਹਾ ਕਿ ਸੂਬੇ ਭਰ 'ਚ ਮੁਲਾਜ਼ਮਾਂ, ਪੈਨਸ਼ਨਰਾਂ, ਮਜ਼ਦੂਰਾਂ, ਕਿਸਾਨਾਂ ਤੇ ਆਊਟ ਸੋਰਸਿੰਗ ਕਾਮਿਆਂ ਵੱਲੋਂ ਧਰਨੇ, ਹੜਤਾਲਾਂ ਦਾ ਇੱਕ ਤਰ੍ਹਾਂ ਨਾਲ ਹੜ੍ਹ ਆਇਆ ਪਿਆ ਹੈ, ਪ੍ਰੰਤੂ ਸੂਬੇ ਦੀ ਸਰਕਾਰ ਦੇ ਕੰਨਾਂ 'ਤੇ ਜੂੰਅ ਤੱਕ ਨਹੀਂ ਸਰਕ ਰਹੀ।ਉਨ੍ਹਾਂ ਚਿਤਾਵਨੀ ਦਿੱਤੀ ਕਿ ਆਗਾਮੀ ਚੋਣਾਂ ਦੌਰਾਨ ਆਪ ਸਰਕਾਰ ਇਸ ਬੇਇਨਸਾਫ਼ੀ ਦੇ ਸਿੱਟੇ ਭੁਗਤਣ ਲਈ ਤਿਆਰ ਰਹੇ।

**ਮਾਲੇਰਕੋਟਲਾ (ਅਸਗਰ ਪਰਿਹਾਰ)** : ਪੰਜਾਬ ਮੁਲਾਜ਼ਮ ਪੈਨਸ਼ਨਰਜ਼ ਸਾਝਾਂ ਫਰੰਟ ਅਧਾਰਤ ਗਠਨ ਕੀਤੀ ਗਈ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਵੱਲੋਂ ਦਿੱਤੇ ਗਏ ਐਕਸ਼ਨ ਪ੍ਰੋਗਰਾਮ ਮਤਾਬਿਕ ਡੀਸੀ ਦਫਤਰ ਮਲੇਰਕੋਟਲਾ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਤੇ ਧਰਨਾ ਦਿੱਤਾ ਗਿਆ।ਇਸ ਮੌਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ।ਧਰਨੇ ਵਿੱਚ ਮੁੱਖ ਬੁਲਾਰੇ ਰਣਜੀਤ ਸਿੰਘ ਰਾਣਵਾਂ ਤੇ ਸਟੇਜ ਸਕੱਤਰ ਗੁਲਜਾਰ ਖਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਤੋਂ ਬਿਲਕੁਲ ਮੁਨਕਰ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਵੱਲ ਪੰਜਾਬ ਸਰਕਾਰ ਬਿਲਕੁਲ ਵੀ ਧਿਆਨ ਨਹੀਂ ਦੇ ਰਹੀ।

ਉਪਰੋਕਤ ਤੋਂ ਇਲਾਵਾ ਧਰਨੇ ਨੂੰ ਜਸਵੰਤ ਸਿੰਘ ਬਨਭੌਰੀ ਜ਼ਿਲ੍ਹਾ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ, ਨਿਰਮਲ ਸਿੰਘ ਫਲੌਂਡ, ਗੁਰਧਿਆਨ ਸਿੰਘ ਪੀ ਐੱਸ ਈ ਬੀ ਇੰਪ: ਫੈਡਰੇਸ਼ਨ ਏਟਕ, ਜਰਨੈਲ ਸਿੰਘ ਪੰਜਗਰਾਈਆਂ ਪ੍ਰਧਾਨ ਪਾਵਰਕੌਮ ਪੈਨਸ਼ਨਰ, ਦੀਦਾਰ ਸਿੰਘ ਪਟਵਾਰ ਯੂਨੀਅਨ, ਪਰਮਜੀਤ ਸਿੰਘ ਜਨਰਲ ਸਕੱਤਰ, ਗੁਰਜੀਤ ਸਿੰਘ, ਮਿਰਜਾ ਸਿੰਘ ਸੱਦੋਪੁਰ, ਰਾਜਵੰਤ ਸਿੰਘ, ਰਾਜ ਸਿੰਘ ਪ੍ਰਧਾਨ, ਬਲਵੀਰ ਸਿੰਘ, ਰਾਜ ਸਿਕੰਦਰ, ਜੱਗਾ ਸਿੰਘ ਮੰਡਿਆਲਾ, ਗੁਰਜੀਤ ਸਿੰਘ, ਸੋਹੀ ਮੁਹੰਮਦ ਬਸੀਰ, ਰਣਦੀਪ ਸਿੰਘ, ਅਮਿਤ ਕੁਮਾਰ ਡੀਸੀ ਦਫਤਰ ਯੂਨੀਅਨ ਤੇ ਦਿਲਜਾਨ ਅਲੀ ਨੇ ਸੰਬੋਧਨ ਕੀਤਾ। ਅੰਤ ਵਿੱਚ ਨਰਿੰਦਰ ਕੁਮਾਰ ਵੱਲੋਂ ਆਏ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

## ਕਾਤਰਾਂ

### 450 ਗ੍ਰਾਮ ਅਫੀਮ ਸਮੇਤ ਕਾਬੂ

**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਥਾਣਾ ਭਵਾਨੀਗੜ੍ਹ ਪੁਲਿਸ ਨੂੰ ਨਸ਼ਾ ਤਸਕਰਾਂ ਖ਼ਿਲਾਫ਼ ਇੱਕ ਹੋਰ ਅਹਿਮ ਸਫਲਤਾ ਮਿਲੀ ਹੈ। ਪੁਲਿਸ ਨੇ 450 ਗ੍ਰਾਮ ਅਫੀਮ ਸਮੇਤ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।ਐਸ.ਐਚ.ਓ. ਰਮਨਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੌਂਕੀ ਘਰਾਚੋਂ ਦੇ ਇੰਚਾਰਜ ਸਬ-ਇੰਸਪੈਕਟਰ ਵਰਿੰਦਰ ਸਿੰਘ ਆਪਣੀ ਪੁਲਿਸ ਪਾਰਟੀ ਸਮੇਤ ਫੱਗੂਵਾਲਾ ਕੋਠਿਆਂ ਨੇੜੇ ਸੁਨਾਮ-ਭਵਾਨੀਗੜ੍ਹ ਰੋਡ ਸਥਿਤ ਇੱਕ ਬੇਆਬਾਦ ਐਨ.ਐਚ.ਏ.ਆਈ. ਪਲਾਂਟ ਵਿੱਚ ਛਾਪੇਮਾਰੀ ਕੀਤੀ।ਪੁਲਿਸ ਨੇ ਉੱਥੇ ਖੜ੍ਹੇ ਇੱਕ ਟਰੱਕ ਵਿੱਚ ਬੈਠੇ ਦੀਪਕ ਸ਼ਰਮਾ ਪੁੱਤਰ ਨੰਦ ਲਾਲ, ਵਾਸੀ ਸ਼ੇਖੂਪੁਰਾ ਬਸਤੀ, ਸੁਨਾਮੀ ਗੇਟ, ਸੰਗਰੂਰ ਨੂੰ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ 450 ਗ੍ਰਾਮ ਅਫੀਮ ਬਰਾਮਦ ਹੋਈ।

### 'ਢੱਠੇ ਖੂਹ' ਤੇ 'ਬਹੂ ਬਲੀ 2' ਦੀ ਸ਼ੂਟਿੰਗ ਮੁਕੰਮਲ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪੰਜਾਬੀ ਫ਼ਿਲਮ ਇੰਡਸਟਰੀ (ਪਾਲੀਵੁੱਡ) ਦੇ ਨਾਮਵਰ ਲੇਖਕ, ਰੰਗਕਰਮੀ, ਅਦਾਕਾਰ ਅਤੇ ਫ਼ਿਲਮ ਡਾਇਰੈਕਟਰ ਛਿੰਦਾ ਸਿੰਘ ਛਿੰਦਾ ਦੁਆਰਾ ਲਿਖੀਆਂ ਤੇ ਡਾਇਰੈਕਟ ਕੀਤੀਆਂ ਦੋ ਨਵੀਆਂ ਸ਼ਾਰਟ ਫ਼ਿਲਮਾਂ 'ਢੱਠੇ ਖੂਹ' ਅਤੇ 'ਬਹੂ ਬਲੀ 2' ਦੀ ਸ਼ੂਟਿੰਗ ਸਫ਼ਲਤਾਪੂਰਵਕ ਮੁਕੰਮਲ ਹੋ ਚੁੱਕੀ ਹੈ। ਇਹ ਫ਼ਿਲਮਾਂ ਜਲਦੀ ਹੀ ਦਰਸ਼ਕਾਂ ਦੇ ਰੂ-ਬ-ਰੂ ਹੋਣਗੀਆਂ ਅਤੇ ਉਮੀਦ ਹੈ ਕਿ ਇਨ੍ਹਾਂ ਨੂੰ ਭਰਵਾਂ ਹੁੰਗਾਰਾ ਮਿਲੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਫ਼ਿਲਮ ਦੇ ਸਹਾਇਕ ਡਾਇਰੈਕਟਰ, ਰੰਗਕਰਮੀ ਤੇ ਅਦਾਕਾਰ ਰਣਜੀਤ ਬਿੱਟਾ ਨੇ ਦੱਸਿਆ ਕਿ ਇਹ ਦੋਵੇਂ ਸ਼ਾਰਟ ਫ਼ਿਲਮਾਂ ਜਿੱਥੇ ਸਮਾਜ ਨੂੰ ਇੱਕ ਖ਼ੂਬਸੂਰਤ ਅਤੇ ਸਾਰਥਕ ਸੰਦੇਸ਼ ਦੇਣਗੀਆਂ, ਉੱਥੇ ਹੀ ਦਰਸ਼ਕਾਂ ਨੂੰ ਹਸਾ-ਹਸਾ ਕੇ ਢਿੱਡੀਂ ਪੀੜਾਂ ਪਾਉਣ ਵਿੱਚ ਵੀ ਕਾਮਯਾਬ ਰਹਿਣਗੀਆਂ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਐਲਾਨ ਕੀਤਾ ਕਿ ਇਸ ਪ੍ਰੋਜੈਕਟ ਤੋਂ ਬਾਅਦ ਉਹ ਬਹੁਤ ਜਲਦ ਇੱਕ ਵੱਡੀ ਫੀਚਰ ਫ਼ਿਲਮ ਸ਼ੁਰੂ ਕਰਨ ਜਾ ਰਹੇ ਹਨ, ਜਿਸ ਵਿੱਚ ਪਾਲੀਵੁੱਡ ਦੇ ਕਈ ਨਾਮੀ ਤੇ ਚਰਚਿਤ ਚਿਹਰੇ ਮੁੱਖ ਭੂਮਿਕਾਵਾਂ ਵਿੱਚ ਨਜ਼ਰ ਆਉਣਗੇ।

### ਪਲੇਸਮੈਂਟ ਕੈਂਪ ਭਲਕੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡਿਪਟੀ ਕਮਿਸ਼ਨਰ ਦਫਤਰ, ਸੇਵਾ ਕੇਂਦਰ ਦੇ ਉੱਪਰ ਪਹਿਲੀ ਮੰਜਿਲ ਸ੍ਰੀ ਮੁਕਤਸਰ ਸਾਹਿਬ ਵਿਖੇ 26 ਜੂਨ ਸ਼ੁੱਕਰਵਾਰ ਨੂੰ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਹਰਭਜਨ ਸਿੰਘ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫਸਰ ਵੱਲੋਂ ਸਾਂਝੀ ਕੀਤੀ ਗਈ।ਉਨ੍ਹਾਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਕੈਂਪ ਦੌਰਾਨ ਅਜਾਇਲ ਫਯੂਚਰ ਕੰਪਨੀ ਵੱਲੋਂ ਵੈੱਲਨੈੱਸ ਐਡਵਾਇਜ਼ਰ ਦੀਆਂ 100 ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ।ਇੰਟਰਵਿਊ ਲਈ ਵਿੱਦਿਅਕ ਯੋਗਤਾ ਘੱਟ ਤੋਂ ਘੱਟ 12ਵੀਂ ਪਾਸ ਤੇ 19 ਤੋਂ 26 ਸਾਲ ਉਮਰ ਦੀਆਂ ਲੜਕੀਆਂ ਕੈਂਪ ਵਿੱਚ ਭਾਗ ਲੈ ਸਕਦੀਆਂ ਹਨ।ਪ੍ਰਾਰਥੀ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਸਮੇਂ ਆਪਣੇ ਵਿੱਦਿਅਕ ਯੋਗਤਾ ਦੇ ਦਸਤਾਵੇਜ਼, ਰਜ਼ਿਊਮ, ਆਧਾਰ ਕਾਰਡ, ਜਾਤੀ ਸਰਟੀਫਿਕੇਟ ਆਦਿ ਅਸਲ ਤੇ ਫੋਟੋ ਕਾਪੀ ਸੈੱਟ ਜ਼ਰੂਰ ਨਾਲ ਲੈ ਕੇ ਆਉਣ।

## ਘਰ 'ਚੋਂ 45 ਹਜ਼ਾਰ ਦੀ ਨਗਦੀ ਤੇ ਸੋਨਾ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਦੇ ਅਧੀਨ ਆਉਂਦੇ ਪਿੰਡ ਅਲੀਪੁਰ ਵਿਖੇ ਇਕ ਵਿਅਕਤੀ ਦੇ ਘਰ ਵਿੱਚੋਂ 3 ਵਿਅਕਤੀਆਂ ਵੱਲੋਂ ਘਰ ਦੀ ਭੰਨ ਤੋੜ ਕਰਕੇ ਘਰ ਵਿੱਚੋਂ 45 ਹਜ਼ਾਰ ਦੀ ਨਗਦੀ ਤੇ ਸੋਨਾ ਚੋਰੀ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਮੱਲਾਂਵਾਲਾ ਪੁਲਸ ਨੇ 3 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗੱਜਣ ਸਿੰਘ ਪੁੱਤਰ ਹਰੀ ਸਿੰਘ ਵਾਸੀ ਪਿੰਡ ਅਲੀਪੁਰ ਨੇ ਦੱਸਿਆ ਕਿ ਉਹ ਮਿਹਨਤ ਮਜ਼ਦੂਰੀ ਦਾ ਕੰਮ ਕਰਦਾ ਹੈ। ਬੀਤੀ 21 ਜੂਨ 2026 ਨੂੰ ਉਹ ਤੇ ਉਸ ਦਾ ਪਰਿਵਾਰ ਝੋਨਾ ਲਾਉਣ ਗਏ ਸੀ ਤਾਂ ਗੋਰਾ ਸਿੰਘ ਪੁੱਤਰ ਦਲਜੀਤ ਸਿੰਘ, ਵਿਕਰਮ ਪੁੱਤਰ ਲੱਡੂ, ਅੰਗਰੇਜ਼ ਸਿੰਘ ਪੁੱਤਰ ਕਾਬਲ ਸਿੰਘ ਵਾਸੀਆਨ ਪਿੰਡ ਅਲੀਪੁਰ ਸਾਡੇ ਘਰ ਵਿੱਚ ਆ ਕੇ ਘਰ ਦੀ ਭੰਨਤੋੜ ਕੀਤੀ ਤੇ ਘਰ ਵਿੱਚੋਂ 45 ਹਜ਼ਾਰ ਰੁਪਏ ਤੇ ਸੋਨਾ ਚੋਰੀ ਕਰਕੇ ਲੈ ਗਏ। ਗੱਜਣ ਸਿੰਘ ਨੇ ਦੱਸਿਆ ਕਿ ਗੋਰਾ ਨਾਮ ਦੇ ਵਿਅਕਤੀ, ਜਿਸ ਨੇ ਉਸ ਦੇ ਲੜਕੇ ਮਨਪ੍ਰੀਤ ਸਿੰਘ ਨੂੰ ਫੋਨ ਕਰਕੇ ਦੱਸਿਆ ਕਿ ਅਸੀਂ ਤੁਹਾਡੇ ਘਰ ਦਾ ਸਾਰਾ ਸਾਮਾਨ ਤੋੜ ਕੇ ਸੁੱਟ ਆਏ ਹਾਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਗੋਰਾ, ਵਿਕਰਮ ਤੇ ਅੰਗਰੇਜ਼ ਸਿੰਘ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਕੱਪੜਿਆਂ ਦੇ ਸ਼ੋ-ਰੂਮ 'ਤੇ ਤਾਬੜਤੋੜ ਫਾਇਰਿੰਗ

**ਦੋ ਦਿਨ ਪਹਿਲਾਂ ਰੇਕੀ ਕਰਨ ਆਏ ਸਨ ਬਦਮਾਸ਼, ਇਲਾਕੇ 'ਚ ਦਹਿਸ਼ਤ ਦਾ ਮਾਹੌਲ, ਪੁਲਸ ਵੱਲੋਂ ਜਾਂਚ ਸ਼ੁਰੂ**




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਫ਼ਿਰੋਜ਼ਪੁਰ ਸ਼ਹਿਰ ਦੇ ਮਾਲਵਾਲ ਰੋਡ 'ਤੇ ਉਸ ਸਮੇਂ ਭਾਰੀ ਸਹਿਮ ਤੇ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ, ਜਦੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਅਣਪਛਾਤੇ ਹਥਿਆਰਬੰਦ ਨੌਜਵਾਨਾਂ ਨੇ ਇੱਕ ਕੱਪੜਿਆਂ ਦੇ ਸ਼ੋ-ਰੂਮ ਨੂੰ ਨਿਸ਼ਾਨਾ ਬਣਾਉਂਦੇ ਹੋਏ ਅੰਨ੍ਹੇਵਾਹ ਫਾਇਰਿੰਗ ਕਰ ਦਿੱਤੀ। ਰਾਹਤ ਦੀ ਗੱਲ ਇਹ ਰਹੀ ਕਿ ਇਸ ਹਮਲੇ ਦੌਰਾਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਗੋਲੀਆਂ ਲੱਗਣ ਕਾਰਨ ਸ਼ੋ-ਰੂਮ ਦੇ ਬਾਹਰ ਲੱਗੇ ਭਾਰੀ ਸ਼ੀਸ਼ੇ ਚਕਨਾਚੂਰ ਹੋ ਗਏ। ਇਸ ਅਚਾਨਕ ਹੋਈ ਵਾਰਦਾਤ ਤੋਂ ਬਾਅਦ ਪੂਰੇ ਬਾਜ਼ਾਰ ਵਿੱਚ ਹੜਕੰਪ ਮਚ ਗਿਆ ਤੇ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਮੱਲਵਾਲ ਰੋਡ 'ਤੇ ਸਥਿਤ ਕੱਪੜਿਆਂ ਦੇ ਸ਼ੋ-ਰੂਮ ਵਿੱਚ ਗਾਹਕਾਂ ਦੀ ਆਮਦ ਜਾਰੀ ਸੀ।

ਇਸੇ ਦੌਰਾਨ ਅਚਾਨਕ ਮੋਟਰਸਾਈਕਲ ਸਵਾਰ ਬਦਮਾਸ਼ਾਂ ਨੇ ਸ਼ੋ-ਰੂਮ ਦੇ ਬਿਲਕੁਲ ਬਾਹਰ ਆ ਕੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਗੋਲੀਆਂ ਚੱਲਣ ਦੀ ਆਵਾਜ਼ ਸੁਣ ਕੇ ਸ਼ੋ-ਰੂਮ ਦੇ ਅੰਦਰ ਮੌਜੂਦ ਸਟਾਫ਼ ਤੇ ਗਾਹਕਾਂ ਨੇ ਆਪਣੀ ਜਾਨ ਬਚਾਉਣ ਲਈ ਇੱਧਰ-ਉੱਧਰ ਲੁਕਣਾ ਸ਼ੁਰੂ ਕਰ ਦਿੱਤਾ। ਗੋਲੀਬਾਰੀ ਕਾਰਨ ਸ਼ੋ-ਰੂਮ ਦੇ ਮੁੱਖ ਦਰਵਾਜ਼ੇ ਤੇ ਖਿੜਕੀਆਂ ਦੇ ਸ਼ੀਸ਼ੇ ਬੁਰੀ ਤਰ੍ਹਾਂ ਟੁੱਟ ਕੇ ਜ਼ਮੀਨ 'ਤੇ ਬਿਖਰ ਗਏ। ਆਸ-ਪਾਸ ਦੇ ਦੁਕਾਨਦਾਰ ਤੇ ਰਾਹਗੀਰ ਵੀ ਇਸ ਹਮਲੇ ਤੋਂ ਬਾਅਦ ਸਹਿਮ ਗਏ ਅਤੇ ਬਾਜ਼ਾਰ ਵਿੱਚ ਭਗਦੜ ਵਰਗੀ ਸਥਿਤੀ ਬਣ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼ੋ-ਰੂਮ ਦੇ ਮਾਲਕ ਨੇ ਇਕ ਅਹਿਮ ਖੁਲਾਸਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਰੀਬ ਦੋ ਦਿਨ ਪਹਿਲਾਂ ਦੋ ਸ਼ੱਕੀ ਨਕਾਬਪੋਸ਼ ਨੌਜਵਾਨ ਦੁਕਾਨ ਦੇ ਅੰਦਰ ਕੱਪੜੇ ਖ਼ਰੀਦਣ ਦੇ ਬਹਾਨੇ ਆਏ ਸਨ। ਸ਼ੋ-ਰੂਮ ਵਿੱਚ ਮੌਜੂਦਗੀ ਦੌਰਾਨ ਉਹ ਮੋਬਾਇਲ 'ਤੇ ਕਿਸੇ ਅਣਪਛਾਤੇ ਵਿਅਕਤੀ ਨਾਲ ਵੀਡੀਓ ਕਾਲ ਰਾਹੀਂ ਗੱਲਬਾਤ ਕਰ ਰਹੇ ਸਨ ਤੇ ਸ਼ੋ-ਰੂਮ ਦੇ ਅੰਦਰਲੇ ਹਿੱਸੇ ਨੂੰ ਦਿਖਾ ਰਹੇ ਸਨ। ਦੁਕਾਨਦਾਰ ਨੇ ਖਦਸ਼ਾ ਪ੍ਰਗਟਾਇਆ ਹੈ ਕਿ ਉਨ੍ਹਾਂ ਨੌਜਵਾਨਾਂ ਵੱਲੋਂ ਸ਼ੋ-ਰੂਮ ਦੀ ਰੇਕੀ ਕੀਤੀ ਗਈ ਸੀ ਅਤੇ ਇਸ ਗੋਲੀਬਾਰੀ ਦੀ ਘਟਨਾ ਪਿੱਛੇ ਵੀ ਉਨ੍ਹਾਂ ਸ਼ੱਕੀ ਨੌਜਵਾਨਾਂ ਦਾ ਹੀ ਹੱਥ ਹੋ ਸਕਦਾ ਹੈ। ਵਾਰਦਾਤ ਦੀ ਸੂਚਨਾ ਮਿਲਦਿਆਂ ਹੀ ਥਾਣਾ ਸਿਟੀ ਪੁਲਸ ਦੀ ਟੀਮ ਤੁਰੰਤ ਹਰਕਤ ਵਿੱਚ ਆਈ ਤੇ ਭਾਰੀ ਪੁਲਸ ਬਲ ਸਮੇਤ ਮੌਕੇ 'ਤੇ ਪਹੁੰਚੀ। ਪੁਲਸ ਨੇ ਸ਼ੋ-ਰੂਮ ਦੇ ਆਲੇ-ਦੁਆਲੇ ਤੇ ਮੱਲਵਾਲ ਰੋਡ 'ਤੇ ਲੱਗੇ ਵੱਖ-ਵੱਖ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਬਾਰੀਕੀ ਨਾਲ ਖੰਗਾਲਣਾ ਸ਼ੁਰੂ ਕਰ ਦਿੱਤਾ ਹੈ, ਤਾਂ ਜੋ ਹਮਲਾਵਰਾਂ ਦੇ ਆਉਣ-ਜਾਣ ਦੇ ਰੂਟ ਤੇ ਉਨ੍ਹਾਂ ਦੇ ਮੋਟਰਸਾਈਕਲ ਦੇ ਨੰਬਰ ਦਾ ਪਤਾ ਲਗਾਇਆ ਜਾ ਸਕੇ। ਪੁਲਸ ਵੱਲੋਂ ਇਲਾਕੇ ਦੇ ਲੋਕਾਂ ਤੇ ਚਸ਼ਮਦੀਦਾਂ ਤੋਂ ਵੀ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਮੌਕੇ ਐੱਸ.ਪੀ.ਡੀ. ਮਨਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਲਸ ਨੂੰ ਘਟਨਾ ਸਥਾਨ ਤੋਂ ਅਹਿਮ ਸੁਰਾਗ ਮਿਲੇ ਹਨ। ਸੀਸੀਟੀਵੀ ਫੁਟੇਜ ਤੇ ਹੋਰ ਤਕਨੀਕੀ ਸਬੂਤਾਂ ਦੇ ਆਧਾਰ 'ਤੇ ਮੁਲਜ਼ਮਾਂ ਦੀ ਪਛਾਣ ਕਰਨ ਦੀ ਪ੍ਰਕਿਰਿਆ ਤੇਜ਼ੀ ਨਾਲ ਚੱਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਅਮਨ-ਕਾਨੂੰਨ ਦੀ ਸਥਿਤੀ ਨੂੰ ਭੰਗ ਕਰਨ ਵਾਲੇ ਇਨ੍ਹਾਂ ਸ਼ਰਾਰਤੀ ਅੰਸ਼ਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਤੇ ਬਹੁਤ ਜਲਦ ਦੋਵਾਂ ਹਮਲਾਵਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਸੁੱਟ ਦਿੱਤਾ ਜਾਵੇਗਾ। ਪੁਲਸ ਵੱਲੋਂ ਸ਼ੋ-ਰੂਮ ਮਾਲਕ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਡਾਕਟਰ ਓਬਰਾਏ ਨੇ ਗੁਰਦਿਆਂ ਦੀ ਬਿਮਾਰੀ ਤੋਂ ਪੀੜਤ ਲੋੜਵੰਦ ਦੀ ਫੜੀ ਬਾਂਹ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਹਨ ਕਾਰਜਾਂ ਦੀ ਲੜੀ ਤਹਿਤ ਵੱਖ ਵੱਖ ਬੀਮਾਰੀਆਂ ਤੋਂ ਪੀੜਤ, ਦਵਾਈਆਂ ਖ਼ੀਦਣ ਤੋਂ ਅਸਮਰਥ ਹਜ਼ਾਰਾਂ ਹੀ ਲੋੜਵੰਦ ਮਰੀਜ਼ਾਂ ਨੂੰ ਲਗਾਤਾਰ ਸਹਾਇਤਾ ਜਾਰੀ ਹੈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਬਹੁਤ ਹੀ ਛੋਟੇ-ਛੋਟੇ ਬੱਚਿਆਂ ਦੀ ਮਾਂ ਗਰੀਬ ਔਰਤ, ਜੋ ਕਾਫੀ ਸਮੇਂ ਤੋਂ ਗੁਰਦਿਆਂ ਦੀ ਬੀਮਾਰੀ ਤੋਂ ਪੀੜਤ ਹੈ, ਇਲਾਜ ਕਰਵਾਉਣ ਤੋਂ ਅਸਮਰਥ ਹੈ, ਕਮਾਈ ਦਾ ਕੋਈ ਵੀ ਸਾਧਨ ਨਹੀਂ ਹੈ ਤਾਂ ਇਹ ਕੇਸ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਧਿਆਨ ਵਿੱਚ ਆਉਣ ਉਪਰੰਤ ਡਾ. ਓਬਰਾਏ ਨੂੰ ਇਲਾਜ ਕਰਵਾਉਣ ਲਈ ਬੇਨਤੀ ਕੀਤੀ ਗਈ ਸੀ ਤਾਂ ਡਾ. ਓਬਰਾਏ ਨੇ ਮਰੀਜ਼ ਦੇ ਹਾਲਾਤ ਦੇਖਦੇ ਹੋਏ ਸਹਾਇਤਾ ਰਾਸ਼ੀ ਦੇਣੀ ਸ਼ੁਰੂ ਕੀਤੀ ਗਈ ਹੈ। ਕੱਲ੍ਹ ਡੇਰਾ ਭਾਈ ਮਸਤਾਨ ਸਿੰਘ ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰਦਿਆਂ ਦੀ ਬੀਮਾਰੀ ਤੋਂ ਪੀੜਤ ਲੋੜਵੰਦ ਨੂੰ ਸਹਾਇਤਾ ਰਾਸ਼ੀ ਮਹੰਤ ਕਸ਼ਮੀਰ ਸਿੰਘ ਦੀ ਹਾਜ਼ਰੀ ਵਿੱਚ ਦਿੱਤੀ ਗਈ।ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਬਲਵਿੰਦਰ ਸਿੰਘ ਬਰਾੜ ਰਿਟਾ. ਪ੍ਰਿੰਸੀਪਲ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ. ਬੈਂਕ ਮੈਨੇਜਰ ਮੀਤ ਪ੍ਰਧਾਨ, ਚਰਨਜੀਤ ਸਿੰਘ ਮੈਂਬਰ ਬਲਾਕ ਸੰਮਤੀ, ਸੁਖਬੀਰ ਸਿੰਘ ਜੈਲਦਾਰ, ਸੋਮ ਨਾਥ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ, ਬਲਜੀਤ ਸਿੰਘ ਮਾਨ ਰਿਟਾ. ਪ੍ਰਿੰਸੀਪਲ, ਬਰਨੇਕ ਸਿੰਘ ਰਿਟਾ. ਲੈਕਚਰਾਰ, ਜਸਬੀਰ ਸਿੰਘ ਰਿਟਾ. ਏ ਐੱਸ ਆਈ, ਸੁਖਦਰਸ਼ਨ ਸਿੰਘ ਬੇਦੀ ਰਿਟਾ. ਜ਼ਿਲ੍ਹਾ ਉਪ ਸਿੱਖਿਆ ਅਫ਼ਸਰ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ, ਗੁਰਜੀਤ ਸਿੰਘ ਜੀਤਾ ਆਦਿ ਹਾਜ਼ਰ ਸਨ।

## ਕਾਂਗਰਸ ਪਾਰਟੀ ਦੀ ਮੀਟਿੰਗ ਦੌਰਾਨ ਸੀਨੀਅਰ ਆਗੂ ਝੰਡੂਕੇ ਦਾ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ



**ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ)**-ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਕਾਂਗਰਸ ਪਾਰਟੀ ਨੇ ਆਪਣੀਆਂ ਸਿਆਸੀ ਸਰਗਰਮੀਆਂ ਨੂੰ ਤੇਜ਼ ਕਰ ਦਿੱਤੀਆਂ ਹਨ।ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਸਰਦੂਲਗੜ੍ਹ ਵਿਖੇ ਇੱਕ ਵਿਸ਼ਾਲ ਵਰਕਰ ਮੀਟਿੰਗ ਕੀਤੀ ਗਈ।ਮੀਟਿੰਗ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ, ਸਾਬਕਾ ਵਿਧਾਇਕ ਅਜੀਤਇੰਦਰ ਸਿੰਘ ਮੋਫਰ ਤੇ ਜ਼ਿਲ੍ਹਾ ਪ੍ਰੀਸ਼ਦ ਦੇ ਸਾਬਕਾ ਚੇਅਰਮੈਨ ਬਿਕਰਮ ਮੋਫਰ ਦੀ ਅਗਵਾਈ ਹੇਠ ਹੋਈ।ਮੀਟਿੰਗ 'ਚ ਪਾਰਟੀ ਦੇ ਸੀਨੀਅਰ ਆਗੂਆਂ, ਅਹੁਦੇਦਾਰਾਂ ਤੇ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਵੀ ਸ਼ਮੂਲੀਅਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਲ ਇੰਡੀਆ ਕਾਂਗਰਸ ਕਮੇਟੀ ਦੀ ਸਕੱਤਰ ਹਿਨਾ ਕਾਵੜੇ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਪ੍ਰਤੀ ਲੋਕਾਂ ਵਿੱਚ ਨਿਰਾਸ਼ਾ ਤੇ ਰੋਸ ਦਾ ਮਾਹੌਲ ਹੈ।ਉਨ੍ਹਾਂ ਦਾਅਵਾ ਕੀਤਾ ਕਿ ਹਰ ਵਰਗ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੇ ਕਾਰਗੁਜ਼ਾਰੀ ਤੋਂ ਅਸੰਤੁਸ਼ਟ ਹੈ, ਜਿਸ ਕਾਰਨ ਲੋਕਾਂ ਦਾ ਸਰਕਾਰ ਤੋਂ ਮੋਹ ਭੰਗ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਇੱਕ ਮਜ਼ਬੂਤ ਤੇ ਤਜਰਬੇਕਾਰ ਵਿਕਲਪ ਦੀ ਤਲਾਸ਼ ਵਿੱਚ ਹਨ ਅਤੇ ਇਹ ਇੱਕੋ ਇੱਕ ਵਿਕਲਪ ਕਾਂਗਰਸ ਪਾਰਟੀ ਹੀ ਹੈ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਮੁੜ ਸੱਤਾ ਵਿੱਚ ਲਿਆਉਣਗੇ।

ਇਸੇ ਦੌਰਾਨ ਮਾਹੌਲ ਉਸ ਸਮੇਂ ਗਮਗੀਨ ਤੇ ਕਰੁਣਾਮਈ ਹੋ ਗਿਆ, ਜਦੋਂ ਪਾਰਟੀ ਦੇ ਉੱਘੇ ਤੇ ਟਕਸਾਲੀ ਆਗੂ ਚਰਨਜੀਤ ਸਿੰਘ ਝੰਡੂਕੇ ਦੀ ਅਚਾਨਕ ਸਿਹਤ ਵਿਗੜ ਗਈ।ਉਨ੍ਹਾਂ ਨੂੰ ਮੀਟਿੰਗ ਦੌਰਾਨ ਦਿਲ ਦਾ ਦੌਰਾ ਪੈ ਗਿਆ ਹਾਲਾਤ ਦੀ ਗੰਭੀਰਤਾ ਨੂੰ ਦੇਖਦਿਆਂ ਪਾਰਟੀ ਦੇ ਆਗੂ ਤੇ ਵਰਕਰ ਤੁਰੰਤ ਉਨ੍ਹਾਂ ਨੂੰ ਇਲਾਜ ਲਈ ਸਿਰਸਾ ਦੇ ਇੱਕ ਨਿੱਜੀ ਹਸਪਤਾਲ 'ਚ ਲੈ ਕੇ ਗਏ, ਪਰ ਡਾਕਟਰਾਂ ਨੇ ਜਾਂਚ ਉਪਰੰਤ ਉਨ੍ਹਾਂ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ।ਚਰਨਜੀਤ ਸਿੰਘ ਝੰਡੂਕੇ ਦੇ ਅਚਾਨਕ ਦਿਹਾਂਤ ਦੀ ਖ਼ਬਰ ਨਾਲ ਮੀਟਿੰਗ 'ਚ ਸ਼ਾਮਲ ਸਮੂਹ ਆਗੂਆਂ ਤੇ ਵਰਕਰਾਂ ਵਿੱਚ ਸੋਗ ਦੀ ਲਹਿਰ ਦੌੜ ਗਈ।ਪਾਰਟੀ ਦੇ ਆਗੂਆਂ ਨੇ ਉਨ੍ਹਾਂ ਨੂੰ ਇੱਕ ਸਮਰਪਤ, ਮਿਹਨਤੀ ਤੇ ਜ਼ਮੀਨੀ ਪੱਧਰ ਦੇ ਆਗੂ ਵਜੋਂ ਯਾਦ ਕੀਤਾ, ਜਿਨ੍ਹਾਂ ਨੇ ਲੰਮੇ ਸਮੇਂ ਤੱਕ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਸੇਵਾ ਕੀਤੀ।ਇਸ ਉਪਰੰਤ ਕਾਂਗਰਸ ਲੀਡਰਸ਼ਿਪ ਮ੍ਰਿਤਕ ਆਗੂ ਚਰਨਜੀਤ ਸਿੰਘ ਝੰਡੂਕੇ ਦੀ ਪਾਰਥਿਕ ਦੇਹ ਨੂੰ ਉਨ੍ਹਾਂ ਦੇ ਜੱਦੀ ਪਿੰਡ ਝੰਡੂਕੇ ਵਿਖੇ ਲੈ ਕੇ ਪਹੁੰਚੀ।ਉੱਥੇ ਆਗੂਆਂ ਨੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਤੇ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਵੀ ਦਿੱਤਾ।ਪਾਰਟੀ ਆਗੂਆਂ ਨੇ ਕਿਹਾ ਕਿ ਚਰਨਜੀਤ ਸਿੰਘ ਝੰਡੂਕੇ ਦਾ ਅਚਾਨਕ ਵਿਛੋੜਾ ਕਾਂਗਰਸ ਪਾਰਟੀ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਹੈ ਤੇ ਪਾਰਟੀ ਹਮੇਸ਼ਾ ਉਨ੍ਹਾਂ ਦੀਆਂ ਸੇਵਾਵਾਂ ਨੂੰ ਯਾਦ ਕਰਦੀ ਰਹੇਗੀ।

## ਚੰਨੀ ਨੇ ਲੋਕਾਂ ਨੂੰ ਦਿੱਤੀ ਸੀ ਸਸਤੀ ਬਿਜਲੀ : ਬੰਬ



**ਸਮਰਾਲਾ (ਸੁਰਜੀਤ ਸਿੰਘ)**-ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਆਪਣੇ ਸੰਖੇਪ ਜਿਹੇ ਕਾਰਜਕਾਲ ਦੌਰਾਨ ਪੰਜਾਬ ਦੇ ਹਰ ਵਰਗ ਦੇ ਲੋਕਾਂ ਲਈ ਅਜਿਹੇ ਫੈਸਲੇ ਲਏ, ਜਿਹੜੇ ਕੇ ਅੱਜ ਵੀ ਲੋਕ ਮਨਾਂ 'ਤੇ ਉੱਕਰੇ ਹੋਏ ਹਨ।ਇਹ ਵਿਚਾਰ ਇਥੇ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਐੱਸ ਸੀ ਵਿੰਗ ਦੇ ਚੇਅਰਮੈਨ ਬਲਵਿੰਦਰ ਸਿੰਘ ਬੰਬ ਨੇ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਪ੍ਰਗਟ ਕੀਤੇ।ਕਾਂਗਰਸ ਆਗੂ ਨੇ ਕਿਹਾ ਕਿ ਅਜਿਹੇ ਫੈਸਲਿਆਂ ਨਾਲ ਸਰਕਾਰ ਦੇ ਖਜ਼ਾਨੇ 'ਤੇ ਬੋਝ ਨਹੀਂ ਪੈਂਦਾ, ਜਿਸ ਨਾਲ ਵਿਕਾਸ ਕਾਰਜ ਤੇ ਲੋਕ ਹਿਤੂ ਕਾਰਜ ਨਾਲੋ ਨਾਲ ਚਲਦੇ ਰਹਿੰਦੇ ਹਨ। ਸਮਾਜ ਦੇ ਦੂਜੇ ਵਰਗਾਂ 'ਤੇ ਬੋਝ ਵੀ ਨਹੀਂ ਪੈਂਦਾ।ਕਾਂਗਰਸ ਆਗੂ ਨੇ ਕਿਹਾ ਕਿ ਬਿਜਲੀ ਖਪਤਕਾਰਾਂ ਦੇ ਪਿਛਲੇ ਬਕਾਏ ਮੁਆਫ਼ ਕਰਨ ਨਾਲ ਕਰੀਬ 20 ਲੱਖ ਪਰਿਵਾਰਾਂ ਨੂੰ ਰਾਹਤ ਦਿੱਤੀ ਗਈ।

ਉਨ੍ਹਾਂ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨੂੰ ਝੂਠੇ ਸਬਜ਼ਬਾਗ਼ ਦਿਖਾ ਕੇ ਸੱਤਾ ਤਾਂ ਪ੍ਰਾਪਤ ਕਰ ਲਈ, ਪਰ ਉਹ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਨਹੀਂ ਉੱਤਰੇ, ਜਿਸ ਕਾਰਨ ਅੱਜ ਪੰਜਾਬ ਦਾ ਹਰ ਵਰਗ ਸਰਕਾਰ ਤੋਂ ਦੁਖੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦਾ 'ਆਪ' ਵਿਰੁੱਧ ਐਨਾ ਗੁੱਸਾ ਹੈ ਕਿ ਇਸ ਦਾ ਆਉਣ ਵਾਲੀਆਂ ਚੋਣਾਂ ਵਿੱਚ ਵਿਸਫੋਟ ਹੋਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਵੱਡੀ ਗਿਣਤੀ ਮੁਲਾਜ਼ਮ ਤੇ ਪੈਨਸ਼ਨਰਜ਼ ਸਰਕਾਰ ਦੇ ਪੂਰੀ ਤਰ੍ਹਾਂ ਖਿਲਾਫ ਖੜ੍ਹੇ ਹੋ ਗਏ ਹਨ।ਉਨ੍ਹਾਂ ਕਿਹਾ ਕਿ ਸਕੱਤਰੇਤ ਦੇ ਮੁਲਾਜ਼ਮਾਂ ਨੇ ਭਗਵੰਤ ਮਾਨ ਦੇ ਸਹੁੰ ਚੁੱਕਣ ਵੇਲੇ ਫੁੱਲਾਂ ਦੀ ਵਰਖਾ ਕੀਤੀ ਸੀ, ਜੋ ਅੱਜ ਸਰਕਾਰ ਵਿਰੁੱਧ ਸੰਘਰਸ਼ 'ਤੇ ਉੱਤਰੇ ਹੋਏ ਹਨ।ਇਸੇ ਤਰ੍ਹਾਂ ਠੇਕਾ ਮੁਲਾਜ਼ਮ ਵੀ ਆਪਣੇ ਹੱਕਾਂ ਲਈ ਝੂਝ ਰਹੇ ਹਨ, ਪਰ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕ ਰਹੀ।ਉਨ੍ਹਾਂ ਕਿਹਾ ਕਿ ਇੱਕ ਪਾਸੇ ਤਾਂ ਸਰਕਾਰ ਸਰਕਾਰੀ ਨੌਕਰੀਆਂ ਦੇਣ ਦਾ ਰੌਲਾ ਪਾ ਰਹੀ ਹੈ, ਦੂਜੇ ਪਾਸੇ ਨੌਜਵਾਨ ਰੋਜ਼ਗਾਰ ਮੰਗਾਂ ਲਈ ਪੁਲਸ ਦੀਆਂ ਡਾਂਗਾਂ ਖਾ ਰਹੇ ਹਨ।ਇਹ ਆਪਣੇ ਆਪ ਵਿੱਚ ਇੱਕ ਵਿਰੋਧਾਭਾਸੀ ਹੈ।ਉਨ੍ਹਾਂ ਕਿਹਾ ਕਿ ਹੁਣ ਕਾਂਗਰਸ ਪਾਰਟੀ ਦੇ ਸੱਤਾ ਵਿੱਚ ਆਉਣ ਨਾਲ ਹਰ ਵਰਗ ਦੇ ਮਸਲੇ ਹੱਲ ਕੀਤੇ ਜਾਣਗੇ।

## ਵੱਖ-ਵੱਖ ਜਥੇਬੰਦੀਆਂ ਵੱਲੋਂ ਸਰਕਾਰ ਖਿਲਾਫ ਗੇਟ ਰੈਲੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਪੀਐੱਸਐੱਮਯੂ ਯੂਨੀਅਨ, ਸੀਪੀਐੱਫ ਯੂਨੀਅਨ ਵੱਲੋਂ ਦਿੱਤੇ ਐਕਸ਼ਨ ਤਹਿਤ ਪ੍ਰਧਾਨ ਪਿੱਪਲ ਸਿੰਘ ਸਿੱਧੂ, ਜਨਰਲ ਸਕੱਤਰ ਸੋਨੂ ਕਸ਼ਯਪ ਤੇ ਵਿੱਤ ਸਕੱਤਰ ਪ੍ਰਦੀਪ ਵਿਨਾਇਕ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦਫ਼ਤਰ ਦੇ ਬਾਹਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਖਿਲਾਫ ਗੇਟ ਰੈਲੀ ਕਰ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੀਆਂ ਜਥੇਬੰਦੀਆਂ ਨੇ ਵੀ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੌਕੇ ਪੀਐੱਸਐੱਮਯੂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਿੱਪਲ ਸਿੰਘ ਸਿੱਧੂ ਤੇ ਸੀਪੀਐੱਫ ਯੂਨੀਅਨ ਦੇ ਪ੍ਰਧਾਨ ਜਗਸੀਰ ਸਿੰਘ ਭਾਂਗਰ, ਸੋਨੂੰ ਕਸ਼ਅਪ ਜਨਰਲ ਸਕੱਤਰ ਤੇ ਵਿੱਤ ਸਕੱਤਰ ਪ੍ਰਦੀਪ ਵਿਨਾਇਕ ਨੇ ਦੱਸਿਆ ਕਿ ਆਪਣੀਆਂ ਹੱਕੀ ਮੰਗਾਂ ਲਈ ਪੰਜਾਬ ਸਰਕਾਰ ਖਿਲਾਫ ਆਰ-ਪਾਰ ਦੀ ਲੜਾਈ ਲੜਨ ਲਈ ਵੱਡੇ ਐਕਸ਼ਨ ਕੀਤੇ ਜਾ ਰਹੇ ਹਨ, ਜੋ ਤੋਂ ਅੱਜ ਤੋਂ ਡਿਪਟੀ ਕਮਿਸ਼ਨਰ ਦਫਤਰਾਂ ਬਾਹਰ ਗੇਟ ਰੈਲੀਆਂ ਕਰ ਕੇ ਸ਼ੁਰੂ ਕੀਤੇ ਗਏ ਹਨ। ਉਨ੍ਹਾ ਦੱਸਿਆ ਕਿ 1 ਜੁਲਾਈ ਤੋਂ 10 ਜੁਲਾਈ 2026 ਤੱਕ ਪੰਜਾਬ ਦੇ ਮੰਤਰੀਆਂ ਤੇ ਐੱਮਐੱਲਏ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ ਤੇ ਚੇਤਾਵਨੀ ਪੱਤਰ ਸੌਂਪੇ ਜਾਣਗੇ ਅਤੇ 17 ਜੁਲਾਈ ਨੂੰ ਮੁਹਾਲੀ ਵਿਖੇ ਇਕ ਵਿਸ਼ਾਲ ਮਹਾਰੈਲੀ ਕੀਤੀ ਜਾਵੇਗੀ। ਜੇਕਰ ਫਿਰ ਵੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਵਿਸ਼ਾਲ ਰੈਲੀ ਤੋਂ ਬਾਅਦ ਮੁਕੰਮਲ ਹੜਤਾਲ ਦਾ ਐਲਾਨ ਕਰ ਦਿੱਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਜਲਦੀ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਪੂਰਾ ਕਰੇ ਨਹੀਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਜਸਪਾਲ ਸਿੰਘ ਰਿਟਾ. ਡੀਐੱਸਪੀ, ਰਾਕੇਸ਼ ਸ਼ਰਮਾ ਪੀਐੱਸਪੀਸੀਐੱਲ, ਸੁਰਿੰਦਰ ਸ਼ਰਮਾ, ਗੁਰਪ੍ਰਤਾਪ ਸਿੰਘ ਪ੍ਰਧਾਨ ਪੈਨਸ਼ਨਰ, ਕੇਐੱਲ ਗਾਬਾ, ਅਜੀਤ ਸਿੰਘ ਸੋਢੀ, ਐੱਮਕੇ ਮਾਗੰਟ, ਮਹਿੰਦਰ ਸਿੰਘ ਜੰਗਲਾਤ ਵਿਭਾਗ, ਹਰਜੀਤ ਸਿੰਘ ਈਟੀਯੂ, ਰਾਮ ਪ੍ਰਸਾਦ, ਨਰਿੰਦਰ ਸ਼ਰਮਾ, ਸੰਗਤ ਰਾਮ, ਸ਼ਬੇਗ ਸਿੰਘ, ਪਰਮਵੀਰ ਮੌਂਗਾ, ਸੰਦੀਪ ਦਿਓਲ, ਜਸਮੀਤ ਸੈਨੀ ਸਮੇਤ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮ ਹਾਜ਼ਰ ਸਨ।

## ਪਸ਼ੂ ਪਾਲਣ ਵਿਭਾਗ ਦੇ ਚੌਥਾ ਦਰਜਾ ਮੁਲਾਜ਼ਮਾਂ ਵੱਲੋਂ ਰੋਸ ਰੈਲੀ

**ਕੱਚੇ ਕਰਮੀਆਂ ਨੂੰ ਪੱਕਾ ਕਰਨ ਦੀ ਕੀਤੀ ਮੰਗ**




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਦਫਤਰ ਰੌਣੀ ਫਾਰਮ ਵਿਖੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵੱਲੋਂ ਪੰਜਾਬ ਦੇ ਪਸ਼ੂ ਫਾਰਮ ਵਿਚਲੇ ਲੰਮੇ ਸਮੇਂ ਤੋਂ ਕੰਮ ਕਰ ਰਹੇ ਆਊਟ ਸੋਰਸ ਕਰਮੀਆਂ ਵੱਲੋਂ ਰੋਸ ਗੇਟ ਰੈਲੀ ਕੀਤੀ।ਇਸ ਮੌਕੇ ਮੰਗ ਕੀਤੀ ਕਿ ਵਿਭਾਗ ਵਿੱਚੋਂ ਠੇਕੇਦਾਰੀ ਪ੍ਰਥਾ ਦਾ ਤੁਰੰਤ ਖਾਤਮਾ ਕਰਕੇ ਸਮੁੱਚੇ ਕੱਚੇ ਕਰਮੀਆਂ ਨੂੰ ਵਿਭਾਗ ਵਿੱਚ ਖਪਾ ਕੇ ਸੇਵਾਵਾਂ ਰੈਗੂਲਰ ਕੀਤੀਆਂ ਜਾਣ ਤੇ ਉੱਚ ਅਦਾਲਤਾਂ ਦੇ ਫੈਸਲਿਆਂ ਦੀ ਰੋਸ਼ਨੀ ਵਿੱਚ ਬਰਾਬਰ-ਕੰਮ-ਬਰਾਬਰ ਤਨਖਾਹ ਦੇਣ ਦਾ ਫੈਸਲਾ ਲਾਗੂ ਕੀਤਾ ਜਾਵੇ।ਇਹ ਵੀ ਮੰਗ ਕੀਤੀ ਕਿ ਵਿਭਾਗ ਵਿਚਲੇ, ਆਊਟ ਸੋਰਸ ਕਰਮੀਆਂ ਦੀਆਂ ਸੂਚੀਆਂ ਬਣਾਈਆਂ ਜਾਣ ਤੇ ਸਾਰਾ ਡਾਟਾ ਅੱਪਡੇਟ ਕੀਤਾ ਜਾਵੇ ਅਤੇ ਲੋੜੀਂਦੇ ਦਸਤਾਵੇਜ਼ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖੇਤਰੀ ਦਫਤਰਾਂ ਪਾਸੋਂ ਮੰਗੇ ਜਾਣ ਜਿਵੇਂ ਕਿ ਵੱਖ—ਵੱਖ ਵਿਭਾਗਾਂ ਵੱਲੋਂ ਕੀਤਾ ਜਾ ਰਿਹਾ ਹੈ।ਇਹ ਵੀ ਮੰਗ ਕੀਤੀ ਗਈ ਕਿ ਪਸ਼ੂ ਹਸਪਤਾਲਾਂ, ਡਿਸਪੈਂਸਰੀਆਂ ਆਦਿ ਵਿੰਗਾਂ ਵਿੱਚ ਕੰਮ ਕਰਦੇ ਚੌਥਾ ਦਰਜਾ ਕਰਮਚਾਰੀਆਂ ਲਈ ਵਿਭਾਗੀ ਤਰੱਕੀਆਂ ਨਿਯਮ ਬਣਾ ਕੇ ਤਰੱਕੀਆਂ ਦਿੱਤੀਆਂ ਜਾਣ, ਖਾਲੀ ਅਸਾਮੀਆਂ ਵਿਰੁੱਧ ਕੱਚੇ ਕਰਮੀਆਂ ਨੂੰ ਪੱਕਾ ਕੀਤਾ ਜਾਵੇ ਤੇ 1183 ਅਸਾਮੀਆਂ, ਜੋ ਸਰਕਾਰ ਨੇ ਪ੍ਰਵਾਨ ਕੀਤੀਆਂ ਹਨ, ਤੁਰੰਤ ਭਰੀਆਂ ਜਾਣ। ਗੇਟ ਰੈਲੀ ਵਿੱਚ ਵਿਭਾਗ ਦੇ ਪੁਨਗਰਠਨ ਦੌਰਾਨ ਚੌਥਾ ਦਰਜਾ ਕਰਮਚਾਰੀਆਂ ਨੂੰ ਅੱਖੋਂ ਓਹਲੇ ਕਰਨ ਤੇ ਮੰਗਾਂ ਦਾ ਉੱਚ ਅਧਿਕਾਰੀਆਂ ਵੱਲੋਂ ਕੋਈ ਵੀ ਨੋਟਿਸ ਨਾ ਲੈਣ ਤੇ 10 ਜੁਲਾਈ ਨੂੰ ਡਾਇਰੈਕਟਰ ਪਸ਼ੂ ਪਲਾਟ ਵਿਭਾਗ ਦੇ ਦਫਤਰ ਮੋਹਾਲੀ ਵਿਖੇ ਪੰਜਾਬ ਸਰਕਾਰ ਤੇ ਵਿਭਾਗ ਦੇ ਉੱਚ ਅਧਿਕਾਰੀਆਂ ਵਿਰੁੱਧ ਧਰਨਾ ਦੇ ਕੇ ਰੈਲੀ ਕੀਤੀ ਜਾਵੇਗੀ ਅਤੇ ਪਸ਼ੂ ਪਾਲਣ ਮੰਤਰੀ ਦੇ ਵਿਧਾਨ ਸਭਾ ਹਲਕਾ ਵਿਖੇ ਵੀ ਰੈਲੀ ਕਰਨ ਦਾ ਐਲਾਨ ਕੀਤਾ ਜਾਵੇਗਾ।ਪੰਜਾਬ ਸਰਕਾਰ ਨਾਲ ਸਬੰਧਤ ਮੰਗਾਂ ਮਹਿੰਗਾਈ ਭੱਤਾ, ਪੁਰਾਣੀ ਪੈਨਸ਼ਨ ਬਹਾਲੀ ਆਦਿ ਮੁੱਦਿਆਂ 'ਤੇ ਵੀ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ ਤੇ ਰੋਸ ਮਾਰਚ ਕੀਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਲੁਬਾਣਾ ਨੇ ਐਲਾਨ ਕੀਤਾ ਕਿ 26 ਜੂਨ ਨੂੰ ਰੈਲੀ ਤੇ ਰੋਸ ਮਾਰਚ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਮੰਗ ਪੱਤਰ ਦੇਣ ਲਈ ਉਨ੍ਹਾਂ ਦੀ ਨਿੱਜੀ ਰਿਹਾਇਸ਼ ਵੱਲ ਕੀਤਾ ਜਾਵੇਗਾ।

ਗੇਟ ਰੈਲੀ ਨੂੰ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਗੌਤਮ ਭਾਰਦਵਾਜ, ਜਸਪਾਲ ਸਿੰਘ, ਇੰਦਰਪਾਲ ਸਿੰਘ ਵਾਲੀਆ, ਸੁਖਵਿੰਦਰ ਸਿੰਘ, ਰਾਜੇਸ਼ ਗੋਲੂ, ਬਲਵਿੰਦਰ ਸਿੰਘ ਨਾਭਾ, ਰਾਮਜੋਧਾ, ਪ੍ਰੇਮ ਚਾਵਲਾ, ਸੋਮਦੱਤ, ਸੁਰਜੀਤ ਸਿੰਘ ਨਾਭਾ, ਸੰਦੀਪ ਕੁਮਾਰ, ਹਰਜਿੰਦਰ ਸਿੰਘ, ਜੁਗਨੂੰ ਸਹੋਤਾ, ਤਾਰਾ ਚੰਦ, ਕਮਲੇਸ਼ ਕੁਮਾਰ, ਮੰਗੂ, ਦਿਆ ਰਾਮ, ਸੁਖਵਿੰਦਰ ਭਟੇੜੀ, ਬੰਤ ਸਿੰਘ, ਗੁਰਮੁੱਖ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

## ਐੱਸ ਆਈ ਆਰ ਦਾ 92.80 ਫੀਸਦੀ ਮੈਪਿੰਗ ਦਾ ਕੰਮ ਮੁਕੰਮਲ : ਅਮਿਤ ਪੰਚਾਲ

**ਅੱਜ ਤੋਂ ਘਰ-ਘਰ ਜਾ ਕੇ ਬੀ ਐੱਲ ਓਜ਼ ਭਰਵਾਉਣਗੇ ਗਣਨਾ ਫਾਰਮ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**
ਭਾਰਤ ਦੇ ਚੋਣ ਕਮਿਸ਼ਨ ਵੱਲੋਂ ਕਰਵਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ।

ਉਨ੍ਹਾਂ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਯੋਗਤਾ 1 ਅਕਤੂਬਰ 2026 ਨਿਰਧਾਰਤ ਕੀਤੀ ਗਈ ਹੈ।ਇਸ ਤਹਿਤ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐੱਲ.ਓਜ਼. ਵੱਲੋਂ ਘਰ-ਘਰ ਜਾ ਕੇ ਗਣਨਾ ਫਾਰਮ ਭਰਵਾ ਕੇ ਤਸਦੀਕ ਦਾ ਕੰਮ ਕੀਤਾ ਜਾਵੇਗਾ।ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ ਦੀ ਪ੍ਰਕਿਰਿਆ 24 ਜੁਲਾਈ 2026 ਤੱਕ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੂਰੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਡਰਾਫਟ ਵੋਟਰ ਸੂਚੀ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਤੇ ਇਤਰਾਜ਼ ਪ੍ਰਾਪਤ ਕਰਨ ਦੀ ਮਿਆਦ 3 ਅਗਸਤ ਤੋਂ 2 ਸਤੰਬਰ 2026 ਤੱਕ ਰਹੇਗੀ, ਜਦਕਿ ਦਾਅਵਿਆਂ ਤੇ ਇਤਰਾਜ਼ਾਂ ਦੀ ਸੁਣਵਾਈ ਅਤੇ ਨਿਪਟਾਰਾ 3 ਅਗਸਤ 2026 ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ।ਇਸ ਉਪਰੰਤ ਅੰਤਿਮ ਵੋਟਰ ਸੂਚੀਆਂ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਕੋਈ ਵੀ ਯੋਗ ਵੋਟਰ ਵਾਂਝਾ ਨਾ ਰਹੇ ਇਸ ਲਈ ਬੀ.ਐੱਲ.ਏ. ਤੇ ਬੀ.ਐੱਲ.ਓ. ਦਾ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ।ਉਨ੍ਹਾਂ ਸਮੂਹ ਰਾਜਨੀਤਕ ਪਾਰਟੀਆਂ ਨੂੰ ਬੂਥ ਲੈਵਲ ਏਜੰਟ-2 ਨਿਯੁਕਤ ਕਰਨ ਦੀ ਅਪੀਲ ਕੀਤੀ ਤਾਂ ਜੋ ਜ਼ਿਲ੍ਹੇ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਕੰਮ ਨੂੰ ਮੁਕੰਮਲ ਕਰਨ ਲਈ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 753 ਪੋਲਿੰਗ ਬੂਥ ਬਣਾਏ ਗਏ ਹਨ ਤੇ 6939-36 ਵੋਟਰਾਂ ਵਿੱਚੋਂ 643943 ਵੋਟਰਾਂ ਦੀ ਮੈਪਿੰਗ ਦਾ ਕੰਮ ਮੁਕੰਮਲ ਹੋ ਚੁੱਕਿਆ ਹੈ, ਇਸ ਤਰ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 92.80 ਫੀਸਦੀ ਮੈਪਿੰਗ ਕਰਵਾਈ ਜਾ ਚੁੱਕੀ ਹੈ।

## ਲੰਬੇ ਸਮੇਂ ਤੋਂ ਵਪਾਰੀਆਂ 'ਚ ਚੱਲ ਰਹੀ ਖਿੱਚੋਤਾਣ ਖਤਮ, ਮਹਾਂ ਵਪਾਰ ਮੰਡਲ ਦਾ ਗਠਨ

**ਮਨਦੀਪ ਕੱਕੜ ਸਰਬਸੰਮਤੀ ਨਾਲ ਬਣੇ ਪ੍ਰਧਾਨ, ਵਪਾਰੀਆਂ ਨੇ ਏਕਤਾ ਦਾ ਦਿੱਤਾ ਸੰਦੇਸ਼**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਸ਼ਹਿਰ ਵਿੱਚ ਪਿਛਲੇ ਕਈ ਦਿਨਾਂ ਤੋਂ ਮਹਾਂ ਵਪਾਰ ਮੰਡਲ ਦੇ ਗਠਨ ਨੂੰ ਲੈ ਕੇ ਚੱਲ ਰਹੀ ਖਿੱਚੋਤਾਣ ਨੂੰ ਆਖਿਰਕਾਰ ਉਸ ਵੇਲੇ ਵਿਰਾਮ ਮਿਲ ਗਿਆ, ਜਦੋਂ ਬੀਤੀ ਰਾਤ ਵੱਡੀ ਗਿਣਤੀ ਵਿੱਚ ਵਪਾਰੀਆਂ ਨੇ ਇਕੱਠੇ ਹੋ ਕੇ ਨਵੇਂ ਮੰਡਲ ਦਾ ਗਠਨ ਕਰ ਦਿੱਤਾ।ਇਸ ਮੌਕੇ ਵੱਡੇ ਵਪਾਰੀਆਂ ਤੋਂ ਲੈ ਕੇ ਛੋਟੇ ਦੁਕਾਨਦਾਰਾਂ ਤੱਕ ਨੇ ਭਾਰੀ ਉਤਸ਼ਾਹ ਨਾਲ ਭਾਗ ਲਿਆ ਤੇ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ।ਮਹਾਂ ਵਪਾਰ ਮੰਡਲ ਦਾ ਗਠਨ ਸਥਾਨਕ ਸ੍ਰੀ ਸ਼ਿਵ ਮੰਦਿਰ ਧਰਮਸ਼ਾਲਾ ਵਿਖੇ ਕੀਤਾ ਗਿਆ, ਜਿੱਥੇ ਸ਼ਹਿਰ ਦੇ ਵੱਖ-ਵੱਖ ਕਾਰੋਬਾਰ ਨਾਲ ਸਬੰਧਤ ਵਪਾਰੀਆਂ ਦੀ ਭਾਰੀ ਹਾਜ਼ਰੀ ਦੇਖਣ ਨੂੰ ਮਿਲੀ।ਇਸ ਦੌਰਾਨ ਸਾਰੇ ਵਪਾਰੀਆਂ ਨੇ ਮਿਲ ਬੈਠ ਕੇ ਆਪਣੀ ਸਹਿਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ।ਮੀਟਿੰਗ ਦੌਰਾਨ ਸਮਾਜ ਸੇਵੀ ਤੇ ਪ੍ਰਸਿੱਧ ਵਪਾਰੀ ਮਨਦੀਪ ਕੱਕੜ ਨੂੰ ਸਰਬਸੰਮਤੀ ਨਾਲ ਮਹਾਂ ਵਪਾਰ ਮੰਡਲ ਦਾ ਪ੍ਰਧਾਨ ਚੁਣਿਆ ਗਿਆ, ਜਿਸ ਦਾ ਸਾਰੇ ਹਾਜ਼ਰ ਵਪਾਰੀਆਂ ਵੱਲੋਂ ਜ਼ੋਰਦਾਰ ਤਾਲੀਆਂ ਨਾਲ ਸਵਾਗਤ ਕੀਤਾ ਗਿਆ।ਇਸ ਦੇ ਨਾਲ ਹੀ ਪਵਨ ਢੰਡ ਨੂੰ ਸਰਪ੍ਰਸਤ, ਐਡਵੋਕੇਟ ਅਮਿਤ ਅਗਰਵਾਲ ਨੂੰ ਸੀਨੀਅਰ ਵਾਇਸ ਪ੍ਰਧਾਨ, ਬੌਬੀ ਗਰਗ ਤੇ ਵਿਕਾਸ ਕਟਾਰੀਆ ਨੂੰ ਵਾਇਸ ਪ੍ਰਧਾਨ, ਸੰਦੀਪ ਗੋਇਲ ਨੂੰ ਜਨਰਲ ਸੈਕਟਰੀ, ਯੋਗੇਸ਼ ਗੋਇਲ ਨੂੰ ਸੈਕਟਰੀ ਤੇ ਰੂਬਲ ਸ਼ਰਮਾ ਨੂੰ ਜੁਆਇੰਟ ਸੈਕਟਰੀ ਨਿਯੁਕਤ ਕੀਤਾ ਗਿਆ।ਸੰਤ ਰਾਮ ਭੰਡਾਰੀ ਨੂੰ ਕੈਸ਼ੀਅਰ ਤੇ ਕਰਮਜੀਤ ਸਿੰਘ ਕੰਮਾ ਨੂੰ ਜੁਆਇੰਟ ਕੈਸ਼ੀਅਰ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਤੋਂ ਇਲਾਵਾ ਰਵੀ ਮੈਡੀਕਲ ਸਟੋਰ ਨੂੰ ਮੀਡੀਆ ਐਡਵਾਈਜ਼ਰ, ਰਕੇਸ਼ ਜਿੰਦਲ ਨੂੰ ਕੋਆਰਡੀਨੇਟਰ ਅਤੇ ਤੀਰਥ ਬਾਂਸਲ ਤੇ ਅਮਨ ਤਨੇਜਾ ਨੂੰ ਐਡਵਾਈਜ਼ਰ ਬਣਾਇਆ ਗਿਆ।ਮੀਡੀਆ ਸਲਾਹਕਾਰਾਂ ਵਜੋਂ ਕੁਲਵੰਤ ਅਰੋੜਾ, ਦਵਿੰਦਰ ਸਿੰਘ ਚੀਕਾ ਤੇ ਬਲਵਿੰਦਰ ਸਿੰਘ ਮਿੰਟੂ ਨੂੰ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ।ਕਪਿਲ ਗਰਗ ਨੂੰ ਕੋ-ਮਾਨੀਟਰ, ਮੋਹਿਤ ਸਿੰਗਲਾ ਨੂੰ ਮਾਨੀਟਰ, ਸੋਨੂੰ ਅਰੋੜਾ ਨੂੰ ਚੀਫ ਪਾਰਟਨਰ ਅਤੇ ਬੌਬੀ ਅਰੋੜਾ ਨੂੰ ਡਿਸਪਲੇਨ ਹੈੱਡ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਹੋਰ ਕਈ ਮੈਂਬਰਾਂ ਦੀ ਵੀ ਨਾਮਜ਼ਦਗੀ ਕੀਤੀ ਗਈ।ਮੀਟਿੰਗ ਦੌਰਾਨ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ ਤੇ ਵਪਾਰੀਆਂ ਨੇ ਇਕਜੁੱਟਤਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਸ਼ਹਿਰ ਵਿੱਚ ਪੈਦਲ ਮਾਰਚ ਵੀ ਕੀਤਾ ਗਿਆ ਤੇ ਖ਼ੁਸ਼ੀ ਦੇ ਮਾਹੌਲ ਵਿੱਚ ਆਤਿਸ਼ਬਾਜ਼ੀ ਕਰਕੇ ਇਸ ਨਵੇਂ ਗਠਨ ਦਾ ਜਸ਼ਨ ਮਨਾਇਆ ਗਿਆ।ਮਾਰਚ ਦੌਰਾਨ ਵਪਾਰੀਆਂ ਨੇ ਮੇਨ ਚੌਂਕ ਵਿੱਚ ਪਹੁੰਚ ਕੇ ਸ਼ਹੀਦ ਭਗਤ ਸਿੰਘ ਜੀ ਦੇ ਬੁੱਤ 'ਤੇ ਫੁੱਲਾਂ ਦੇ ਹਾਰ ਅਰਪਿਤ ਕਰ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਇਸ ਮੌਕੇ ਨਵੇਂ ਨਿਯੁਕਤ ਪ੍ਰਧਾਨ ਮਨਦੀਪ ਕੱਕੜ ਤੇ ਹੋਰ ਅਹੁਦੇਦਾਰਾਂ ਨੇ ਕਿਹਾ ਕਿ ਉਹ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪਹਿਲ ਦੇ ਅਧਾਰ 'ਤੇ ਕੰਮ ਕਰਨਗੇ।ਉਨ੍ਹਾਂ ਸਾਰੇ ਵਪਾਰੀਆਂ ਨੂੰ ਇਕਜੁੱਟ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਏਕਤਾ ਨਾਲ ਹੀ ਹਰ ਸਮੱਸਿਆ ਦਾ ਹੱਲ ਸੰਭਵ ਹੈ।ਸ਼ਹਿਰ ਦੇ ਵਪਾਰੀਆਂ ਨੇ ਵੀ ਇਸ ਗਠਨ ਨੂੰ ਇਤਿਹਾਸਕ ਕਦਮ ਕਰਾਰ ਦਿੰਦਿਆਂ ਉਮੀਦ ਜਤਾਈ ਕਿ ਨਵੀਂ ਟੀਮ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਕਰੇਗੀ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।

## ਪਾਵਰਕਾਮ ਪੈਨਸ਼ਨਰਜ਼ ਸਰਕਲ ਫਿਰੋਜ਼ਪੁਰ ਦੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਫਿਰੋਜ਼ਪੁਰ ਦੀ ਮੀਟਿੰਗ ਸਾਥੀ ਸੁਰਿੰਦਰ ਸ਼ਰਮਾ ਦੀ ਪ੍ਰਧਾਨਗੀ ਵਿਚ ਹੋਈ। ਜ਼ਿਲ੍ਹਾ ਜਲਾਲਾਬਾਦ ਮੰਡਲ ਤੋਂ ਰਾਮ ਕਿਸ਼ਨ, ਰਾਜਿੰਦਰ ਸਿੰਘ, ਜ਼ੀਰਾ ਮੰਡਲ ਤੋਂ ਸਾਥੀ ਜੈ ਸ਼੍ਰੀ ਦੱਤ, ਸ਼ਹਿਰੀ ਮੰਡਲ ਫਿਰੋਜ਼ਪੁਰ ਤੋਂ ਸਾਥੀ ਚੰਨਣ ਸਿੰਘ, ਸ਼ਾਮ ਸਿੰਘ ਅਤੇ ਸਬ ਅਰਬਨ ਮੰਡਲ ਫਿਰੋਜ਼ਪੁਰ ਤੋਂ ਤਰਲੋਕ ਚੋਪੜਾ ਸਮੇਤ ਸਰਕਲ ਦੇ ਅਹੁਦੇਦਾਰ ਪ੍ਰਕਾਸ਼ ਬੱਤਰਾ, ਸੁਰਜਨ ਸਿੰਘ, ਬਿਸ਼ਨ ਸਿੰਘ ਅਤੇ ਸਟੇਟ ਕਮੇਟੀ ਦੇ ਸੀਨੀਅਰ ਪ੍ਰਧਾਨ ਸਾਥੀ ਰਾਕੇਸ਼ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਵਿਚ 24 ਜੂਨ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਫਰੰਟ ਅਤੇ ਮੁਲਾਜ਼ਮ ਮੰਚ ਪੰਜਾਬ ਵੱਲੋਂ ਸੱਦੀ ਗਈ ਮੀਟਿੰਗ ਵਿਚ ਸ਼ਾਮਲ ਹੋਣ ਦਾ ਫੈਸਲਾ ਕੀਤਾ। 17 ਜੂਨ ਨੂੰ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਕਾਲ ਤੇ 29 ਜੁਲਾਈ ਨੂੰ ਸੰਗਰੂਰ ਵਿਖੇ ਵਿਸ਼ਾਲ ਰੈਲੀ ਵਿਚ ਸ਼ਾਮਲ ਹੋਇਆ ਜਾਵੇਗਾ। 17 ਜੁਲਾਈ ਨੂੰ ਮੁਹਾਲੀ ਵਿਖੇ 1 ਲੱਖ ਮੁਲਾਜ਼ਮ ਅਤੇ ਪੈਨਸ਼ਨਰਜ਼ ਦਾ ਭਾਰੀ ਇਕੱਠ ਕੀਤਾ ਜਾਵੇਗਾ। ਜਿਸ ਵਿਚ ਪੰਜਾਬ ਸਰਕਾਰ ਵਿਰੁੱਧ ਆਪਣੀਆਂ ਮੰਗਾਂ ਡੀਏ ਦਾ ਬਕਾਇਆ ਅਤੇ 18 ਪ੍ਰਤੀਸ਼ਤ ਡੀਏ ਦੇਣ ਦੀ ਮੰਗ ਕੀਤੀ ਜਾਵੇਗੀ। 2.59 ਦਾ ਗੁਣਾਂਕ ਨਾਲ 31 ਦਸੰਬਰ 2025 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ ਜਾਰੀ ਕੀਤਾ ਜਾਵੇ। ਮੈਡੀਕਲ ਭੱਤੇ ਵਿਚ ਵਾਧਾ ਕੀਤਾ ਜਾਵੇ। ਕੈਸ਼ ਲੈੱਸ ਸਕੀਮ ਲਾਗੂ ਕੀਤਾ ਜਾਵੇ, 200 ਰੁਪਏ ਜਬਰ ਕਟੌਤੀ ਕਰਨ ਦਾ ਵਿਰੋਧ ਕੀਤਾ ਗਿਆ। ਉਨ੍ਹਾਂ ਆਖਿਆ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਿਸ਼ਾਲ ਮਾਰਚ ਪਿੰਡਾਂ ਅਤੇ ਸ਼ਹਿਰਾਂ ਵਿਚ ਕੀਤਾ ਜਾਵੇਗਾ ਤੇ ਮੰਤਰੀਆਂ ਦੇ ਘਰਾਂ ਅੱਗੇ ਘੜੇ ਭੰਨ ਮੁਜਾਹਰਾ ਰੈਲੀ ਕੀਤੀ ਜਾਵੇਗੀ। ਇਸ ਮੌਕੇ ਪਾਵਰਕਾਮ ਪੈਨਸ਼ਨਰਜ਼ ਸਰਕਲ ਫਿਰੋਜ਼ਪੁਰ ਦੇ ਮੁਲਾਜ਼ਮ ਹਾਜ਼ਰ ਸਨ।

## ਨਸ਼ੇ ਨੇ ਨਿਗਲਿਆ ਮਾਪਿਆਂ ਦਾ ਇਕਲੌਤਾ ਪੁੱਤਰ

**ਮਾਨਸਾ (ਆਤਮਾ ਸਿੰਘ ਪਮਾਰ)**-ਇੱਥੋਂ ਥੋੜ੍ਹੀ ਦੂਰ ਕਸਬਾ ਜੋਗਾ ਦੇ ਇੱਕ ਨੌਜਵਾਨ ਗੁਰਜੀਤ ਸਿੰਘ ਦੀ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪਤਾ ਲੱਗਾ ਹੈ ਕਿ ਉਹ ਮਾਪਿਆਂ ਦਾ ਇਕਲੌਤਾ ਪੁੱਤਰ ਸੀ ਅਤੇ ਬੇਹੋਸ਼ੀ ਦੀ ਹਾਲਤ 'ਚ ਹੰਡਿਆਇਆ ਨੇੜੇ ਪਿੰਡ ਛੰਨਾ ਭੈਣੀ ਤੋਂ ਮਿਲਿਆ ਅਤੇ ਘਰ ਲਿਆਉਣ ਉਪਰੰਤ ਉਸ ਨੇ ਦਮ ਤੋੜ ਦਿੱਤਾ।ਪੁਲੀਸ ਪਾਸੋਂ ਮਿਲੀ ਜਾਣਕਾਰੀ ਅਨੁਸਾਰ ਜੋਗਾ ਵਾਸੀ ਗੁਰਜੀਤ ਸਿੰਘ ਕਾਫ਼ੀ ਸਮੇਂ ਤੋਂ ਨਸ਼ਾ ਕਰਦਾ ਆ ਰਿਹਾ ਸੀ। ਉਹ ਬੀਤੀ ਕੱਲ੍ਹ ਕਿਸੇ ਦੋਸਤ ਨਾਲ ਪਿੰਡ ਛੰਨਾ ਭੈਣੀ ਗਿਆ ਅਤੇ ਉਥੇ ਬੇਹੋਸ਼ ਪਾਇਆ ਗਿਆ।ਮ੍ਰਿਤਕ ਨੌਜਵਾਨ ਦੇ ਪਿਤਾ ਸੁਖਵਿੰਦਰ ਸਿੰਘ ਅਤੇ ਦਾਦਾ ਹਰਬੰਸ ਸਿੰਘ ਨੇ ਦੱਸਿਆ ਕਿ ਉਹ ਗੁਰਜੀਤ ਸਿੰਘ ਨੂੰ ਨਸ਼ਾ ਕਰਨ ਤੋਂ ਰੋਕਦੇ ਆ ਰਹੇ ਸਨ ਅਤੇ ਕਈ ਵਾਰ ਇਹ ਮਾਮਲਾ ਪੁਲੀਸ ਕੋਲ ਵੀ ਗਿਆ, ਪਰ ਉਹ ਬੀਤੇ ਕੱਲ੍ਹ ਅੱਖ ਬਚਾ ਕੇ ਘਰੋਂ ਨਿਕਲ ਗਿਆ ਸੀ।



## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਖਿਲਾਫ ਰੋਸ ਰੈਲੀ ਤੇ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਪੰਜਾਬ ਤੇ ਅਜ਼ਾਦ ਜਥੇਬੰਦੀਆਂ ਦੇ ਸੱਦੇ 'ਤੇ ਸਮੁੱਚੇ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਅੱਗੇ ਰੋਸ ਰੈਲੀਆਂ ਕਰਨ ਦੀ ਕੜੀ ਵਜੋਂ ਬੁੱਧਵਾਰ ਜ਼ਿਲ੍ਹਾ ਪਟਿਆਲਾ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਗੁਰਦੀਪ ਸਿੰਘ ਵਾਲੀਆ, ਸੁਖਵਿੰਦਰ ਸਿੰਘ ਸੋਢੀ, ਦਰਸ਼ਨ ਸਿੰਘ ਬੇਲੂ ਮਾਜਰਾ, ਰਾਮ ਚੰਦ ਧਾਮੋਮਾਜਰਾ, ਬਿਕਰਮਦੇਵ ਸਿੰਘ ਤੇ ਗੁਰਮੀਤ ਸਿੰਘ ਵਾਲੀਆ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਦਫਤਰ ਪਟਿਆਲਾ ਅੱਗੇ ਰੋਸ ਰੈਲੀ ਤੇ ਪ੍ਰਦਰਸ਼ਨ ਕੀਤਾ ਗਿਆ।

ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਗੁਰਮੇਲ ਸਿੰਘ ਵਿਰਕ, ਸ੍. ਪਰਮਜੀਤ ਸਿੰਘ, ਦੀਦਾਰ ਸਿੰਘ, ਸੰਤ ਰਾਮ, ਬਚਿੱਤਰ ਸਿੰਘ, ਨਾਹਰ ਸਿੰਘ, ਜਸਵਿੰਦਰ ਸਿੰਘ, ਖੁਸ਼ਵਿੰਦਰ ਸਿੰਘ, ਮਨੋਜ ਘਈ, ਸਵਰਨ ਸਿੰਘ ਬੰਗਾ, ਜਸਵੀਰ ਸਿੰਘ ਖੋਖਰ, ਦਲਜੀਤ ਸਿੰਘ ਕੋਹਲੀ, ਭਿੰਦਰ ਸਿੰਘ, ਸੋਹਨ ਸਿੰਘ ਵਿਰਕ, ਇੰਦਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਆਲਮਪੁਰ, ਧਰਮਪਾਲ ਆਦਿ ਬੁਲਾਰਿਆਂ ਨੇ ਭਗਵੰਤ ਸਿੰਘ ਮਾਨ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਆਪ ਵੱਲੋਂ ਚੋਣ ਵੇਲੇ ਕੀਤੇ ਵਾਅਦਿਆਂ ਅਨੁਸਾਰ ਮੰਗਾਂ ਦਾ ਹੱਲ ਨਾ ਕੀਤਾ ਤਾਂ 1 ਜੁਲਾਈ ਤੋਂ 10 ਜੁਲਾਈ ਤੱਕ ਐੱਮ.ਐੱਲ.ਏ. ਤੇ ਮੰਤਰੀਆਂ ਦੀਆਂ ਰਿਹਾਇਸ਼ਾਂ ਦਾ ਘਿਰਾਓ ਕੀਤਾ ਜਾਵੇਗਾ। ਬੁਲਾਰਿਆਂ ਨੇ ਮੰਗ ਕੀਤੀ ਕਿ ਡੀ.ਏ. ਦੀਆਂ ਕਿਸ਼ਤਾਂ ਤੇ ਬਕਾਏ ਤੁਰੰਤ ਦਿੱਤੇ ਜਾਣ, ਕੱਚੇ ਮੁਲਾਜ਼ਮ ਬਿਨਾਂ ਸ਼ਰਤ ਪੱਕੇ ਕੀਤੇ ਜਾਣ, 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ, ਵਿਭਾਗਾਂ ਦਾ ਨਿਜੀਕਰਨ ਪੰਚਾਇਤੀ ਕਰਨਾ ਬੰਦ ਕੀਤਾ ਜਾਵੇ। ਬੁਲਾਰਿਆਂ ਨੇ ਦੱਸਿਆ ਕਿ ਜੇਕਰ ਮੰਗਾਂ ਦਾ ਹੱਲ ਕਰਨ ਵਿੱਚ ਆਨਾਕਾਨੀ ਕੀਤੀ ਤਾਂ 17 ਜੁਲਾਈ ਨੂੰ ਮੁਹਾਲੀ ਰੈਲੀ ਕਰਕੇ ਚੰਡੀਗੜ੍ਹ ਵੱਲ ਮਾਰਚ ਕੀਤਾ ਜਾਵੇਗਾ ਤੇ ਉਸ ਤੋਂ ਬਾਅਦ ਸਮੁੱਚੇ ਕਿਰਤੀ ਵਰਗ ਨੂੰ ਨਾਲ ਲੈ ਕੇ ਪੰਜਾਬ ਨੂੰ ਬੰਦ ਕਰਨ ਵੱਲ ਵਧਿਆ ਜਾਵੇਗਾ, ਜਿਸ ਦਾ ਖਮਿਆਜ਼ਾ ਪੰਜਾਬ ਸਰਕਾਰ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ।

## ਜ਼ਿਲ੍ਹਾ ਚੋਣ ਅਫਸਰ ਵੱਲੋਂ ਐੱਸ ਆਈ ਆਰ-2026 ਦੇ ਸੰਬੰਧ 'ਚ ਪੱਤਰਕਾਰਾਂ ਨਾਲ ਮੀਟਿੰਗ

■ **ਬੀ.ਐੱਲ.ਓਜ਼ ਵੱਲੋਂ ਅੱਜ ਤੋਂ ਘਰ-ਘਰ ਜਾ ਕੇ ਵੋਟਰਾਂ ਦੇ ਭਰਵਾਏ ਜਾਣਗੇ ਫਾਰਮ**

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 (ਐੱਸ ਆਈ ਆਰ) ਦੇ ਸਬੰਧ ਵਿੱਚ ਜ਼ਿਲ੍ਹੇ ਦੇ ਪੱਤਰਕਾਰਾਂ ਨਾਲ ਮੀਟਿੰਗ ਕੀਤੀ।ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਡਾ. ਮਨਦੀਪ ਕੌਰ, ਇਲੈਕਸ਼ਨ ਤਹਿਸੀਲਦਾਰ ਮੈਡਮ ਵਿਭੂ ਜੈਨ ਮੌਜੂਦ ਸਨ।ਇਸ ਮੌਕੇ ਜ਼ਿਲ੍ਹਾ ਚੋਣ ਅਫਸਰ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਇਸ ਮਹੱਤਵਪੂਰਨ ਕਾਰਜ ਨੂੰ ਸੁਚਾਰੂ ਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚੜ੍ਹਾਉਣ ਲਈ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓਜ਼) ਵੱਲੋਂ ਘਰ-ਘਰ ਜਾ ਕੇ ਵੋਟਰਾਂ ਦੇ ਐਨਯੂਮੇਰੇਸ਼ਨ ਫਾਰਮ ਭਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਦਾ ਮਕਸਦ ਵੋਟ ਕੱਟਣਾ ਨਹੀਂ ਹੈ, ਵੋਟ ਦੀ ਦਰੁੱਸਤੀ ਕਰਨਾ ਜਿਵੇਂ ਕਿ ਨਾਮ ਤੇ ਹੋਰ ਗਲਤੀਆਂ ਦੀ ਦਰੁਸਤੀ ਕਰਨਾ ਹੈ, ਇਸ ਲਈ ਜ਼ਿਲ੍ਹਾ ਵਾਸੀ ਘਬਰਾਉਣ ਨਾ ਸਗੋਂ ਬੀ.ਐੱਲ.ਓਜ਼ ਨੂੰ ਸਹਿਯੋਗ ਦੇਣ।ਉਨ੍ਹਾਂ ਕਿਹਾ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਅਧੀਨ ਹੀ ਪੋਲਿੰਗ ਸਟੇਸ਼ਨਾਂ ਨੂੰ ਤਰਕ ਸੰਗਤ ਕਰਨ ਦਾ ਕਾਰਜ 24 ਜੁਲਾਈ 2026 ਤੱਕ ਕੀਤਾ ਜਾਵੇਗਾ। 3 ਅਗਸਤ 2026 ਨੂੰ ਖਰੜਾ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ, ਜਦਕਿ ਇਨ੍ਹਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ।ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਐੱਸ ਆਈ ਆਰ ਅਧੀਨ ਜ਼ਿਲ੍ਹੇ ਦੇ 7,76,163 ਵੋਟਰਾਂ ਵਿੱਚੋਂ 6,86,917 ਵੋਟਰ 2003 ਦੀ ਵੋਟਰ ਸੂਚੀ ਨਾਲ ਮੈਪ ਕਰ ਦਿੱਤੇ ਗਏ ਹਨ. ਜੋ ਕਿ ਤਕਰੀਬਨ 88.5 ਪ੍ਰਤੀਸ਼ਤ ਬਣਦਾ ਹੈ।

## ਵਿਧਾਇਕਾ ਡਾ. ਅਰੋੜਾ ਨੇ ਕਾਹਨ ਸਿੰਘ ਵਾਲਾ 'ਚ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਲਕਾ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਕਾਹਨ ਸਿੰਘ ਵਾਲਾ ਵਿੱਚ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਅਤੇ ਵਿਕਾਸ ਕਾਰਜਾਂ ਬਾਰੇ ਚਰਚਾ ਕੀਤੀ।ਇਸ ਮੌਕੇ ਵਿਧਾਇਕ ਨੇ ਪਿੰਡ ਵਿੱਚ ਚੱਲ ਰਹੇ ਛੱਪੜ ਦੇ ਨਿਰਮਾਣ ਕਾਰਜ, ਸਾਫ਼ ਪੀਣ ਵਾਲੇ ਪਾਣੀ ਦੀ ਪਾਈਪਲਾਈਨ ਅਤੇ ਨਹਿਰੀ ਪਾਣੀ ਦੀ ਪਾਈਪਲਾਈਨ ਪ੍ਰੋਜੈਕਟ ਦਾ ਨਿਰੀਖਣ ਕਰਦਿਆਂ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਵਿਕਾਸ ਕਾਰਜ ਸਮੇਂ ਸਿਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕੀਤੇ ਜਾਣ।ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੀਆਂ ਵੱਖ-ਵੱਖ ਸਮੱਸਿਆਵਾਂ ਅਤੇ ਮੰਗਾਂ ਵਿਧਾਇਕ ਦੇ ਧਿਆਨ ਵਿੱਚ ਲਿਆਂਦੀਆਂ।ਡਾ. ਅਰੋੜਾ ਨੇ ਸਾਰੇ ਮਸਲਿਆਂ ਨੂੰ ਗੰਭੀਰਤਾ ਨਾਲ ਸੁਣਦਿਆਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ।ਇਸ ਮੌਕੇ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ, ਬਿਹਤਰ ਬੁਨਿਆਦੀ ਸਹੂਲਤਾਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਤਜਿੰਦਰ ਸਿੰਘ ਸੇਬੀ, ਗੁਰਮੀਤ ਸਿੰਘ, ਜਗਦੀਪ ਸਿੰਘ ਬਰਾੜ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਬਰਸਟ ਗੁੱਗਾ ਮਾੜੀ ਦਰਬਾਰ ਵਿਖੇ ਹੋਏ ਨਤਮਸਤਕ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍. ਹਰਚੰਦ ਸਿੰਘ ਬਰਸਟ ਵੱਲੋਂ ਪਟਿਆਲਾ ਦੇ ਵਿਕਾਸ ਨਗਰ, ਸਿਉਨਾ ਸਥਿਤ ਗੁੱਗਾ ਮਾੜੀ ਦਰਬਾਰ ਵਿਖੇ ਸਮਾਗਮ ਵਿੱਚ ਪਹੁੰਚ ਕੇ ਹਾਜ਼ਰੀ ਲਗਵਾਈ ਗਈ।ਸ੍. ਬਰਸਟ ਨੇ ਸ੍ਰੀ ਗੁੱਗਾ ਜੀ ਦੇ ਦਰਬਾਰ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਸੂਬੇ ਦੀ ਤਰੱਕੀ, ਖੁਸ਼ਹਾਲੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਉਨ੍ਹਾਂ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਜੋਗਨਾਥ ਤੋਂ ਆਸ਼ੀਰਵਾਦ ਵੀ ਪ੍ਰਾਪਤ ਕੀਤਾ।ਇਸ ਮੌਕੇ ਚੇਅਰਮੈਨ ਸ੍. ਹਰਚੰਦ ਸਿੰਘ ਬਰਸਟ ਨੇ ਅੰਤਰਰਾਸ਼ਟਰੀ ਪੱਧਰ 'ਤੇ ਪਟਿਆਲਾ ਤੇ ਪੂਰੇ ਪੰਜਾਬ ਦਾ ਨਾਮ ਰੌਸ਼ਨ ਕਰਨ ਬਦਲੇ ਸਮਰਜੋਤ ਸਿੰਘ ਤੇ ਨਵਜੋਤ ਕੌਰ ਨੂੰ ਸਨਮਾਨਤ ਕੀਤਾ, ਜਿਨ੍ਹਾਂ ਨੇ ਥਾਈਲੈਂਡ ਵਿਖੇ ਹੋਏ ਤੀਜੇ ਇੰਡੋ-ਥਾਈ ਇੰਟਰਨੈਸ਼ਨਲ ਕਰੌਸਬੋ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਜਿੱਤਿਆ ਹੈ।ਸ੍. ਬਰਸਟ ਨੇ ਦੋਵਾਂ ਬੱਚਿਆਂ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਹੀ ਸਾਡੀ ਸੱਭਿਆਚਾਰਕ ਤੇ ਧਾਰਮਿਕ ਵਿਰਾਸਤ ਦਾ ਅਹਿਮ ਹਿੱਸਾ ਹਨ, ਜਿਨ੍ਹਾਂ ਰਾਹੀਂ ਅਸੀਂ ਆਪਣੇ ਸੱਭਿਆਚਾਰ ਨਾਲ ਜੁੜੇ ਰਹਿੰਦੇ ਹਾਂ ਤੇ ਨਵੀਂ ਪੀੜ੍ਹੀ ਨੂੰ ਵੀ ਆਪਣੀ ਸੰਸਕ੍ਰਿਤੀ ਤੇ ਰਿਤੀ-ਰਿਵਾਜਾਂ ਬਾਰੇ ਜਾਣਕਾਰੀ ਮਿਲਦੀ ਹੈ।ਉਨ੍ਹਾਂ ਕਿਹਾ ਕਿ ਸਾਡੀ ਧਾਰਮਿਕ ਤੇ ਸੱਭਿਆਚਾਰਕ ਵਿਰਾਸਤ ਹੀ ਸਾਡੀ ਸਭ ਤੋਂ ਵੱਡੀ ਤਾਕਤ ਹੈ।ਆਯੋਜਕਾਂ ਵੱਲੋਂ ਸ੍ਰੀ ਬਰਸਟ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮੂਹ ਇਲਾਕਾ ਨਿਵਾਸੀ ਮੌਜੂਦ ਸਨ।

## ਅੱਜ ਕਾਂਗਰਸ ਦੇ ਬੀਐੱਲ ਏ ਲੋਕਾਂ ਲਈ ਰਹਿਣਗੇ ਹਾਜ਼ਰ : ਗੁਰਪਿਆਰ ਧੂਰਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਵਿਧਾਨ ਸਭਾ ਹਲਕਾ ਧੂਰੀ ਤੋਂ ਕਾਂਗਰਸ ਪਾਰਟੀ ਦੇ ਬੀ.ਐੱਲ.ਏ. ਇੰਚਾਰਜ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਗੁਰਪਿਆਰ ਸਿੰਘ ਧੂਰਾ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਮੌਜੂਦਾ ਐੱਸ.ਆਈ.ਆਰ. ਪ੍ਰਕਿਰਿਆ ਦੇ ਮੱਦੇਨਜ਼ਰ ਲੋਕਾਂ ਦੀ ਸਹੂਲਤ ਲਈ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਸਰਗਰਮ ਤੇ ਵਚਨਬੱਧ ਹੈ। ਸੂਬਾ ਸਕੱਤਰ ਗੁਰਪਿਆਰ ਸਿੰਘ ਧੂਰਾ ਨੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੋਟਿੰਗ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਤੇ ਆਮ ਜਨਤਾ ਦੀ ਸਹੂਲਤ ਲਈ ਕਾਂਗਰਸ ਪਾਰਟੀ ਦੇ ਸਾਰੇ ਨਿਯੁਕਤ ਕੀਤੇ ਗਏ ਬੀ.ਐੱਲ.ਏ. 25 ਜੂਨ ਤੋਂ ਸ਼ੁਰੂ ਹੋਣ ਵਾਲੀ ਐੱਸ.ਆਈ.ਆਰ. ਵਿੱਚ ਬੀ.ਐੱਲ.ਓ. ਨਾਲ ਹਾਜ਼ਰ ਰਹਿਣਗੇ।ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਦੋ/ਦੋ ਫੋਟੋਆਂ ਤੇ ਹੋਰ ਮੰਗੀ ਗਈ ਜਾਣਕਾਰੀ ਮੁਹੱਈਆ ਕਰਵਾਉਣ, ਤਾਂ ਜੋ ਕਿਸੇ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।ਉਨ੍ਹਾਂ ਬੀ.ਐੱਲ.ਏ. ਨੂੰ ਵੀ ਤਾਕੀਦ ਕੀਤੀ ਕਿ ਉਹ ਲੋਕਾਂ ਦੀ ਮੱਦਦ ਲਈ ਹਾਜ਼ਰ ਰਹਿਣ।

## ਮਾਨ ਸਰਕਾਰ ਵੱਲੋਂ ਫ਼ਰੀਦਕੋਟ ਹਲਕੇ ਨੂੰ 50 ਕਰੋੜ ਤੋਂ ਵੱਧ ਦੇ ਵਿਕਾਸ ਕਾਰਜਾਂ ਦਾ ਤੋਹਫ਼ਾ

■ **ਜਲ ਸਰੋਤ ਮੰਤਰੀ ਗੋਇਲ ਨੇ ਆਧੁਨਿਕ ਸਟੀਲ ਪੁਲਾਂ ਤੇ ਪੱਕੇ ਖਾਲਿਆਂ ਦਾ ਕੀਤਾ ਉਦਘਾਟਨ**



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਫ਼ਰੀਦਕੋਟ ਵਿੱਚ ਵਿਭਾਗ ਨਾਲ ਸਬੰਧਤ ਵੱਖ-ਵੱਖ ਬਹੁ-ਕਰੋੜੀ ਵਿਕਾਸ ਕਾਰਜਾਂ ਦਾ ਉਦਘਾਟਨ ਕਰਕੇ ਉਨ੍ਹਾਂ ਨੂੰ ਜਨਤਾ ਨੂੰ ਸਮਰਪਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਤਲਵੰਡੀ ਰੋਡ ਫ਼ਰੀਦਕੋਟ ਵਿਖੇ ਰਾਜਸਥਾਨ ਫੀਡਰ ਨਹਿਰ (ਬੁਰਜੀ ਨੰਬਰ 195814) ਤੇ ਫ਼ਰੀਦਕੋਟ-ਕੋਟਕਪੂਰਾ ਰੋਡ 'ਤੇ ਸਰਹਿੰਦ ਫੀਡਰ ਨਹਿਰ (ਬੁਰਜੀ ਨੰਬਰ 140066) ਉੱਪਰ ਨਵੇਂ ਬਣੇ ਸਿੰਗਲ ਸਪੈਨ ਸਟੀਲ ਪੁਲਾਂ ਦਾ ਉਦਘਾਟਨ ਕੀਤਾ।ਉਨ੍ਹਾਂ ਦੱਸਿਆ ਕਿ ਫ਼ਰੀਦਕੋਟ ਸ਼ਹਿਰ ਦੀਆਂ ਦੋ ਮੁੱਖ ਸੜਕਾਂ ਉੱਪਰ ਬਣੇ ਇਹ ਪੁਲ ਆਧੁਨਿਕ ਤਕਨੀਕ ਨਾਲ ਤਿਆਰ ਕੀਤੇ ਗਏ ਹਨ।ਇੱਥੇ ਪਹਿਲਾਂ ਬਣੇ ਪੁਲ ਲਗਭਗ 60 ਸਾਲ ਪੁਰਾਣੇ ਸਨ, ਜਿਸ ਕਾਰਨ ਵਧ ਰਹੀ ਟਰੈਫਿਕ ਕਰਕੇ ਆਵਾਜਾਈ ਵਿੱਚ ਵੱਡੀ ਦਿੱਕਤ ਆ ਰਹੀ ਸੀ। ਨਵੇਂ ਪੁਲਾਂ ਦੀ ਕੈਰੇਜ ਵੇਅ ਚੌੜਾਈ 7.5 ਮੀਟਰ ਰੱਖੀ ਗਈ ਹੈ ਤੇ ਦੋਵੇਂ ਪਾਸੇ 1.200 ਮੀਟਰ ਚੌੜੇ ਪੈਦਲ ਮਾਰਗ ਵੀ ਬਣਾਏ ਗਏ ਹਨ।ਇਨ੍ਹਾਂ ਪੁਲਾਂ ਦੇ ਬਣਨ ਨਾਲ ਫ਼ਰੀਦਕੋਟ ਸ਼ਹਿਰ ਤੇ ਆਸ-ਪਾਸ ਦੇ ਇਲਾਕਿਆਂ ਦੀ ਟ੍ਰੈਫਿਕ ਸਮੱਸਿਆ ਹੱਲ ਹੋਵੇਗੀ।ਇਸ ਉਪਰੰਤ ਕੈਬਨਿਟ ਮੰਤਰੀ ਨੇ ਪਿੰਡ ਹਸਨ ਭੱਟੀ ਵਿਖੇ ਨਹਿਰੀ ਮੋਘਾ ਬੁਰਜੀ ਨੰਬਰ 24007 ਤੋਂ ਪਿੰਡ ਹਸਨ ਭੱਟੀ ਤੇ ਵਿਧਾਨ ਸਭਾ ਹਲਕਾ ਫ਼ਰੀਦਕੋਟ ਅਧੀਨ 21 ਮੋਘਿਆਂ ਦੇ ਪੱਕੇ ਪਾਣੀ ਦੇ ਖਾਲਿਆਂ ਦਾ ਉਦਘਾਟਨ ਕੀਤਾ।ਜਲ ਸਰੋਤ ਮੰਤਰੀ ਨੇ ਨਾਬਾਰਡ ਸਕੀਮ ਤਹਿਤ 96.16 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਯੂ.ਜੀ.ਪੀ.ਐੱਲ. (ਅੰਡਰ ਗਰਾਊਂਡ ਪਾਈਪ ਲਾਈਨ) ਪ੍ਰੋਜੈਕਟ ਦਾ ਵੀ ਉਦਘਾਟਨ ਕੀਤਾ।ਵਿਧਾਇਕ ਨੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਹਲਕੇ ਨੂੰ 50 ਕਰੋੜ ਰੁਪਏ ਤੋਂ ਵੱਧ ਦੇ ਪ੍ਰੋਜੈਕਟ ਲੋਕ ਅਰਪਣ ਕੀਤੇ ਗਏ ਹਨ।

## ਏਕਤਾ ਡਕੌਂਦਾ ਧਨੇਰ ਵੱਲੋਂ ਚੰਡੀਗੜ੍ਹ ਧਰਨਾ ਤੇ ਮੁਜ਼ਾਹਰਾ 4 ਨੂੰ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਪਿੰਡ ਰੌਲ ਦੀ ਮੀਟਿੰਗ ਬਲਬੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਜ਼ਿਲ੍ਹਾ ਆਗੂ ਸ੍. ਹਰਜੀਤ ਸਿੰਘ ਘਲੋਟੀ ਨੇ ਵਿਸ਼ੇਸ਼ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੋ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਵੱਲੋਂ 4 ਜੁਲਾਈ ਨੂੰ ਚੰਡੀਗੜ੍ਹ ਵਿਖੇ ਕੇਂਦਰ ਦੀ ਮੋਦੀ ਹਕੂਮਤ ਤੇ ਪੰਜਾਬ ਸਰਕਾਰ ਖਿਲਾਫ ਰੋਸ ਧਰਨਾ ਤੇ ਮੁਜ਼ਾਹਰਾ ਕਰਕੇ ਮੰਗ ਕੀਤੀ ਜਾਵੇਗੀ ਕਿ ਡੀਜ਼ਲ, ਪੈਟਰੋਲ ਤੇ ਰਸੋਈ ਗੈਸ 'ਚ ਕੀਤੇ ਗਏ ਵਾਧੇ ਨੂੰ ਵਾਪਸ ਲਿਆ ਜਾਏ, ਯੂਰੀਏ, ਡੀਏਪੀ ਖਾਦਾਂ ਦੀ ਭਾਰੀ ਤੋਟ ਨੂੰ ਖਤਮ ਕੀਤਾ ਜਾਏ, ਭਾਰਤ ਅਮਰੀਕਾ ਸਮਝੌਤਾ ਮੁਕਤ ਵਪਾਰ ਰੱਦ ਕਰੋ, ਅਮਰੀਕਾ-ਈਰਾਨ ਜੰਗ ਦੀ ਆੜ 'ਚ ਮਹਿੰਗਾਈ ਵਧਾਉਣ ਦੇ ਕਦਮ ਰੋਕੇ ਜਾਣ।ਆਗੂਆਂ ਕਿਹਾ ਕਿ ਚੰਡੀਗੜ੍ਹ ਵਿਖੇ ਮੁਜ਼ਾਹਰੇ ਦੀ ਤਿਆਰੀ ਲਈ ਪਿੰਡਾਂ ਵਿੱਚ ਮੀਟਿੰਗਾਂ ਕਰਵਾਈਆਂ ਜਾ ਰਹੀਆਂ ਹਨ ਤੇ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਚੰਡੀਗੜ੍ਹ ਵਿਖੇ ਜਾਣਗੇ ਮੀਟਿੰਗ ਵਿੱਚ ਇਨ੍ਹਾਂ ਆਗੂਆਂ ਤੋਂ ਇਲਾਵਾ ਕਮਲਪ੍ਰੀਤ ਸਿੰਘ, ਕੁਲਵੀਰ ਸਿੰਘ, ਬਲਜੀਤ ਸਿੰਘ, ਰਾਜਿੰਦਰ ਸਿੰਘ, ਜਗਤਾਰ ਸਿੰਘ, ਰਣਜੀਤ ਸਿੰਘ, ਸੁਖਵੰਤ ਸਿੰਘ, ਅਵਤਾਰ ਸਿੰਘ ਤੇ ਸਰਬਜੀਤ ਸਿੰਘ ਹਾਜ਼ਰ ਸਨ।

## ਕਿਸਾਨ ਜਥੇਬੰਦੀਆਂ ਨੇ ਭਾਰਤ ਅਮਰੀਕਾ ਸਮਝੌਤੇ ਦੇ ਵਿਰੋਧ 'ਚ ਭਾਜਪਾ ਦਫਤਰ ਅੱਗੇ ਫੂਕਿਆ ਮੋਦੀ ਦਾ ਪੁਤਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਜਗਮੋਹਣ ਸਿੰਘ ਕੰਗ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਦੱਸਿਆ ਕਿ ਅਮਰੀਕਾ ਤੋਂ ਇੱਕ ਡੈਲੀਗੇਸ਼ਨ ਦਿੱਲੀ ਵਿਖੇ ਭਾਰਤ ਸਰਕਾਰ ਨਾਲ ਸਮਝੌਤਾ ਕਰਨ ਦੇ ਲਈ ਆ ਰਿਹਾ ਹੈ।ਇਹ ਸਮਝੌਤਾ ਹੋਣ ਦੇ ਨਾਲ ਅਮਰੀਕਾ ਤੋਂ ਬਹੁਤ ਸਾਰੀਆਂ ਫਸਲਾਂ ਤੇ ਦੁੱਧ ਤੋਂ ਬਣੀਆਂ ਚੀਜ਼ਾਂ ਵੱਡੀ ਪੱਧਰ 'ਤੇ ਭਾਰਤ ਦੀਆਂ ਮੰਡੀਆਂ ਵਿੱਚ ਪਹੁੰਚ ਜਾਣੀਆਂ ਹਨ।ਉਨ੍ਹਾਂ ਚੀਜ਼ਾਂ ਦੀ ਇੱਥੇ ਪਹੁੰਚਣ ਨਾਲ ਸਾਡੀਆਂ ਫਸਲਾਂ, ਦੁੱਧ ਤੇ ਦੁੱਧ ਤੋਂ ਬਣੀਆਂ ਚੀਜ਼ਾਂ ਰੁਲਣਗੀਆਂ, ਕਿਉਂਕਿ ਅਮਰੀਕਾ ਨੇ ਉਹ ਚੀਜ਼ਾਂ ਸਸਤੇ ਭਾਅ ਭਾਰਤ ਦੀਆਂ ਮੰਡੀਆਂ ਵਿੱਚ ਸੁੱਟ ਦੇਣੀਆਂ ਹਨ।ਜਿਵੇਂ ਅਸੀਂ ਹਰੇ ਇਨਕਲਾਬ ਸਮੇਂ ਦੇਖਿਆ ਸੀ ਇਹ ਖੇਤੀਬਾੜੀ ਦੇ ਵਿੱਚ ਮਸ਼ੀਨਰੀ ਹਾਈਬ੍ਰਿਡ ਬੀਜ ਤੇ ਖਾਦਾਂ ਸਸਤੇ ਵਿੱਚ ਸੁੱਟੀਆਂ।ਭਾਰਤ ਦੇ ਕਿਸਾਨਾਂ ਨੇ ਉਨ੍ਹਾਂ ਨੂੰ ਖ੍ਰੀਦਿਆ ਤੇ ਸਾਡਾ ਕੁਦਰਤੀ ਖੇਤੀਬਾੜੀ ਸਿਸਟਮ, ਜੋ ਚੱਲਦਾ ਸੀ, ਉਹ ਅਸੀਂ ਤਬਾਹ ਕਰ ਲਿਆ।ਟਰੈਕਟਰ ਆਉਣ ਨਾਲ ਸਾਡੀਆਂ ਖੁਰਲੀਆਂ ਤੇ ਬਲਦ ਖਤਮ ਹੋ ਗਏ, ਗੱਡੇ ਖਤਮ ਹੋ ਗਏ ਜੋ ਅਸੀਂ ਬੀਜ ਸਾਂਭ ਕੇ ਰੱਖਦੇ ਸੀ, ਉਹ ਖਤਮ ਹੋ ਗਏ ਰੂੜੀ ਦੀਆਂ ਖਾਦਾਂ ਜੋ ਅਸੀਂ ਵਰਤੇ ਸੀ ਉਨ੍ਹਾਂ ਤੇ ਨਿਰਭਰਤਾ ਘੱਟ ਗਈ।ਇਸ ਹਰੇ ਇਨਕਲਾਬ ਨੇ ਸਾਡੀ ਖੇਤੀ ਦੀ ਆਮਦਨ ਵਧਾ ਦਿੱਤੀ, ਪਰ ਅਸੀਂ ਇਹ ਨਵੀਆਂ ਆਈਆਂ ਚੀਜ਼ਾਂ 'ਤੇ ਬਹੁਤ ਨਿਰਭਰ ਹੋ ਗਏ।ਹੌਲੀ ਹੌਲੀ ਇਨ੍ਹਾਂ ਵਸਤਾਂ ਦੇ ਰੇਟ ਸਾਮਰਾਜੀਆਂ ਨੇ ਅਸਮਾਨੀ ਪਹੁੰਚਾ ਦਿੱਤੇ ਤੇ ਸਾਡੀਆਂ ਫਸਲਾਂ ਦੇ ਭਾਅ ਉਸ ਰੇਸ਼ੋ ਨਾਲ ਨਹੀਂ ਵਧਾਏ।ਅਸੀਂ ਪਹਿਲਾਂ ਵਧੀਆ ਗੁਜ਼ਾਰਾ ਕਰਦੇ ਸੀ, ਅਜਿਹੇ ਕਰਜ਼ੇ ਜਾਲ ਵਿੱਚ ਸੁੱਟ ਦਿੱਤੇ ਕਿ ਕਿਸਾਨ ਖੁਦਕੁਸ਼ੀਆਂ ਕਰਨ ਲੱਗੇ।ਇਸ ਨਵੇਂ ਸਮਝੌਤੇ ਮੁਤਾਬਕ ਜਿਹੜੀਆਂ ਚੀਜ਼ਾਂ ਇੱਥੇ ਸਸਤੀਆਂ ਭੇਜਣਗੇ, ਅਸੀਂ ਆਪਣੀਆਂ ਚੀਜ਼ਾਂ ਪੈਦਾ ਕਰਨੀਆਂ ਬੰਦ ਕਰ ਦੇਣੀਆਂ ਹਨ।ਸਾਨੂੰ ਸਾਮਰਾਜੀ ਅਮਰੀਕਾ ਨੇ ਆਪਣੇ 'ਤੇ ਨਿਰਭਰ ਕਰਕੇ ਫਿਰ ਇਹੀ ਵਸਤਾਂ ਦੇ ਭਾਅ ਵਧਾ ਦੇਣੇ ਹਨ।ਇਨ੍ਹਾਂ ਵਸਤਾਂ ਨੂੰ ਅਸੀਂ ਖ੍ਰੀਦਣ ਤੋਂ ਸਮਰਥ ਹੋ ਜਾਵਾਂਗੇ ਤੇ ਅਮਰੀਕਾ ਸਾਮਰਾਜ ਮਾਲੋਮਾਲ ਹੋ ਜਾਵੇਗਾ।ਅਸੀਂ ਹੋਰ ਗਰੀਬੀ ਦੇ ਪੁੜਾਂ ਵਿੱਚ ਪਿਸ ਜਾਵਾਂਗੇ। ਦਿੱਲੀ ਦੇ ਵਿੱਚ ਹੋ ਰਹੇ ਇਸ ਸਮਝੌਤੇ ਦਾ ਵਿਰੋਧ ਕਰਨ ਲਈ ਕਿਸਾਨ ਮਜ਼ਦੂਰ ਮੋਰਚੇ ਨੇ ਮੋਦੀ ਸਰਕਾਰ ਦੀਆਂ ਅਰਥੀਆਂ ਸਾੜਨ ਦਾ ਸੱਦਾ ਦਿੱਤਾ ਸੀ, ਅੱਜ ਮੋਗੇ ਦੇ ਵਿੱਚ ਅਸੀਂ ਕਿਸਾਨ ਮਜ਼ਦੂਰ ਮੋਰਚੇ ਦੀਆਂ ਜਥੇਬੰਦੀਆਂ ਨੇ ਇਕੱਠੇ ਹੋ ਕੇ ਮੋਦੀ ਸਰਕਾਰ ਦੀਆਂ ਅਰਥੀਆਂ ਸਾੜੀਆਂ।ਇਸ ਮੌਕੇ ਬੀ ਕੇ ਯੂ ਬਹਿਰਾਮਕੇ, ਬੀ ਕੇ ਯੂ ਕ੍ਰਾਂਤੀਕਾਰੀ, ਬੀ ਕੇ ਯੂ ਏਕਤਾ ਆਜ਼ਾਦ, ਕਿਸਾਨ ਮਜ਼ਦੂਰ ਸੰਘਰਸ਼ ਕਮਿਟੀ ਤੇ ਕ੍ਰਾਂਤੀਕਾਰੀ ਈ ਰਿਕਸ਼ਾ ਸ਼ਾਮਲ ਸਨ।

## ਬੀ.ਐੱਲ.ਓ. ਕਰਨਗੇ ਬੀ.ਐੱਲ.ਏ. ਨਾਲ ਮਿਲ ਕੇ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ : ਨੋਡਲ ਅਫ਼ਸਰ

**ਰਾਜਪੁਰਾ (ਰਮੇਸ਼ ਕਟਾਰੀਆ)**-ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਵਿਖੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਦੀ ਰਹਿਨੁਮਾਈ ਤੇ ਡਾ. ਗੁਰਪ੍ਰੀਤ ਸਿੰਘ ਨੋਡਲ ਅਫ਼ਸਰ ਸਵੀਪ-111 ਰਾਜਪੁਰਾ ਦੀ ਅਗਵਾਈ ਵਿੱਚ ਬੂਥ ਲੈਵਲ ਅਫ਼ਸਰਾਂ ਦੀ ਬੂਥ ਲੈਵਲ ਏਜੰਟਾਂ ਨਾਲ ਮੀਟਿੰਗ ਹੋਈ।

ਡਾ. ਗੁਰਪ੍ਰੀਤ ਸਿੰਘ ਨੇ ਇਸ ਮੀਟਿੰਗ ਦੇ ਉਦੇਸ਼ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 25 ਜੂਨ ਤੋਂ 24 ਜੁਲਾਈ 2026 ਤੱਕ ਵੋਟਰ ਮੈਪਿੰਗ ਕਰਨ ਹਿੱਤ ਸਾਰੇ ਬੀ.ਐੱਲ.ਓ. ਮੌਜੂਦਾ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ ਕਰਨਗੇ ਤੇ ਇਸ ਮਹੱਤਵਪੂਰਣ ਕੰਮ ਵਿੱਚ ਵੱਖ-ਵੱਖ ਰਾਜਨੀਤਕ ਪਾਰਟੀਆਂ ਦੁਆਰਾ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟ ਵਿਸ਼ੇਸ਼ ਗਹਿਰੀ ਸੁਧਾਈ ਦੇ ਕੰਮ ਨੂੰ ਸੁਚੱਜੇ ਰੂਪ ਵਿੱਚ ਨੇਪਰੇ ਚਾੜ੍ਹਨ ਲਈ ਫ਼ੀਲਡ ਸਰਵੇ ਦੌਰਾਨ ਬੀ.ਐੱਲ.ਓ. ਦਾ ਸਾਥ ਦੇਣਗੇ। ਉਨ੍ਹਾਂ ਦੱਸਿਆ ਕਿ ਜੋ ਵਿਅਕਤੀ ਪੱਕੇ ਤੌਰ 'ਤੇ ਜਾਂ 6 ਮਹੀਨੇ ਤੋਂ ਵੱਧ ਦੇ ਸਮੇਂ ਦੇ ਵੀਜ਼ੇ ਉੱਪਰ ਵਿਦੇਸ਼ਾਂ ਵਿੱਚ ਗਏ ਹਨ, ਜੋ ਵੋਟਰ ਮਰ ਚੁੱਕੇ ਹਨ ਜਾਂ ਜੋ ਗ਼ਲਤ ਵੋਟਾਂ ਬਣੀਆਂ ਹਨ, ਉਨ੍ਹਾਂ ਨੂੰ ਕੱਟ ਕੇ ਵੋਟਰ ਸੂਚੀ ਵਿੱਚ ਦਰਜ਼ ਗ਼ਲਤੀਆਂ ਨੂੰ ਦਰੁੱਸਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਾਲ ਹੀ ਬੀ.ਐੱਲ.ਓ. ਦੁਆਰਾ ਫਾਰਮ ਨੰਬਰ 6 ਭਰ ਕੇ ਯੋਗ ਵਿਅਕਤੀਆਂ ਦੀ ਨਵੀਂ ਵੋਟ ਵੀ ਬਣਾਈ ਜਾਵੇਗੀ।

## ਯੋਗ ਬੇਰੁਜ਼ਗਾਰ ਅਧਿਆਪਕਾਂ ਦੇ ਸਥਾਈ ਰੁਜ਼ਗਾਰ ਲਈ ਲਗਾਈ ਗੁਹਾਰ

**ਜਲਾਲਾਬਾਦ (ਜੀਤ ਕੁਮਾਰ)**-ਯੋਗ ਬੇਰੁਜ਼ਗਾਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਵਨੀਸ਼ ਕੁਮਾਰ, ਸੀਨੀਅਰ ਮੀਤ ਪ੍ਰਧਾਨ ਆਰਤੀ ਸ਼ਰਮਾ, ਸੂਬਾ ਖਜ਼ਾਨਚੀ ਪ੍ਰਦੀਪ ਸਿੰਘ, ਜਨਰਲ ਸਕੱਤਰ ਨਰੇਸ਼ ਕੁਮਾਰ, ਸੂਬਾ ਪ੍ਰੈੱਸ ਸਕੱਤਰ ਮੱਖਣ ਸਿੰਘ, ਮੁੱਖ ਸਲਾਹਕਾਰ ਜਗਜੀਵਨ ਸਿੰਘ, ਵਿਪਨਦੀਪ, ਸਹਾਇਕ ਸਲਾਹਕਾਰ ਹਰੀਸ਼ ਸ਼ਰਮਾ, ਹਰਵਿੰਦਰ ਸਿੰਘ, ਮੀਤ ਪ੍ਰਧਾਨ ਦਲਜੀਤ ਸਿੰਘ, ਸੰਜੇ ਕੁਮਾਰ ਨੇ ਕਿਹਾ ਕਿ 21 ਜੂਨ ਨੂੰ ਪੂਰੇ ਦੇਸ਼ ਵਿੱਚ ਯੋਗ ਦਿਵਸ ਮਨਾਇਆ ਗਿਆ, ਜਿਸ ਵਿਚ ਅਹਿਮ ਭੂਮਿਕਾ ਨਿਭਾਈ ਗਈ ਹੈ, ਪਰ ਸਾਡੇ ਉੱਚ ਸਿੱਖਿਆ ਪ੍ਰਾਪਤ ਯੋਗ ਬੇਰੁਜ਼ਗਾਰ ਅਧਿਆਪਕਾਂ ਦੀ ਦੁਰਦਸ਼ਾ ਚਿੰਤਾਜਨਕ ਹੈ, ਅੱਜ ਯੋਗ ਵਿਸ਼ੇ ਵਿੱਚ ਬੀ. ਏ, ਐੱਮ. ਏ, ਬੀ. ਐੱਸ. ਸੀ, ਐੱਮ. ਐੱਸ.ਸੀ., ਯ. ਜੀ. ਸੀ. ਨੈੱਟ ਪੀ. ਐੱਚ. ਡੀ. ਪਾਸ ਤੇ ਪੀ ਜੀ ਡਿਪਲੋਮਾ ਧਾਰਕਾਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਕੇ ਵੀ ਕੋਈ ਸਥਾਈ ਰੁਜ਼ਗਾਰ ਨਹੀਂ ਮਿਲ ਰਿਹਾ ਹੈ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਪਾਸੋਂ ਮੰਗ ਕੀਤੀ ਕਿ ਯੋਗ ਬੇਰੁਜ਼ਗਾਰ ਅਧਿਆਪਕਾਂ ਤੇ ਸਕੂਲ, ਕਾਲਜ ਦੇ ਬੱਚਿਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਸਾਡੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ। ਯੋਗ ਵਿਸ਼ੇ ਨੂੰ ਸਕੂਲਾਂ-ਕਾਲਜਾਂ ਵਿੱਚ ਲਾਜ਼ਮੀ ਵਿਸ਼ਾ ਬਣਾਇਆ ਜਾਵੇ। ਸਰਕਾਰੀ ਸਕੂਲਾਂ ਵਿੱਚ ਯੋਗ ਅਧਿਆਪਕਾਂ ਦੀ ਰੈਗੂਲਰ ਭਰਤੀ ਕੀਤੀ ਜਾਵੇ। ਸਰਕਾਰੀ ਕਾਲਜਾਂ ਵਿੱਚ ਯੋਗ ਅਧਿਆਪਕਾਂ ਦੀ ਰੈਗੂਲਰ ਭਰਤੀ ਕੀਤੀ ਜਾਵੇ।

## ਮੁੜ ਵਸੇਬੇ ਨੂੰ ਲੈ ਕੇ 9 ਮਹੀਨਿਆਂ ਤੋਂ ਚੱਲ ਰਿਹਾ ਧਰਨਾ ਅਗਾਮੀ ਚੋਣਾਂ ਲਈ ਬਣ ਸਕਦੈ ਵੱਡਾ ਮੁੱਦਾ !



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੁੜ ਵਸੇਬੇ ਦੀ ਮੰਗ ਨੂੰ ਲੈ ਕੇ ਸ਼ੇਰੇ ਏ ਪੰਜਾਬ ਯੂਨੀਅਨ ਦੀ ਅਗਵਾਈ ਹੇਠ ਐੱਨ.ਐੱਚ. 254 ਪੱਤੋਂ-ਜਵਾਹਰ ਸਿੰਘ ਵਾਲਾ ਵਿਖੇ ਪਿਛਲੇ 10 ਮਹੀਨਿਆਂ ਤੋਂ ਕਰੀਬ ਲਗਾਤਾਰ ਧਰਨਾ ਜਾਰੀ ਹੈ।ਧਰਨਾਕਾਰੀਆਂ ਦਾ ਦਾਅਵਾ ਹੈ ਕਿ ਲੰਮੇ ਸਮੇਂ ਤੋਂ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਪ੍ਰਭਾਵਿਤ ਲੋਕਾਂ ਵਿੱਚ ਨਾਰਾਜ਼ਗੀ ਵਧ ਰਹੀ ਹੈ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੋਗਾ ਜ਼ਿਲ੍ਹਾ ਪ੍ਰਧਾਨ ਸ੍. ਆਤਮਾ ਸਿੰਘ ਧੂੜਕੋਟ ਤੇ ਲੋਕ ਇਨਸਾਫ ਪਸੰਦ ਜਥੇਬੰਦੀ ਦੇ ਆਗੂ ਸਰਬਜੀਤ ਸਿੰਘ ਮਾਛੀਕੇ ਨੇ ਕਿਹਾ ਕਿ ਸੰਘਰਸ਼ ਪਿਛਲੇ ਨੌਂ ਮਹੀਨਿਆਂ ਤੋਂ ਸ਼ਾਂਤਮਈ ਢੰਗ ਨਾਲ ਚੱਲ ਰਿਹਾ ਹੈ, ਪਰ ਹਾਲੇ ਤੱਕ ਕੋਈ ਢੁੱਕਵਾਂ ਹੱਲ ਸਾਹਮਣੇ ਨਹੀਂ ਆਇਆ।ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਜਲਦੀ ਮਸਲੇ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਦਾਅਵਾ ਕੀਤਾ ਕਿ ਧਰਨੇ ਨੂੰ ਲੋਕਾਂ ਦਾ ਲਗਾਤਾਰ ਸਮਰਥਨ ਮਿਲ ਰਿਹਾ ਹੈ ਤੇ ਜੇਕਰ ਮੰਗਾਂ ਅਣਸੁਣੀਆਂ ਰਹੀਆਂ ਤਾਂ ਇਸ ਦਾ ਅਸਰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਵੀ ਵੇਖਣ ਨੂੰ ਮਿਲ ਸਕਦਾ ਹੈ।ਉਨ੍ਹਾਂ ਕਿਹਾ ਕਿ ਹਰ ਸਿਆਸੀ ਪਾਰਟੀ ਨੂੰ ਮੁੜ ਵਸੇਵੇ ਦੇ ਮਸਲੇ 'ਤੇ ਆਪਣਾ ਸਪੱਸ਼ਟ ਰੁਖ ਜਨਤਾ ਅੱਗੇ ਰੱਖਣਾ ਚਾਹੀਦਾ ਹੈ।ਧਰਨਾਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਹੱਲ ਨਾ ਹੋਇਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਵੱਡੇ ਪੱਧਰ 'ਤੇ ਲਿਜਾਇਆ ਜਾਵੇਗਾ।

## ਡਾਇਟ ਦੇ ਫੈਕਲਟੀ ਮੈਂਬਰ ਜਗਜੀਤ ਸਿੰਘ ਨੇ ਪੀ ਐੱਚ ਡੀ ਕੀਤੀ ਪੂਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਿਲਾ ਸਿੱਖਿਆ ਤੇ ਸਿਖਲਾਈ ਸੰਸਥਾ ਬਰਕੰਦੀ ,ਸ੍ਰੀ ਮੁਕਤਸਰ ਸਾਹਿਬ (ਡਾਇਟ ਬਰਕੰਦੀ) ਦੇ ਫੈਕਲਟੀ ਮੈਂਬਰ ਸ.ਜਗਜੀਤ ਸਿੰਘ ਬਰਾੜ ਨੇ ਆਪਣੀ ਪੀ ਐੱਚ ਡੀ ਦੀ ਡਿਗਰੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਸੰਪੂਰਨ ਕਰ ਲਈ ਹੈ।ਇਸ ਮੌਕੇ ਡਾਇਟ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਡਾ. ਜਗਜੀਤ ਸਿੰਘ ਬਰਾੜ ਨੂੰ ਇਸ ਸਫ਼ਲਤਾ 'ਤੇ ਮੁਬਾਰਕਬਾਦ ਦਿੰਦੇ ਹੋਏ ਭਵਿੱਖ ਵਿੱਚ ਹੋਰ ਤਨਦੇਹੀ ਤੇ ਮਿਹਨਤ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ।ਉਹਨਾਂ ਕਿਹਾ ਕਿ ਉਹ ਹਮੇਸ਼ਾ ਸਮੂਹ ਸਟਾਫ਼ ਨੂੰ ਉੱਚ ਵਿਦਿਅਕ ਤਰੱਕੀ ਦੇ ਨਾਲ ਨਾਲ ਕਿਰਿਆਤਮਕ ਖੋਜ ਲਈ ਪ੍ਰੇਰਦੇ ਰਹਿੰਦੇ ਹਨ, ਤਾਂ ਜੋ ਵਿਦਿਆਰਥੀਆਂ ਦੀ ਵਿਦਿਅਕ ਗੁਣਵੱਤਾ ਵਿੱਚ ਹੋਰ ਚੰਗਾ ਮਿਆਰ ਸਥਾਪਿਤ ਹੋਵੇ।ਇਸ ਮੌਕੇ ਸਮੂਹ ਸਟਾਫ ਵੱਲੋਂ ਡਾ. ਜਗਜੀਤ ਸਿੰਘ ਬਰਾੜ ਨੂੰ ਵਧਾਈ ਦਿੱਤੀ ਗਈ।

## ਡਾ.ਹਰਬੰਸ ਸਿੰਘ ਧੀਮਾਨ ਦਾ ਦੇਹਾਂਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇੱਕ ਬਹੁਤ ਹੀ ਸਤਿਕਾਰਤ ਪੰਜਾਬੀ ਵਿਦਵਾਨ, ਭਾਸ਼ਾ ਵਿਗਿਆਨੀ ਅਤੇ ਲੇਖਕ ਡਾ. ਹਰਬੰਸ ਸਿੰਘ ਧੀਮਾਨ ਦਾ ਮੰਗਲਵਾਰ ਰਾਤ ਇੱਥੇ ਇੱਕ ਹਸਪਤਾਲ ਵਿੱਚ ਦੇਹਾਂਤ ਹੋ ਗਿਆ।ਉਹ 73 ਵਰ੍ਹਿਆਂ ਦੇ ਸਨ। ਉਨ੍ਹਾਂ ਦੇ ਕਰੀਬੀ ਦੋਸਤ ਅਤੇ ਲੇਖਕ ਦਰਸ਼ਨ ਸਿੰਘ ਅਸ਼ਟ ਨੇ ਦੱਸਿਆ ਕਿ ਡਾ. ਹਰਬੰਸ ਸਿੰਘ ਅਤੇ ਉਨ੍ਹਾਂ ਦੀ ਪਤਨੀ ਪਿਛਲੇ ਹਫ਼ਤੇ ਸਮਾਣਾ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਏ ਸਨ।ਉਨ੍ਹਾਂ ਦੀ ਕਾਰ ਹਾਈਵੇਅ 'ਤੇ ਪਲਟਣ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਏ ਸਨ।ਦੋਹਾਂ ਨੂੰ ਪਟਿਆਲਾ ਦੇ ਇੱਕ ਹਸਪਤਾਲ ਵਿੱਚ ਲਿਜਾਇਆ ਗਿਆ ਜਿਥੇ ਇਲਾਜ ਦੌਰਾਨ ਡਾ. ਧੀਮਾਨ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਚੱਲ ਵਸੇ।ਉਨ੍ਹਾਂ ਦੀ ਪਤਨੀ ਦੀ ਹਾਲਤ ਸਥਿਰ ਹੈ ਅਤੇ ਉਹ ਅਜੇ ਵੀ ਹਸਪਤਾਲ ਵਿੱਚ ਇਲਾਜ ਅਧੀਨ ਹੈ।13 ਜਨਵਰੀ 1953 ਨੂੰ ਵੰਡ ਤੋਂ ਛੇ ਸਾਲ ਬਾਅਦ ਜਨਮੇ, ਡਾ. ਧੀਮਾਨ ਨੇ ਆਪਣਾ ਜੀਵਨ ਸਰਹੱਦਾਂ ਦੇ ਆਰ-ਪਾਰ ਸਾਹਿਤਕ ਅਤੇ ਭਾਸ਼ਾਈ ਪੁਲ ਬਣਾਉਣ ਵਿੱਚ ਬਿਤਾਇਆ। ਇੱਕ ਸਿੱਖਿਅਕ ਵਜੋਂ ਕੰਮ ਤੋਂ ਇਲਾਵਾ, ਡਾ. ਧੀਮਾਨ ਨੇ ਪੂਰਬੀ ਅਤੇ ਪੱਛਮੀ ਪੰਜਾਬ ਵਿਚਕਾਰ ਸਾਹਿਤਕ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।ਉਹ ਪਾਕਿਸਤਾਨੀ ਪੰਜਾਬੀ ਸਾਹਿਤ ਨੂੰ ਸ਼ਾਹਮੁਖੀ ਲਿਪੀ ਤੋਂ ਗੁਰਮੁਖੀ ਵਿੱਚ ਲਿਪੀਅੰਤਰਨ ਕਰਨ ਵਿੱਚ ਮਾਹਰ ਸਨ, ਜਿਸ ਨਾਲ ਭਾਰਤੀ ਪਾਠਕਾਂ ਨੂੰ ਸਾਂਝੇ ਖੇਤਰੀ ਬਿਰਤਾਂਤਾਂ ਤੱਕ ਪਹੁੰਚ ਮਿਲੀ।



ਕਪੂਰ ਚੰਦ ਬਾਂਸਲ ਨਗਰ ਕੌਂਸਲ ਸਮਾਣਾ ਦੇ ਤੀਜੀ ਵਾਰ ਪ੍ਰਧਾਨ ਚੁਣੇ ਜਾਣ 'ਤੇ ਤਹਿਸੀਲ ਰੋਡ ਤੇ ਨਾਗੀ ਪਰਵਾਰ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। (ਫੋਟੋ : ਗੁਰਪਿਆਰ ਸਿੰਘ ਬੱਲ)

## 27-28 ਨੂੰ ਰਾਏਕੋਟ ਦੇ ਕੁਝ ਮੈਡੀਕਲ ਸਟੋਰ ਰਹਿਣਗੇ ਬੰਦ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਰਾਏਕੋਟ ਮੈਡੀਕਲ ਐਸੋਸੀਏਸ਼ਨ ਦੀ ਇੱਕ ਵਿਸ਼ੇਸ਼ ਮੀਟਿੰਗ ਸਥਾਨਕ ਹੋਟਲ ਵਿੱਚ ਕੀਤੀ ਗਈ।ਮੀਟਿੰਗ ਦੌਰਾਨ ਫ਼ੈਸਲਾ ਲਿਆ ਗਿਆ ਕਿ 27 ਤੇ 28 ਜੂਨ ਨੂੰ ਸ਼ਹਿਰ ਦੇ ਕੁਝ ਮੈਡੀਕਲ ਸਟੋਰ ਗਰਮੀਆਂ ਦੀਆਂ ਛੁੱਟੀਆਂ ਦੇ ਮੱਦੇਨਜ਼ਰ ਬੰਦ ਰਹਿਣਗੇ।ਰਾਏਕੋਟ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਕ੍ਰਿਸ਼ਨ ਖੁਰਾਨਾ, ਉਪ ਪ੍ਰਧਾਨ ਅਮਿਤ ਪਾਸੀ, ਸਕੱਤਰ ਸੰਜੀਵ ਨਾਰੰਗ ਤੇ ਖਜ਼ਾਨਚੀ ਭੂਪਿੰਦਰ ਗੋਇਲ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਐਸੋਸੀਏਸ਼ਨ ਦੇ ਕੁਝ ਮੈਡੀਕਲ ਸਟੋਰ ਦੋ ਦਿਨਾਂ ਲਈ ਬੰਦ ਰਹਿਣਗੇ।ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਨਾ ਆਵੇ, ਇਸ ਲਈ ਸੰਸਥਾ ਵੱਲੋਂ ਯੂਵੀਐੱਸ ਡਰੱਗ ਸਟੋਰ, ਸਿਮਰਤ ਡਰੱਗ ਸਟੋਰ, ਲਾਈਫ ਕੇਅਰ ਡਰੱਗ ਸਟੋਰ, ਦਰਸ਼ਨ ਡਰੱਗ ਸਟੋਰ, ਅਗਰਵਾਲ ਆਈ ਡਰੱਗ ਸਟੋਰ, ਗਿੱਲ ਡਰੱਗ ਸਟੋਰ ਸਮੇਤ ਕੁਝ ਪ੍ਰਮੁੱਖ ਡਾਕਟਰਾਂ ਦੇ ਕਲੀਨਿਕਾਂ ਵਿੱਚ ਦਵਾਈਆਂ ਦੀ ਵਿਸ਼ੇਸ਼ ਵਿਵਸਥਾ ਕੀਤੀ ਗਈ ਹੈ, ਤਾਂ ਜੋ ਮਰੀਜ਼ਾਂ ਨੂੰ ਦਵਾਈਆਂ ਨਿਰੰਤਰ ਮਿਲਦੀਆਂ ਰਹਿਣ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਲਿਖਤੀ ਸੂਚਨਾ ਜ਼ੋਨਲ ਲਾਇਸੈਂਸ ਅਥਾਰਟੀ ਲੁਧਿਆਣਾ, ਡਰੱਗ ਇੰਸਪੈਕਟਰ ਜਗਰਾਉਂ, ਐੱਸ.ਡੀ.ਐੱਮ. ਰਾਏਕੋਟ, ਡੀ.ਐੱਸ.ਪੀ. ਰਾਏਕੋਟ ਤੇ ਐੱਸ.ਐੱਮ.ਓ. ਰਾਏਕੋਟ ਨੂੰ ਵੀ ਭੇਜ ਦਿੱਤੀ ਗਈ ਹੈ ਅਤੇ ਮਰੀਜ਼ਾਂ ਲਈ ਕੀਤੇ ਗਏ ਪ੍ਰਬੰਧਾਂ ਬਾਰੇ ਜਾਣੂ ਕਰਵਾ ਦਿੱਤਾ ਗਿਆ ਹੈ।

## ਫਿਰੋਜ਼ਪੁਰ ਪੁਲਸ ਪ੍ਰਸ਼ਾਸਨ ਵੱਲੋਂ 7 ਥਾਣਿਆਂ ਦੇ ਮੁੱਖ ਅਫ਼ਸਰਾਂ ਦਾ ਤਬਾਦਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਦੇ ਪੁਲਸ ਪ੍ਰਸ਼ਾਸਨ ਵੱਲੋਂ ਅਮਨ-ਕਾਨੂੰਨ ਦੀ ਵਿਵਸਥਾ ਨੂੰ ਮੁੱਖ ਰੱਖਦਿਆਂ ਤੇ ਪ੍ਰਸ਼ਾਸਨਕ ਸੁਧਾਰਾਂ ਤਹਿਤ ਇਕ ਹਲਚਲ ਕੀਤੀ ਗਈ ਹੈ। ਪੁਲਸ ਮੁਖੀ ਵੱਲੋਂ ਜਾਰੀ ਕੀਤੇ ਗਏ ਤਾਜ਼ਾ ਹੁਕਮਾਂ ਅਨੁਸਾਰ, ਜ਼ਿਲ੍ਹੇ ਦੇ 7 ਥਾਣਿਆਂ ਦੇ ਮੁੱਖ ਅਫ਼ਸਰਾਂ (ਐੱਸ.ਐੱਚ.ਓ.) ਦੇ ਤਬਾਦਲੇ ਕੀਤੇ ਗਏ ਹਨ ਤਾਂ ਜੋ ਨਵੀਂ ਤਾਇਨਾਤੀ ਨਾਲ ਕੰਮਕਾਜ ਨੂੰ ਹੋਰ ਚੁਸਤ-ਦਰੁਸਤ ਬਣਾਇਆ ਜਾ ਸਕੇ। ਇਸ ਫੇਰਬਦਲ ਦੇ ਤਹਿਤ ਮੱਖੂ ਥਾਣੇ ਦੇ ਮੁੱਖ ਅਫ਼ਸਰ ਗੁਰਮੀਤ ਸਿੰਘ ਨੂੰ ਬਦਲ ਦਿੱਤਾ ਗਿਆ ਹੈ ਤੇ ਉਨ੍ਹਾਂ ਨੂੰ ਹੁਣ ਥਾਣਾ ਕੁੱਲਗੜ੍ਹੀ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸੇ ਤਰ੍ਹਾਂ ਥਾਣਾ ਮੱਲਾਂਵਾਲਾ ਦੇ ਐੱਸ.ਐੱਚ.ਓ. ਜਤਿੰਦਰ ਸਿੰਘ ਦਾ ਤਬਾਦਲਾ ਕਰਕੇ ਉਨ੍ਹਾਂ ਨੂੰ ਥਾਣਾ ਮੱਖੂ ਦਾ ਨਵਾਂ ਮੁੱਖ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਥਾਣਾ ਕੁੱਲਗੜ੍ਹੀ ਦੇ ਮੁੱਖ ਅਫ਼ਸਰ ਜਸਵਿੰਦਰ ਬਰਾੜ ਨੂੰ ਵੀ ਉੱਥੋਂ ਬਦਲ ਦਿੱਤਾ ਗਿਆ ਹੈ ਅਤੇ ਹੁਣ ਉਹ ਥਾਣਾ ਜ਼ੀਰਾ ਸਿਟੀ ਦੇ ਨਵੇਂ ਇੰਚਾਰਜ ਵਜੋਂ ਆਪਣੀਆਂ ਸੇਵਾਵਾਂ ਨਿਭਾਉਣਗੇ। ਇਸ ਕੜੀ ਵਿੱਚ ਅੱਗੇ ਚੱਲਦਿਆਂ ਥਾਣਾ ਘੱਲ ਖੁਰਦ ਦੇ ਐੱਸ.ਐੱਚ.ਓ. ਗੁਰਪ੍ਰੀਤ ਸਿੰਘ ਦਾ ਤਬਾਦਲਾ ਕਰਕੇ ਉਨ੍ਹਾਂ ਨੂੰ ਥਾਣਾ ਸਦਰ ਜ਼ੀਰਾ ਦਾ ਮੁੱਖ ਅਫ਼ਸਰ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਥਾਣਾ ਲੱਖੋ ਕੇ ਬਹਿਰਾਮ ਦੇ ਐੱਸ.ਐੱਚ.ਓ. ਕਸ਼ਮੀਰ ਸਿੰਘ ਨੂੰ ਹੁਣ ਥਾਣਾ ਘੱਲ ਖੁਰਦ ਦੀ ਕਮਾਨ ਸੌਂਪੀ ਗਈ ਹੈ। ਉਨ੍ਹਾਂ ਦੀ ਜਗ੍ਹਾ 'ਤੇ ਇੰਸਪੈਕਟਰ ਗੁਰਰਾਜਬੀਰ ਸਿੰਘ ਨੂੰ ਥਾਣਾ ਲੱਖੋ ਕੇ ਬਹਿਰਾਮ ਦਾ ਨਵਾਂ ਐੱਸ.ਐੱਚ.ਓ. ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਬ-ਇੰਸਪੈਕਟਰ ਗੁਰਜੰਟ ਸਿੰਘ ਹੁਣ ਥਾਣਾ ਮੱਲਾਂਵਾਲਾ ਦੇ ਨਵੇਂ ਮੁੱਖ ਅਫ਼ਸਰ ਵਜੋਂ ਚਾਰਜ ਸੰਭਾਲਣਗੇ। ਇਸ ਸਾਰੇ ਫੇਰਬਦਲ ਦੇ ਵਿਚਕਾਰ ਸਭ ਤੋਂ ਚਰਚਾ ਵਾਲਾ ਵਿਸ਼ਾ ਥਾਣਾ ਸਿਟੀ ਫਿਰੋਜ਼ਪੁਰ ਦਾ ਬਣਿਆ ਹੋਇਆ ਹੈ। ਇਸ ਥਾਣੇ ਨੂੰ ਲੰਮੇ ਸਮੇਂ ਤੋਂ ਇੰਸਪੈਕਟਰ ਰੈਂਕ ਦਾ ਕੋਈ ਰੈਗੂਲਰ ਥਾਣਾ ਮੁਖੀ ਨਸੀਬ ਨਹੀਂ ਹੋ ਰਿਹਾ। ਹਾਲਾਤ ਇਹ ਹਨ ਕਿ ਇੱਥੋਂ ਦਾ ਪ੍ਰਬੰਧ ਇਕ ਏ.ਐੱਸ.ਆਈ. ਦੇ ਸਿਰ 'ਤੇ ਚਲਾ ਕੇ ਸਿਰਫ਼ ਸਮਾਂ ਟਪਾਇਆ ਜਾ ਰਿਹਾ ਹੈ, ਜਿਸ ਕਾਰਨ ਸ਼ਹਿਰ ਨਿਵਾਸੀਆਂ ਤੇ ਸੁਰੱਖਿਆ ਪ੍ਰਬੰਧਾਂ 'ਤੇ ਵੀ ਇਸ ਦਾ ਅਸਰ ਦੇਖਣ ਨੂੰ ਮਿਲ ਸਕਦਾ ਹੈ। ਅਜਿਹੇ ਵਿੱਚ ਲੋਕਾਂ ਵੱਲੋਂ ਇਹ ਮੰਗ ਕੀਤੀ ਜਾ ਰਹੀ ਹੈ ਕਿ ਇਸ ਅਹਿਮ ਥਾਣੇ ਵਿੱਚ ਜਲਦੀ ਤੋਂ ਜਲਦੀ ਕਿਸੇ ਸੀਨੀਅਰ ਅਧਿਕਾਰੀ ਦੀ ਪੱਕੀ ਨਿਯੁਕਤੀ ਕੀਤੀ ਜਾਵੇ।


### ਉੱਤਰ ਰੇਲਵੇ

**ਖੁੱਲ੍ਹੀ ਨਿਵਿਦਾ ਸੂਚਨਾ**

ਵ.ਮੰਡਲ ਬਿਜਲੀ ਇੰਜੀਨੀਅਰ/ਟੀ.ਆਰ.ਡੀ., ਉੱਤਰ ਰੇਲਵੇ, ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 16.07.2026 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 16.07.2026 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਕ ਨਹੀਂ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬ ਸਾਈਟ |
|---|---|---|---|---|---|---|---|
| 719ਡੀ-ਟੀ.ਆਰ. ਡੀ-ਫਿਰੋਪੁਰ-2025-26 | ਫਿਰੋਜ਼ਪੁਰ ਡਵੀਜਨ ਵਿਚ CEU/TSS (01 ਨੰਬਰ) ਅਤੇ BTR/TSS (02 ਨੰਬਰ) ਦੇ 03 ਟ੍ਰੈਕਸ਼ਨ ਟ੍ਰਾਂਸਫਾਰਮਰਾਂ ਦਾ ਪੀਓਐਚ | 1,19,82,899.61 | 16.07.2026 15:00 ਵਜੇ ਤਕ | 2,39,700/- | 12 ਮਹੀਨੇ | 16.07.2026 15:00 ਵਜੇ ਦੇ ਬਾਅਦ | www.ireps.gov.in |
| ਕੰਮ ਦੀ ਸਮਾਨ ਨੇਚਰ (ਉਪਰੋਕਤ ਨਿਵਿਦਾ ਨੰ. 719ਏ-ਟੀ.ਆਰ.ਡੀ.-ਫਿਰੋਜ਼ਪੁਰ-2025-28 ਦੇ ਲਈ): (i) ਟ੍ਰਾਂਸਫਾਰਮਰ ਦਾ ਓਈਐਮ ਜਾਂ (ii) ਕੋਈ ਵੀ ਨਿਰਮਾਤਾ ਜਿਸ ਦੇ ਕੋਲ ਨਿਵਿਦਾ ਖੁਲਣ ਦੀ ਮਿਤੀ (ਖੋਹਲਣ ਦੀ ਮਿਤੀ ਨੂੰ ਛੱਡ ਕੇ) ਤਕ ਭਾਰਤੀਯ ਰੇਲਵੇ/ ਕੇਂਦਰੀ ਸਾਰਵਜਨਿਕ ਖੇਤਰ ਦੇ ਉਪਕਰਮਾਂ / ਰਾਜ ਸਾਰਵਜਨਿਕ ਖੇਤਰ ਦੇ ਉਪਕ੍ਰਮਾਂ / ਮੈਟ੍ਰੋ/ ਡੀਐਫਸੀਸੀਆਈਐਲ ਦੇ ਲਈ ਐਮਵੀਏ ਅਤੇ ਕੇਵੀ ਦੋਵਾਂ ਦੇ ਸਬੰਧ ਵਿਚ ਸਮਾਨ ਜਾਂ ਉਚਤਰ ਰੇਟਿੰਗ ਦੇ ਟ੍ਰਾਂਸਫਾਰਮਰ ਦੇ ਚਾਲੂ ਹੋਣ ਦੀ ਮਿਤੀ ਤੋਂ 30 ਮਹੀਨੇ ਦਾ ਸੰਤੋਸ਼ਜਨਕ ਪ੍ਰਦਰਸ਼ਨ ਹੋਵੇ। (ਸੰਦਰਭ: Pr.CEE/NR ਦੇ ਪੱਤਰ ਨੰਬਰ 230-ਇਲੈਕਟ/ਟੀਆਰਡੀ/73, ਮਿਤੀ 24.09.2025, ਰੇਲਵੇ ਬੋਰਡ ਦੇ ਪੱਤਰ ਨੰਬਰ 2003/ਇਲੈਕਟ(ਜੀ)/161/1 ਸੈਕਸ਼ਨ-।।। ਭਾਗ ਈ-3260334 ਮਿਤੀ 22.09.2025 ਦਾ ਬਿੰਦੂ ਨੰਬਰ - 1.2). | | | | | | | |
| 720ਡੀ-ਟੀ.ਆਰ. ਡੀ-ਫਿਰੋਪੁਰ-2025-26 | ਫਿਰੋਜ਼ਪੁਰ/ਐਨਆਰ ਡਵੀਜਨ ਦੇ ਸਾਰੇ ਸੈਕਸ਼ਨਾਂ ਵਿਚ ਮੌਜੂਦਾ ਐਸਸੀਏਡੀਏ (SCADA) ਪ੍ਰਣਾਲੀ ਵਿਚ ਸਾਈਬਰ ਸੁਰੱਖਿਆ ਲਾਗੂ ਕਰਨ ਦੇ ਲਈ ਕੰਮ। | 2,19,73,503.27 | 16.07.2026 15:00 ਵਜੇ ਤਕ | 4,39,500/- | 12 ਮਹੀਨੇ | 16.07.2026 15:00 ਵਜੇ ਦੇ ਬਾਅਦ | www.ireps.gov.in |
| ਕੰਮ ਦੀ ਸਮਾਨ ਨੇਚਰ ਉਪਰੋਕਤ ਨਿਵਿਦਾ ਨੰ. 720ਸੀ-ਟੀ.ਆਰ.ਡੀ.-ਫਿਰੋਜ਼ਪੁਰ-2025-26 ਦੇ ਲਈ): (i) ਯੋਗਤਾ ਮਾਨਦੰਡ ਦੇ ਲਈ ਰੇਲਵੇ ਬੋਰਡ / ਆਰਡੀਐਸਓ ਦਿਸ਼ਾ ਨਿਰਦੇਸ਼ਾਂ ਦਾ ਪਾਲਣ ਕੀਤਾ ਜਾਣਾ ਚਾਹੀਦਾ। (ii) ਆਈਈਸੀ ਪ੍ਰੋਟੋਕਾਲ ਤੇ ਆਧਾਰਿਤ ਸੀਰੀਅਲ ਕਮਿਊਨੀਕੇਸ਼ਨ ਪੋਰਟ ਦੇ ਮਾਧਿਅਮ ਨਾਲ ਸੰਖਿਆਤਮਕ ਰਿਲੇ ਨੂੰ ਐਸਸੀਏਡੀਏ ਸਿਸਟਮ ਨਾਲ ਇੰਟਰਫੇਸ ਕਰਨਾ। (ਸੰਦਰਭ: ਚੀਫ ਹੈਡ ਬਿਜਲੀ ਇੰਜੀਨੀਅਰ/ਉਤਰ ਰੇਲਵੇ ਦੇ ਪੱਤਰ ਨੰਬਰ 181-ਇਲੈਕਟ/ਟੀਆਰਡੀ/189, ਭਾਗ ।।, ਮਿਤੀ 29.07.2021 ਦੇ ਬਿੰਦੂ ਨੰਬਰ 2.8 ਅਤੇ 2.9) | | | | | | | |

ਨੰ.: 719ਡੀ ਅਤੇ 78ਡੀ -ਟੀ.ਆਰ.ਡੀ.-ਫਿਰੋਜਪੁਰ-2025-26, ਮਿਤੀ: 24.06.2026 2175/26

ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



### CFM ASSET RECONSTRUCTION PRIVATE LIMITED

thoughtful regeneration

CIN: U67100GJ2015PTC083994

Address: 1st Floor, Wakefield House, Sprott Road, Ballard Estate, Mumbai 400038

**ਕਬਜ਼ਾ ਨੋਟਿਸ ਸਕਿਉਰਟੀ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8(1) ਤਹਿਤ**

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਿਟਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਅਤੇ ਸੀ ਐੱਫ ਐੱਮ ਐੱਸਟ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਉਕਤ ਕਰਜ਼ਾ ਖਾਤੇ 'ਚ ਆਪ ਦੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਰਕਮ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਜਾਇਦਾਦ ਦਾ ਉਕਤ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ ਕਬਜ਼ੇ ਦੀ ਮਿਤੀ ਕਾਲਮ ਵਿੱਚ ਦਰਸਾਈ ਮਿਤੀ ਨੂੰ ਤਹਿਤ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਕਰਜ਼ਦਾਰ/ਡਾਇਰੈਕਟਰ/ਰਹਿਣਕਾਰ/ਗਰੰਟਰਾਂ ਦਾ ਨਾਂਅ ਅਤੇ ਪਤਾ/ਕਰਜ਼ਾ ਖਾਤਾ ਨੰ. | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ ਮੁਤਾਬਕ ਬਕਾਇਆ ਰਕਮ | ਰਹਿਣ ਕੀਤੀ ਜਾਇਦਾਦ/ਸਕਿਉਰਡ ਐੱਸਟਸ ਦਾ ਵੇਰਵਾ |
|---|---|---|---|
| ਗੁਰਪ੍ਰੀਤ ਸਿੰਘ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-464 ਚਰਨਜੀਤ ਕੌਰ 2. ਬੂਟਾ ਸਿੰਘ 3. ਹਰਪ੍ਰੀਤ ਸਿੰਘ (ਸਹਿ-ਕਰਜ਼ਦਾਰ) ਸੁਰਜੀਤ ਸਿੰਘ (ਕਰਜ਼ਦਾਰ) | 26 ਫਰਵਰੀ 2026 / 20 ਜੂਨ 2026 | ਰੁਪਏ 9,88,590/- (ਨੌਂ ਲੱਖ ਅਠਾਸੀ ਹਜ਼ਾਰ ਪੰਜ ਸੌ ਨੱਬੇ ਰੁਪਏ ਕੇਵਲ) 31.01.2026 ਨੂੰ | ਸਮੁੱਚਾ ਅਟੁੱਟ ਹਿੱਸਾ ਖੇਵਟ/ਖਤੌਨੀ ਨੰ. 786/951, ਖਸਰਾ ਨੰ. 384 (0-5), ਸਲਮ, ਖੇਵਟ/ਖਤੌਨੀ 787/952, ਖਸਰਾ ਨੰ. 83 (0-7), 84 (0-6), 85 (0-1), 86 (2-10) ਜਾਇਦਾਦ ਦਾ ਪਤਾ ਪਿੰਡ ਤੇ ਡਾਕਖਾਨਾ ਨੂਰਪੁਰ ਚੱਠਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ (144040) ਹੱਦਬੰਦੀ ਹੇਠਾਂ ਅਨੁਸਾਰ ਉੱਤਰ : ਜੀਵਨ ਦੀ ਜਾਇਦਾਦ, ਦੱਖਣ: ਸੜਕ 11' ਚੌੜੀ ਪੂਰਬ: ਕਾਰਪੋਰੇਟਿਵ ਸੋਸਾਇਟੀ, ਪੱਛਮ : ਹੋਰ ਘਰ। |
| ਗੋਗਾ ਬਾਈ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-489 1. ਗੁਰਮੀਤ ਸਿੰਘ 2. ਗੁਰਪ੍ਰੀਤ ਸਿੰਘ (ਸਹਿ-ਕਰਜ਼ਦਾਰ) ਹਰਚੰਦ ਸਿੰਘ (ਗਰੰਟਰ) | 24 ਫਰਵਰੀ 2026 / 20 ਜੂਨ 2026 | ਰੁਪਏ 7,87,891/- (ਸੱਤ ਲੱਖ ਸਤਾਸੀ ਹਜ਼ਾਰ ਅੱਠ ਸੌ ਇਕਾਨਵੇਂ ਰੁਪਏ ਕੇਵਲ) 31.01.2026 ਨੂੰ | ਸਮੁੱਚਾ ਅਟੁੱਟ ਹਿੱਸਾ, ਖੇਵਟ/ਖਤੌਨੀ ਨੰ. 466/656, ਖਸਰਾ ਨੰ. 48//16 (8-0), ਖੇਵਟ/ਖਤੌਨੀ ਨੰ. 402/564, ਖਸਰਾ ਨੰ. 49//19/3(2-0), 20 (8-0), ਪਤਾ ਪਿੰਡ ਰਾਏਪੁਰ ਅਰਾਈਆਂ, ਨੇੜੇ ਨਿਹਾਲਸਰ ਗੁਰਦੁਆਰਾ ਸਾਹਿਬ, ਡਾਕਖਾਨਾ ਉਮਰਵਾਲ ਬਿੱਲਾ, ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ-144041, ਹੱਦਬੰਦੀ ਹੇਠਾਂ ਅਨੁਸਾਰ ਉੱਤਰ : ਜਰਨੈਲ ਸਿੰਘ ਦੀ ਜਾਇਦਾਦ/59'-8'', ਦੱਖਣ : ਸਤਨਾਮ ਸਿੰਘ ਦੀ ਜਾਇਦਾਦ/59'8'', ਪੂਰਬ: ਗਲੀ ਤੇ ਚਰਨ ਸਿੰਘ ਦੀ ਖੇਤੀਬਾੜੀ ਵਾਲੀ ਜ਼ਮੀਨ, ਨਿੱਜੀ ਆਮ ਗਲੀ/65'3'', ਪੱਛਮ: ਗੁਰਦੁਆਰਾ ਸਾਹਿਬ/65'3'' |
| ਰੋਲੀ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-985 ਵਿਸ਼ਾਲ (ਸਹਿ-ਕਰਜ਼ਦਾਰ) ਅਨਿਲ ਕੁਮਾਰ (ਗਰੰਟਰ) | 18 ਫਰਵਰੀ 2026 / 20 ਜੂਨ 2026 | ਰੁਪਏ 4,92,196/- (ਚਾਰ ਲੱਖ ਬਾਨਵੇਂ ਹਜ਼ਾਰ ਇੱਕ ਸੌ ਛਿਆਨਵੇਂ ਰੁਪਏ ਕੇਵਲ) 31.12.2025 ਨੂੰ | ਸਮੁੱਚਾ ਮੈਹਿਤਪੁਰ ਸਮਰਾ ਮੁਹੱਲਾ ਵਿਖੇ ਜਾਇਦਾਦ ਦਾ ਅਟੁੱਟ ਹਿੱਸਾ, ਖੇਵਟ ਖਤੌਨੀ ਨੰ. 55/61 ਖਸਰਾ ਨੰ. 171/9(8-0), 10/2(0-119), 11/3(0-12) ਖੇਵਟ ਖਤੌਨੀ ਨੰ 238/246, ਖਸਰਾ ਨੰ. 158//24/4(1-12), 171//1/1(3-3), 4/1 (2-19), 10/1(6-10), 112/2(6-8), 13/2(5-7) ਵਾਕਿਆ ਰਕਬਾ ਮੈਹਿਤਪੁਰ, ਹੱਦਬੰਦੀ ਹੇਠ ਅਨੁਸਾਰ ਉੱਤਰ : ਜਾਇਦਾਦ ਖੰਨਾ ਸੁਰਿੰਦਰ ਪਾਲ ਖੰਨਾ 17'2'', ਦੱਖਣ: ਗਲੀ 19' ਚੌੜੀ, 17'2'', ਪੂਰਬ : ਗਲੀ 17'6'' ਚੌੜੀ 38' 10'' ਪੱਛਮ : ਜਾਇਦਾਦ ਸੁਰਿੰਦਰ ਕੁਮਾਰ, ਰਾਜਪਾਲ ਸੇਠੀ 38'10'' |
| ਵਿਜੇ ਕੁਮਾਰ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-1204 ਨੀਲਮ (ਸਹਿ-ਕਰਜ਼ਦਾਰ/ਰਹਿਣਕਾਰ) ਗੁਰਦੀਪ 2. ਅਰਸ਼ਦੀਪ 3. ਰਾਹੁਲ (ਸਹਿ-ਕਰਜ਼ਦਾਰ), ਪੂਜਾ (ਗਰੰਟਰ) | 18 ਦਸੰਬਰ 2025 / 20 ਜੂਨ 2026 | ਰੁਪਏ 8,03,193.86/- (ਅੱਠ ਲੱਖ ਤਿੰਨ ਹਜ਼ਾਰ ਇੱਕ ਸੌ ਤਰਾਨਵੇਂ ਰੁਪਏ ਅਤੇ ਛਿਆਸੀ ਪੈਸੇ ਕੇਵਲ) 31.10.2025 ਨੂੰ | ਸਮੁੱਚਾ ਜਾਇਦਾਦ ਦਾ ਅਟੁੱਟ ਹਿੱਸਾ, ਪਤਾ ਵਾਕਿਆ ਰਕਬਾ ਸ਼ਾਲਨ ਨਗਰ, ਹਦਬਸਤ ਨੰ. 271, ਡਾਕਖਾਨਾ ਮਲਸੀਆਂ, ਤਹਿਸੀਲ ਸ਼ਾਹਕੋਟ, ਖਾਤਾ ਨੰ. X 45 ਈ ਏ 241169 X ਜ਼ਿਲ੍ਹਾ ਜਲੰਧਰ, ਪੰਜਾਬ 144701, ਰਕਬਾ 4 ਮਰਲਾ, ਹੱਦਬੰਦੀ ਹੇਠ ਅਨੁਸਾਰ ਉੱਤਰ : ਜੰਜਘਰ, ਦੱਖਣ: ਸੋਢੀ ਲਾਲ ਦੀ ਜਾਇਦਾਦ, ਪੂਰਬ : ਗਲੀ, ਪੱਛਮ: ਪ੍ਰਕਾਸ਼ ਦੀ ਜਾਇਦਾਦ ਪ੍ਰਕਾਸ਼ |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ ਸਮੇਤ ਇਕਰਾਰਨਾਮਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਮਿਤੀ ਦੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।

ਮਿਤੀ : 25 ਜੂਨ 2026

ਸਥਾਨ : ਪੰਜਾਬ

ਅਧਿਕਾਰਤ ਅਫਸਰ

ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ

[ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਵਾਈ ਕਰਦਿਆਂ]

# ਕਬਾੜ ਦੀ ਦੁਕਾਨ ਨੂੰ ਲੱਗੀ ਅੱਗ, 10 ਲੱਖ ਦਾ ਸਮਾਨ ਸੜ ਕੇ ਸੁਆਹ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਬਲਦੇਵ ਨਗਰ ਮੋਰਿੰਡਾ ਦੀ ਇੱਕ ਕਬਾੜ ਦੀ ਦੁਕਾਨ ਸ਼ਿਵ ਸ਼ਕਤੀ ਟਰੇਡਰਜ਼ ਵਿੱਚ ਰਾਤ ਸਮੇਂ ਅੱਗ ਲੱਗਣ ਕਾਰਨ ਇੱਕ ਬਲੈਰੋ, ਦੋ ਕਾਰਾਂ, ਅਲਾਏ ਵੀਲਸ, ਟਾਇਰ ਅਤੇ ਸਪੇਅਰ ਪਾਰਟ ਆਦਿ ਲੱਖਾਂ ਰੁਪਏ ਦਾ ਸਮਾਨ ਸੜ ਕੇ ਸਵਾਹ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੁਕਾਨ ਦੇ ਮਾਲਿਕ ਫਤਿਹ ਚੰਦ ਧਰਮਸੋਤ ਨੇ ਦੱਸਿਆ ਕਿ ਉਹਨਾਂ ਨੂੰ ਪਿੰਡ ਦੇ ਹੀ ਕਿਸੇ ਵਿਅਕਤੀ ਨੇ ਰਾਤ ਦੇ ਡੇਢ ਵਜੇ ਫੋਨ ਕੀਤਾ ਕਿ ਤੁਹਾਡੀ ਦੁਕਾਨ ਵਿੱਚ ਅੱਗ ਲੱਗੀ ਹੋਈ ਹੈ, ਜਦੋਂ ਉਹ ਆਪਣੀ ਦੁਕਾਨ ਤੇ ਪੁੱਜੇ ਤਾਂ ਅੱਗ ਪੂਰੀ ਤਰਾਂ ਫੈਲ ਚੁੱਕੀ ਸੀ। ਉਨਾਂ ਦਾ ਕਹਿਣਾ ਹੈ ਕਿ ਪਹਿਲਾਂ ਫਾਇਰ ਬ੍ਰਿਗੇਡ ਵਾਲਿਆਂ ਨੂੰ ਫੋਨ ਕੀਤਾ ਪ੍ਰੰਤੂ ਕਿਸੇ ਨੇ ਫੋਨ ਨਹੀਂ ਚੁੱਕਿਆ। ਫਿਰ ਸਾਡੇ ਪਿੰਡ ਵਾਲੇ ਫਾਇਰ ਬ੍ਰਿਗੇਡ ਦਫਤਰ ਮੋਰਿੰਡਾ ਵਿੱਚ ਪਹੁੰਚੇ ਤੇ ਕਰਮਚਾਰੀਆਂ ਨੂੰ ਜਗਾਇਆ। ਫਾਇਰ ਬ੍ਰਿਗੇਡ ਵਾਲੇ ਲਗਭਗ ਦੋ ਵਜੇ ਦੇ ਕਰੀਬ ਮੌਕੇ ਤੇ ਪਹੁੰਚੇ, ਉੱਦੋਂ ਤੱਕ ਉਹਨਾਂ ਦੀ ਦੁਕਾਨ ਦਾ ਸ਼ੈੱਡ, ਦਫਤਰ, ਇੱਕ ਬਲੈਰੋ ਗੱਡੀ, ਦੋ ਕਾਰਾਂ, ਅਲਾਏ ਵੀਲ ਤੇ ਬਾਕੀ ਸਪੇਅਰ ਪਾਰਟ ਬੁਰੀ ਤਰਾਂ ਜਲ ਚੁੱਕੇ ਸਨ। ਇਸ ਸਬੰਧੀ ਫਤਿਹਚੰਦ ਵਲੋਂ ਮੋਰਿੰਡਾ ਪੁਲਿਸ ਨੂੰ ਸੂਚਿਤ ਕਰ ਦਿੱਤਾ ਹੈ। ਅੱਗ ਲੱਗਣ ਦਾ ਕਾਰਨ ਬਿਜਲੀ ਦੀਆਂ ਤਾਰਾਂ ਦਾ ਸ਼ਾਰਟ ਸਰਕਿਟ ਹੋਣਾ ਦੱਸਿਆ ਜਾਂਦਾ ਹੈ। ਮੋਰਿੰਡਾ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸੇ ਦੌਰਾਨ ਉਘੇ ਸਮਾਜ ਸੇਵਕ ਹਰਜਿੰਦਰ ਸਿੰਘ ਛਿੱਬਰ ਕੌਂਸਲਰ ਮੋਰਿੰਡਾ,ਐਡਵੋਕੇਟ ਪਰਮਿੰਦਰ ਸਿੰਘ ਤੂਰ, ਕੈਪਟਨ ਕਰਮਜੀਤ ਸਿੰਘ ਬਡਵਾਲੀ ਨੇ ਇਸ ਘਟਨਾ ਤੇ ਦੁੱਖ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਦੁਕਾਨ ਦੇ ਮਾਲਕ ਫਤਿਹ ਚੰਦ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।

## ਮੁਫ਼ਤ ਮੈਡੀਕਲ ਕੈਂਪ ਲਗਾਇਆ



ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-ਸਿੱਧ ਜੋਗੀ ਟਰੱਸਟ ਪਿੰਡ ਖਾਨਪੁਰ ਤੋਂ ਡਾਕਟਰ ਜਸਵੰਤ ਸਿੰਘ ਬਿੰਦ ਤੇ ਡਾਕਟਰ ਪ੍ਰਭ ਹੀਰ ਅਤੇ ਉਹਨਾਂ ਦੀ ਸਮੁੱਚੀ ਟੀਮ ਹਰਜਿੰਦਰ ਕੁਮਾਰੀ, ਹਰਜੋਤ ਕੌਰ, ਨਵਜੋਤ ਕੌਰ,ਚਰਨਜੀਤ ਕੌਰ, ਭੁਪਿੰਦਰ ਕੁਮਾਰ ਦੁਆਰਾ ਫਰੀ ਮੈਡੀਕਲ ਕੈਂਪ ਡੇਰਾ ਬਾਬਾ ਬਾਲਕ ਨਾਥ ਲਲਵਾਨ ਵਿਖੇ ਗੱਦੀ ਨਸ਼ੀਨ ਸਾਈਂ ਸੋਢੀ ਸ਼ਾਹ ਮਹਾਰਾਜ ਦੀ ਰਹਿਨੁਮਾਈ ਹੇਠ ਲਗਾਇਆ ਗਿਆ। ਤਿੰਨ ਦਿਨਾਂ ਦਾ ਸਲਾਨਾ ਮੇਲਾ ਕਰਵਾਇਆ ਗਿਆ। ਤਿੰਨੇ ਦਿਨ ਹੀ ਸਿੱਧ ਜੋਗੀ ਟਰਸਟ ਪਿੰਡ ਖਾਨਪੁਰ ਵੱਲੋਂ ਫਰੀ ਮੈਡੀਕਲ ਕੈਂਪ ਲਗਾਇਆ ਗਿਆ । ਡਾਕਟਰ ਮੱਖਣ ਸਿੰਘ ਢਿੱਲੋਂ ਅਤੇ ਨਰਿੰਦਰ ਕੁਮਾਰ ਅਤੇ ਸੰਜੋਤ ਦੁਆਰਾ ਫਰੀ ਸ਼ੂਗਰ ਟੈਸਟਿੰਗ ਕੈਂਪ ਲਗਾਇਆ ਗਿਆ ਅਤੇ ਡਾਕਟਰ ਅੰਜਲੀ ਅਤੇ ਡਾਕਟਰ ਹਰਦੀਪ ਬੀ ਡੀ ਐਸ ਡੈਂਟਲ ਸਰਜਨ ਵਲੋ ਫਰੀ ਦੰਦਾਂ ਦਾ ਚੈੱਕ ਅਪ ਕੀਤਾ ਗਿਆ।

# ਐੱਸ ਆਈ ਆਰ : ਅੱਜ ਤੋਂ ਘਰ-ਘਰ ਜਾਣਗੇ ਬੂਥ ਲੈਵਲ ਅਫ਼ਸਰ



ਜਲੰਧਰ (ਸ਼ੈਲੀ ਐਲਬਰਟ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਬੁੱਧਵਾਰ ਨੂੰ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ ਆਈ ਆਰ) 2026 ਤਹਿਤ ਬੂਥ ਲੈਵਲ ਅਫ਼ਸਰ 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਜਾਣਗੇ। ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐਸ ਆਈ ਆਰ-2026 ਸਬੰਧੀ ਵੱਖ-ਵੱਖ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਐਸ ਆਈ ਆਰ ਦਾ ਉਦੇਸ਼ ਪਾਰਦਰਸ਼ੀ ਅਤੇ ਤਰੁੱਟੀ ਰਹਿਤ ਵੋਟਰ ਸੂਚੀ ਤਿਆਰ ਕਰਨਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਮਨਿੰਦਰ ਕੌਰ ਵੀ ਮੌਜੂਦ ਸਨ। ਵਾਲੀਆ ਨੇ ਦੱਸਿਆ ਕਿ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ. ਐਲ. ਓਜ਼. ਵੱਲੋਂ ਘਰ ਘਰ ਜਾ ਕੇ ਗਣਨਾ (ਇਨੂਮੀਰੇਸ਼ਨ) ਫਾਰਮ ਭਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਬੀ ਐਲ ਓਜ਼ ਵੱਲੋਂ ਫਾਰਮ ਦੀਆਂ ਦੋ ਕਾਪੀਆਂ ਦਿੱਤੀਆਂ ਜਾਣਗੀਆਂ। ਫਾਰਮ ਵਿੱਚ ਸਾਰੀ ਜਾਣਕਾਰੀ ਭਰਨ ਉਪਰੰਤ ਇੱਕ ਕਾਪੀ ਵੋਟਰ ਵਲੋਂ ਦਸਤਖ਼ਤ ਕਰਕੇ ਬੀ ਐਲ ਓ ਕੋਲ ਜਮ੍ਹਾ ਕਰਵਾਈ ਜਾਵੇਗੀ ਅਤੇ ਇੱਕ ਕਾਪੀ ਬੀ ਐਲ ਓ ਵੱਲੋਂ ਦਸਤਖ਼ਤ ਕਰਕੇ ਵੋਟਰ ਨੂੰ ਰਸੀਦ ਵਜੋਂ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਗੈਰ-ਹਾਜ਼ਰ, ਤਬਦੀਲ ਹੋ ਚੁੱਕੇ ਅਤੇ ਮ੍ਰਿਤਕ ਵੋਟਰਾਂ ਦੀਆਂ ਸੂਚੀਆਂ ਵੀ ਤਿਆਰ ਕੀਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਐਸ ਆਈ ਆਰ ਤਹਿਤ ਜ਼ਿਲ੍ਹੇ ਦੇ ਹਰ ਵੋਟਰ ਨੂੰ ਬੀ ਐਲ ਓ ਵੱਲੋਂ ਦਿੱਤਾ ਜਾਣ ਵਾਲਾ ਇਨੂਮੀਰੇਸ਼ਨ ਫਾਰਮ ਭਰਨਾ ਜ਼ਰੂਰੀ ਹੈ। ਜੇਕਰ ਕੋਈ ਵੋਟਰ ਇਨੂਮੀਰੇਸ਼ਨ ਫਾਰਮ ਨਹੀਂ ਭਰਦਾ ਤਾਂ ਉਸਨੂੰ ਡ੍ਰਾਫ਼ਟ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ।ਇਸ ਪ੍ਰਕਿਰਿਆ ਸਬੰਧੀ ਵੱਖ-ਵੱਖ ਪੜਾਵਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ 24 ਜੁਲਾਈ 2026 ਤੱਕ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਕੀਤੀ ਜਾਵੇਗੀ। 3 ਅਗਸਤ 2026 ਨੂੰ ਡ੍ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਹੋਵੇਗੀ, 3 ਅਗਸਤ 2026 ਤੋਂ 2 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਦਾਇਰ ਕੀਤੇ ਜਾ ਸਕਣਗੇ। ਉਨ੍ਹਾਂ ਅੱਗੇ ਦੱਸਿਆ ਕਿ ਨੋਟਿਸ ਪੜਾਅ/ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 3 ਅਗਸਤ 2026 ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ ਅਤੇ 1 ਅਕਤੂਬਰ 2026 ਨੂੰ ਅੰਤਿਮ ਵੋਟਰ ਸੂਚੀ ਦਾ ਪ੍ਰਕਾਸ਼ਨ ਕੀਤਾ ਜਾਵੇਗਾ।

# ਨਬੀਨ ਨਾਲ ਸਾਬਕਾ ਚੇਅਰਮੈਨ ਖੁਰਾਣਾ ਨੇ ਕੀਤੀ ਮੁਲਾਕਾਤ



ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)-ਪੰਜਾਬ ਦੇ ਦੌਰੇ ਤੇ ਪਹੁੰਚੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਦੇ ਨਾਲ ਦੇ ਪਲੈਨਿੰਗ ਬੋਰਡ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਤੇ ਭਾਜਪਾ ਐਜੈਕਟਿਵ ਕਮੇਟੀ ਦੇ ਮੈਂਬਰ ਜਵਾਹਰ ਲਾਲ ਖੁਰਾਣਾ ਨੇ ਮੁਲਾਕਾਤ ਕੀਤੀ। ਇਸ ਮੌਕੇ ਜਵਾਹਰ ਖੁਰਾਣਾ ਨੇ ਮੁਲਾਕਾਤ ਕਰਨ ਸਮੇਂ ਪੰਜਾਬ ਵਿੱਚ ਪਾਰਟੀ ਦੀ ਬਿਹਤਰੀ ਵਾਸਤੇ ਵਿਚਾਰ ਵਟਾਂਦਰਾ ਕੀਤਾ ਅਤੇ ਮੌਜੂਦਾ ਹਾਲਾਤਾਂ ਸਬੰਧੀ ਉਹਨਾਂ ਨੂੰ ਜਾਣੂ ਕਰਵਾਇਆ।ਇਸ ਮੌਕੇ ਕੌਮੀ ਪ੍ਰਧਾਨ ਨਿਤਿਨ ਸਿਬਿਲ ਹਲਕਾ ਟਾਂਡਾ ਦੇ ਭਾਜਪਾ ਵਰਕਰਾਂ ਦੀਆਂ ਵੱਖ-ਵੱਖ ਮੁਸ਼ਕਿਲਾਂ ਸੁਣਨ ਤੋਂ ਇਲਾਵਾ ਮਹਾਂਪੁਰਸ਼ਾਂ ਤੋਂ ਅਸ਼ੀਰਵਾਦ ਪ੍ਰਾਪਤ ਕਰਦੇ ਹੋਏ ਕਿਹਾ ਕਿ ਉੱਥੇ ਹੀ ਕਿਹਾ ਕਿ ਭਾਰਤੀ ਜਨਤਾ ਪਾਰਟੀ ਜਿੱਥੇ ਸਾਰੇ ਧਰਮਾਂ ਦਾ ਸਨਮਾਨ ਕਰਦੀ ਹੈ ਉੱਥੇ ਸੰਤਾਂ ਮਹਾਂਪੁਰਸ਼ਾਂ ਦਾ ਵੀ ਬਹੁਤ ਸਨਮਾਨ ਕਰਦੀ ਹੈ। ਇਸ ਮੌਕੇ ਬਾਬਾ ਸੁਖਦੇਵ ਸਿੰਘ ਬੇਦੀ, ਰਮੇਸ਼ ਦਾਸ ਜੀ ਦਾਤਾਰਪੁਰ, ਮਹੰਤ ਰਾਜ ਗਿਰ ਕਮਾਹੀ ਦੇਵੀ, ਸੰਤ ਪ੍ਰਕਾਸ਼ ਨੰਦ ਜੀ, ਅਵਤਾਰ ਕ੍ਰਿਸ਼ਨ, ਪ੍ਰੇਮ ਦਾਸ, ਜੁਗਰਾਜ ਸਿੰਘ ਗੁਰੂ ਹੀਰਾ ਪੁਰੀ, ਰਾਜ ਕੁਮਾਰ ਨਰਿੰਦਰ ਤੁੱਲੀ, ਮੁਨੀਸ਼ ਕੁਮਾਰ, ਡਿੰਪੀ ਸੈਣੀ, ਤਰਸੇਮ ਨਈਯਰ ਵੀ ਹਾਜ਼ਰ ਸਨ।

# 4 ਦਿਨ ਦਾ ਸਹਿਜ ਧਿਆਨ ਯੋਗ ਤੇ ਹੈਪੀਨੈਸ ਕੈਂਪ ਲਗਾਇਆ



ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-ਅੰਤਰਰਾਸ਼ਟਰੀ ਅਧਿਆਤਮਿਕ ਗੁਰੂ, ਮਨੁੱਖਤਾ ਲਈ ਚਲਾ ਰਹੇ ਅਨੇਕਾਂ ਹੀ ਸਮਾਜ ਭਲਾਈ ਦੇ ਕੇਂਦਰਾਂ ਅਤੇ ਆਰਟ ਆਫ ਲਿਵਿੰਗ ਦੇ ਸੰਸਥਾਪਕ ਸ਼੍ਰੀ ਸ਼੍ਰੀ ਰਵੀ ਸ਼ੰਕਰ ਦੀਆਂ ਅਪਾਰ ਬਖਸ਼ਿਸ਼ਾਂ ਸਦਕਾ ਹੈਪੀਨੈਸ ਸੈਂਟਰ ਹੁਸ਼ਿਆਰਪੁਰ ਵੱਲੋਂ ਸਤਿਕਾਰਯੋਗ ਮੈਡਮ ਵੰਦਨਾ ਦੀ ਯੋਗ ਅਗਵਾਈ ਹੇਠ ਕੁੱਲੂ ਵਿਖੇ ਇੱਕ ਬੁੱਧਿਸਟ ਮਨਿਸਟਰੀ ਵਿੱਚ 4 ਦਿਨ ਦਾ ਸਹਿਜ ਧਿਆਨ ਯੋਗ ਹੈਪੀਨੈਸ ਸ਼ਿਵਰ ਲਗਾਇਆ ਗਿਆ ਜਿਸ ਵਿੱਚ ਪੰਜਾਬ ਦੇ ਹੁਸ਼ਿਆਰਪੁਰ, ਜਲੰਧਰ, ਮਾਹਿਲਪੁਰ, ਬਠਿੰਡਾ ਤੋਂ ਇਲਾਵਾ ਹਰਿਆਣਾ, ਦਿੱਲੀ, ਗੁਜਰਾਤ ਮੁੰਬਈ ਆਦਿ ਥਾਵਾਂ ਤੋਂ ਲਗਭਗ 40 ਵਿਅਕਤੀਆਂ ਨੇ ਹਿੱਸਾ ਲਿਆ ਜਿਸ ਵਿੱਚ ਡਾਕਟਰ, ਵਕੀਲ, ਪੱਤਰਕਾਰ, ਬਿਜਨਸਮੈਨ, ਅਧਿਆਪਕ ਅਤੇ ਹੋਰ ਵੱਖ- ਵੱਖ ਖੇਤਰਾਂ ਨਾਲ ਸੰਬੰਧਿਤ ਸਨਮਾਨਯੋਗ ਸ਼ਖਸ਼ੀਅਤਾਂ ਹਾਜ਼ਰ ਸਨ। 4 ਦਿਨ ਦੇ ਇਸ ਸ਼ਿਵਰ ਵਿੱਚ ਮੈਡਮ ਵੰਦਨਾ ਨੇ ਧਿਆਨ ਅਤੇ ਯੋਗਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਨਾਲ ਹੀ ਸ਼ਿਵਰ ਵਿੱਚ ਸ਼ਾਮਿਲ ਹੋਏ ਸਾਰੇ ਹੀ ਸਾਥੀਆਂ ਨੂੰ ਇਸ ਦਾ ਪ੍ਰੈਕਟੀਕਲ ਅਭਿਆਸ ਵੀ ਕਰਵਾਇਆ। ਸੁਦਰਸ਼ਨ ਕਿਰਿਆ ਬਾਰੇ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ ਇਸ ਕਿਰਿਆ ਦੇ ਅਭਿਆਸ ਨਾਲ ਹਰ ਵਿਅਕਤੀ ਦਾ ਤਣਾਅ ਤੇ ਚਿੰਤਾ ਘਟਦੀ ਹੈ ਅਤੇ ਮਨ ਨੂੰ ਸ਼ਾਂਤੀ ਪ੍ਰਾਪਤ ਹੁੰਦੀ ਹੈ। ਇਸ ਮੌਕੇ ਮੋਹਿਤ ਨੇ ਰੋਜ਼ਾਨਾ ਯੋਗਾ ਅਤੇ ਧਿਆਨ ਕਰਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੋਗਾ ਅਤੇ ਧਿਆਨ ਦੇ ਅਭਿਆਸ ਕਰਨ ਨਾਲ ਨੀਂਦ ਵਿੱਚ ਸੁਧਾਰ ਹੁੰਦਾ ਹੈ ਤੇ ਊਰਜਾ ਦੇ ਪੱਧਰ ਤੇ ਆਨੰਦਮਈ ਵਿਵਸਥਾ ਬਣਦੀ ਹੈ। ਇਸ ਸ਼ਿਵਰ ਦੌਰਾਨ ਖੁਸ਼ੀ ਅਤੇ ਆਨੰਦ ਦੇਣ ਵਾਲੀਆਂ ਕਈ ਖੇਡਾਂ ਦਾ ਅਭਿਆਸ ਵੀ ਕਰਵਾਇਆ ਗਿਆ।

# ਜਾਗਰੂਕਤਾ ਰੈਲੀ ਕਰਵਾਈ



ਫਗਵਾੜਾ (ਜਸਵਿੰਦਰ ਢੱਡਾ)-ਜੀ ਆਰ ਡੀ ਕੋਐਜੂਕੇਸ਼ਨਲ ਕਾਲਜ ਫਗਵਾੜਾ ਵਲੋਂ ਵੋਟਰ ਜਾਗਰੂਕਤਾ ਸਬੰਧੀ ਵਿਸ਼ੇਸ਼ ਐਕਟੀਵਿਟੀ ਸੈਸ਼ਨ ਦਾ ਆਯੋਜਨ ਕਾਲਜ ਦੇ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਦੀ ਅਗਵਾਈ ਅਤੇ ਪ੍ਰਿੰਸੀਪਲ ਗੁਰਜੀਤ ਕੌਰ ਦੀ ਦੇਖਰੇਖ ਹੇਠ ਕੀਤਾ ਗਿਆ। ਇਸ ਦੌਰਾਨ ਕਾਲਜ ਦੇ ਐਨ ਐਸ ਐਸ ਯੂਨਿਟ ਨੇ ਅਨੇਕਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਅਤੇ ਨਾਗਰਿਕਾਂ ਨੂੰ ਜਾਗਰੂਕ ਕੀਤਾ। ਫੈਸ਼ਨ ਡਿਜਾਈਨਿੰਗ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਮਿਸ ਮੀਨਾਕਸ਼ੀ, ਇੰਗਲਿਸ਼ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਮਿਸ ਇੰਦਰਜੀਤ ਕੌਰ ਅਤੇ ਕਾਲਜ ਸੁਪਰਡੈਂਟ ਸ਼ਾਦੀ ਰਾਮ ਅਧਾਰਿਤ ਟੀਮ ਨੇ ਪਿੰਡ ਖਾਟੀ ਵਿਖੇ ਵੋਟਰਾਂ ਨੂੰ ਜਾਗਰੁਕ ਕੀਤਾ ਗਿਆ। ਇਸ ਦੌਰਾਨ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਇਕ ਜਾਗਰੁਕਤਾ ਰੈਲੀ ਦਾ ਆਯੋਜਨ ਵੀ ਕੀਤਾ ਗਿਆ।ਜਿਸ ਦਾ ਮੁੱਖ ਮੰਤਵ ਕਾਲਜ ਪਰਿਵਾਰ ਅਤੇ ਆਮ ਨਾਗਰਿਕਾਂ ਤੱਕ ਸਪੈਸ਼ਲ ਇਨਟੈਨਸਿਵ ਰਿਵੀਜਨ (ਐਸ.ਆਈ.ਆਰ.) 2026 ਬਾਰੇ ਵੱਧ ਤੋਂ ਵੱਧ ਜਾਗਰੁਕਤਾ ਪਹੁੰਚਾਉਣਾ ਸੀ। ਡਾ. ਨੀਲਮ ਸੇਠੀ ਨੇ ਐਸ.ਆਈ.ਆਰ. ਬਾਰੇ ਜਾਣੂ ਕਰਵਾਉਂਦੇ ਹੋਏ ਦੱਸਿਆ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਪੁਨਰ-ਜਾਂਚ ਲੋਕਤੰਤਰ ਨੂੰ ਮਜ਼ਬੂਤ ਕਰਨ ਵੱਲ ਇਕ ਅਹਿਮ ਕਦਮ ਹੈ। ਇਸ ਪ੍ਰਕਿਰਿਆ ਦਾ ਉਦੇਸ਼ ਯੋਗ ਨਾਗਰਿਕਾਂ ਦੇ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ, ਗਲਤ ਜਾਂ ਦੁਹਰਾਈਆਂ ਐਂਟਰੀਆਂ ਨੂੰ ਖਤਮ ਕਰਨਾ ਅਤੇ ਹਰ ਯੋਗ ਨਾਗਰਿਕ ਨੂੰ ਆਪਣੇ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਹਰੇਕ ਨਾਗਰਿਕ ਦਾ ਫਰਜ਼ ਬਣਦਾ ਹੈ ਕਿ ਉਹ ਆਪਣੀ ਵੋਟਰ ਜਾਣਕਾਰੀ ਦੀ ਸਮੇਂ ਸਿਰ ਜਾਂਚ ਕਰੇ ਅਤੇ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਵੇ। ਅਖੀਰ ਵਿੱਚ ਕਾਲਜ ਪ੍ਰਿੰਸੀਪਲ ਗੁਰਜੀਤ ਕੌਰ ਨੇ ਸਹਿਯੋਗ ਲਈ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਇਰਵਿੰਗਜ਼ ਪਾਰਕ ਸਮਾਰਟ (ਆਈ ਪੀ ਐਸ) ਸਕੂਲ ਰਤਨਗੜ੍ਹ (ਮੋਰਿੰਡਾ) ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਸਕੂਲ ਦੇ ਡਾਇਰੈਕਟਰ ਅਤੁਲ ਅਰੋੜਾ ਨੇ ਦੱਸਿਆ ਕਿ ਸਕੂਲ ਕੈਂਪਸ ਅਤੇ ਆਨਲਾਈਨ ਯੋਗ ਸੈਸ਼ਨ ਵਿੱਚ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੇ ਭਰਪੂਰ ਭਾਗ ਲਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਯੋਗ ਭਾਰਤ ਦੀ ਦੁਨੀਆ ਨੂੰ ਦਿੱਤੀ ਗਈ ਇੱਕ ਅਨਮੋਲ ਦੇਣ ਹੈ। ਯੋਗ ਸਾਨੂੰ ਅਨੁਸ਼ਾਸਨ, ਇਕਾਗਰਤਾ ਅਤੇ ਅੰਦਰੂਨੀ ਸ਼ਾਂਤੀ ਸਿਖਾਉਂਦਾ ਹੈ। ਉਹਨਾਂ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਮੂਹ ਵਿਦਿਆਰਥੀਆਂ, ਮਾਪਿਆਂ ਅਤੇ ਸਟਾਫ ਮੈਂਬਰਾਂ ਦਾ ਧੰਨਵਾਦ ਕੀਤਾ।

# ਐੱਚ ਐੱਮ ਵੀ ਦੀਆਂ ਵਿਦਿਆਰਥਣਾਂ ਨੇ ਪ੍ਰੀਖਿਆ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ



ਜਲੰਧਰ (ਸ਼ੈਲੀ ਐਲਬਰਟ)-ਹੰਸ ਰਾਜ ਮਹਿਲਾ ਮਹਾਵਿਦਿਆਲਿਆ, ਜਲੰਧਰ ਦੀਆਂ ਬੀ.ਐਸ.ਸੀ. ਮੈਡੀਕਲ ਸਮੈਸਟਰ-9 ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮਹਾਵਿਦਿਆਲਿਆ ਦੀ ਗੌਰਵਮਈ ਪਰੰਪਰਾ ਨੂੰ ਇੱਕ ਵਾਰ ਫਿਰ ਮਜ਼ਬੂਤ ਕੀਤਾ ਹੈ। ਵਿਦਿਆਰਥਣਾਂ ਦੀ ਇਸ ਉਲਲੇਖਣੀਯ ਪ੍ਰਾਪਤੀ ਨੇ ਨਾ ਸਿਰਫ਼ ਮਹਾਵਿਦਿਆਲਿਆ ਸਗੋਂ ਮਾਪਿਆਂ ਅਤੇ ਅਧਿਆਪਕਾਂ ਨੂੰ ਵੀ ਮਾਣ ਮਹਿਸੂਸ ਕਰਵਾਇਆ ਹੈ। ਨਤੀਜਿਆਂ ਅਨੁਸਾਰ ਨੂਰਜੋਤ ਕੌਰ ਨੇ 8.40 ਐਸ ਜੀ ਪੀ ਏ ਤੇ ਸ਼ਰਨਜੀਤ ਕੌਰ ਨੇ 8.32 ਐਸ ਜੀ ਪੀ ਏ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥਣਾਂ ਦੀ ਇਸ ਸਫਲਤਾ ਨੇ ਵਿਭਾਗ ਅਤੇ ਮਹਾਵਿਦਿਆਲਿਆ ਵਿੱਚ ਖੁਸ਼ੀ ਦੀ ਲਹਿਰ ਪੈਦਾ ਕਰ ਦਿੱਤੀ ਹੈ। ਇਸ ਮੌਕੇ ਮਹਾਵਿਦਿਆਲਿਆ ਦੀ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਸਫਲ ਵਿਦਿਆਰਥਣਾਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਐੱਚ ਐੱਮ ਵੀ ਹਮੇਸ਼ਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਗੁਣਵੱਤਾ ਭਰਪੂਰ ਸਿੱਖਿਆ ਅਤੇ ਉੱਤਮ ਅਕਾਦਮਿਕ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥਣਾਂ ਦੀ ਇਹ ਸਫਲਤਾ ਉਨ੍ਹਾਂ ਦੀ ਲਗਨ, ਅਨੁਸ਼ਾਸਨ, ਸਕਾਰਾਤਮਕ ਸੋਚ ਅਤੇ ਅਧਿਆਪਕਾਂ ਦੇ ਨਿਰੰਤਰ ਮਾਰਗਦਰਸ਼ਨ ਦਾ ਨਤੀਜਾ ਹੈ। ਰਸਾਇਣ ਵਿਗਿਆਨ ਵਿਭਾਗ ਦੀ ਮੁਖੀ ਡਾ. ਦੀਪਸ਼ਿਖਾ ਨੇ ਵਿਦਿਆਰਥਣਾਂ ਦੀ ਸਫਲਤਾ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ ਦੀ ਮਿਹਨਤ ਅਤੇ ਵਿਭਾਗ ਦੇ ਸਮਰਪਿਤ ਯਤਨਾਂ ਦਾ ਫਲ ਹੈ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਭਾਗ ਮੁਖੀ ਡਾ. ਦੀਪਸ਼ਿਖਾ ਅਤੇ ਸਮੂਹ ਫੈਕਲਟੀ ਮੈਂਬਰਾਂ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਅਧਿਆਪਕਾਂ ਦੀ ਨਿਸ਼ਠਾ, ਮਿਹਨਤ ਅਤੇ ਵਿਦਿਆਰਥੀਆਂ ਪ੍ਰਤੀ ਸਮਰਪਣ ਹੀ ਅਜਿਹੇ ਸ਼ਾਨਦਾਰ ਨਤੀਜਿਆਂ ਦੀ ਬੁਨਿਆਦ ਹੁੰਦੇ ਹਨ।

## ਡੇਰਾ ਦੁੱਧਾਧਾਰੀ ਵਿਖੇ ਸਾਲਾਨਾ ਭੰਡਾਰਾ ਭਲਕੇ

ਆਦਮਪੁਰ (ਪਰਮਜੀਤ ਸਿੰਘ)-ਧੰਨ -ਧੰਨ ਮਹੰਤ ਨਿਹਾਲ ਦਾਸ ਜੀ ਮਹਾਰਾਜ ਅਤੇ ਸਤਿਕਾਰਯੋਗ ਸੰਤੋਖ ਦਾਸ ਡੇਰਾ ਦੁੱਧਾਧਾਰੀ ਪਿੰਡ ਦੇਣੋਵਾਲ ਖੁਰਦ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਲਾਨਾ ਭੰਡਾਰਾ ਮੌਜੂਦਾ ਗੱਦੀ ਨਸ਼ੀਨ ਸੰਤ ਸੁੱਖਦੇਵ ਰਾਜ ਦੀ ਦੇਖ -ਰੇਖ ਹੇਠ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਹ ਧਾਰਮਿਕ ਸਮਾਗਮ 26 ਜੂਨ ਨੂੰ ਪਿੰਡ ਦੇਣੋਵਾਲ ਖੁਰਦ, ਤਹਿਸੀਲ ਗੜਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਕਰਵਾਇਆ ਜਾਵੇਗਾ। ਸਮਾਗਮ ਦੌਰਾਨ ਸਵੇਰੇ 8 ਵਜੇ ਤੋਂ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ 9 ਵਜੇ ਤੋਂ 3 ਵਜੇ ਤੱਕ ਕਵਾਲੀ ਮਹਿਫ਼ਲ ਮੌਕੇ ਪ੍ਰਸਿੱਧ ਕਲਾਕਾਰ ਸਰਦਾਰ ਅਲੀ ਆਪਣੀ ਹਾਜ਼ਰੀ ਭਰਦੇ ਹੋਏ ਸੰਗਤਾਂ ਨੂੰ ਰੂਹਾਨੀ ਕਲਾਮਾਂ ਨਾਲ ਨਿਹਾਲ ਕਰਨਗੇ। ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਸ ਪਵਿੱਤਰ ਸਮਾਗਮ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

## ਐੱਚ ਪੀ ਵੀ ਟੀਕਾਕਰਨ ਕਵਰੇਜ 'ਚ ਹੁਸ਼ਿਆਰਪੁਰ ਤੀਜੇ ਸਥਾਨ 'ਤੇ : ਆਸ਼ਿਕਾ ਜੈਨ



ਹੁਸ਼ਿਆਰਪੁਰ :(ਓ ਪੀ ਰਾਣਾ )- ਜ਼ਿਲ੍ਹੇ ਵਿੱਚ ਐਚ ਪੀ ਵੀ ਟੀਕਾਕਰਨ ਮੁਹਿੰਮ ਨੂੰ ਵੱਡੀ ਸਫਲਤਾ ਮਿਲੀ ਹੈ। ਪੂਰੇ ਪੰਜਾਬ ਵਿੱਚ ਐਚ ਪੀ ਵੀ ਟੀਕਾਕਰਨ ਕਵਰੇਜ ਦੇ ਮਾਮਲੇ ਵਿੱਚ ਹੁਸ਼ਿਆਰਪੁਰ ਨੇ ਤੀਜਾ ਸਥਾਨ ਹਾਸਲ ਕੀਤਾ ਹੈ। ਇਸ ਉਪਲਬੱਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਮੁਹਿੰਮ ਨੂੰ ਹੋਰ ਤੇਜ਼ ਕਰਨ ਅਤੇ ਜ਼ਿਲ੍ਹੇ ਨੂੰ ਸੂਬੇ ਵਿੱਚ ਪਹਿਲੇ ਸਥਾਨ ਤੱਕ ਪਹੁੰਚਾਉਣ ਲਈ ਤਾਲਮੇਲ ਨਾਲ ਯਤਨ ਕਰਨ ਦੇ ਨਿਰਦੇਸ਼ ਦਿੱਤੇ ਹਨ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਹੋਈ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਵਿੱਚ ਐਚ ਪੀ ਵੀ ਟੀਕਾਕਰਨ ਦੀ ਪ੍ਰਗਤੀ ਅਤੇ ਕਵਰੇਜ ਦੀ ਸਮੀਖਿਆ ਕੀਤੀ ਗਈ। ਮੀਟਿੰਗ ਵਿੱਚ ਸਿਵਲ ਸਰਜਨ ਡਾ. ਮਨਦੀਪ ਕਮਲ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸੀਮਾ ਗਰਗ, ਸਾਰੇ ਐਸ ਐਮ ਓ, ਸਿੱਖਿਆ ਵਿਭਾਗ ਦੇ ਨੁਮਾਇੰਦੇ ਅਤੇ ਹੋਰ ਅਧਿਕਾਰੀ ਮੌਜੂਦ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੀ ਇਹ ਉਪਲਬੱਧੀ ਸਿਹਤ ਵਿਭਾਗ, ਸਿੱਖਿਆ ਵਿਭਾਗ ਅਤੇ ਹੋਰ ਸਹਿਯੋਗੀ ਵਿਭਾਗਾਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਐਚ ਪੀ ਵੀ ਟੀਕੇ ਸਬੰਧੀ ਕਿਸੇ ਵੀ ਤਰ੍ਹਾਂ ਦੀ ਅਫਵਾਹ ਜਾਂ ਭਰਮ 'ਤੇ ਵਿਸ਼ਵਾਸ ਨਾ ਕੀਤਾ ਜਾਵੇ। ਸਿਵਲ ਸਰਜਨ ਡਾ. ਮਨਦੀਪ ਕਮਲ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਸਰਵਾਈਕਲ ਕੈਂਸਰ ਦੀ ਰੋਕਥਾਮ ਲਈ ਐਚ ਪੀ ਵੀ ਟੀਕਾਕਰਨ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸੀਮਾ ਗਰਗ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਬੀਣੇਵਾਲ ਪਹਿਲੇ, ਮੰਡ ਮੰਡੇਰ ਦੂਜੇ ਅਤੇ ਬੁੱਡਾਬੜ੍ਹ ਤੀਜੇ ਸਥਾਨ 'ਤੇ ਰਿਹਾ।

# ਐੱਸ ਡੀ ਐੱਮ ਲਵਪ੍ਰੀਤ ਔਲਖ ਦਾ ਸਨਮਾਨਤ



ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)-ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਟਾਂਡਾ ਸ੍ਰੀ ਹਰਗੋਬਿੰਦਪੁਰ ਰੋਡ ਦੇ ਮੁੱਖ ਸੇਵਾਦਾਰ ਬਾਬਾ ਸੁਖਦੇਵ ਸਿੰਘ ਬੇਦੀ 16ਵੀਂ ਸੰਤਾਨ ਸ੍ਰੀ ਗੁਰੂ ਨਾਨਕ ਦੇਵ ਜੀ ਅੰਸ-ਵੰਸ ਦਰਬਾਰ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਨੇ ਉਪ ਮੰਡਲ ਮੈਜਿਸਟਰੇਟ ਟਾਂਡਾ ਅਫਸਰ ਲਵਪ੍ਰੀਤ ਸਿੰਘ ਔਲਖ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਇਸ ਮੌਕੇ ਸਨਮਾਨ ਕਰਦੇ ਹੋਏ ਬਾਬਾ ਸੁਖਦੇਵ ਸਿੰਘ ਬੇਦੀ ਨੇ ਕਿਹਾ ਕਿ ਨੌਜਵਾਨ ਅਫਸਰ ਐਸ ਡੀ ਐਮ ਟਾਂਡਾ ਲਵਪ੍ਰੀਤ ਸਿੰਘ ਔਲਖ ਵੱਲੋਂ ਇਲਾਕੇ ਅੰਦਰ ਬਹੁਤ ਹੀ ਵਧੀਆ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਇਸ ਮੌਕੇ ਬਾਬਾ ਬੇਦੀ ਨੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਵੱਲੋਂ ਧਾਰਮਿਕ ਸਮਾਜਿਕ ਅਤੇ ਸਿਹਤ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ ਦੀ ਸਬੰਧੀ ਐਸ ਡੀ ਐਮ ਲਵਪ੍ਰੀਤ ਔਲਖ ਨਾਲ ਸਾਂਝੀਆਂ ਕੀਤੀਆਂ ਅਤੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਉਤਸਵ, ਬੇਦੀ ਕੁਲ ਦੇ ਰੱਖਿਅਕ ਬਾਬਾ ਸ੍ਰੀ ਚੰਦ ਜੀ ਦਾ ਪ੍ਰਕਾਸ਼ ਉਤਸਵ ਹਰ ਸਾਲ ਮਨਾਉਣ ਤੋਂ ਇਲਾਵਾ ਹਰ ਮਹੀਨੇ ਪੂਰਨਮਾਸ਼ੀ ਦਾ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ ਇਸ ਤੋਂ ਇਲਾਵਾ ਸਮੇਂ-ਸਮੇਂ ਤੇ ਗੁਰਦੁਆਰਾ ਸਾਹਿਬ ਵਿਖੇ ਸ਼ਰਧਾਲੂਆਂ ਤੇ ਲੋੜਵੰਦਾਂ ਦੀ ਸਹੂਲਤ ਲਈ ਮੁਫਤ ਮੈਡੀਕਲ ਚੈੱਕ ਅਪ ਕੈਂਪ ਵੀ ਲਗਾਏ ਜਾਂਦੇ ਹਨ।ਬਾਬਾ ਬੇਦੀ ਜੀ ਨੇ ਦੱਸਿਆ ਕਿ ਮੁਫਤ ਲਗਾਏ ਜਾਂਦੇ ਚੈੱਕ ਅਪ ਕੈਂਪਾਂ ਦੀ ਲੜੀ ਤਹਿਤ 27 ਜੂਨ ਨੂੰ ਗੁਰਦੁਆਰਾ ਗੁਰੂ ਨਾਨਕ ਦਰਬਾਰ ਟਾਂਡਾ ਵਿਖੇ ਲੋਕ ਸੇਵਾ ਸੋਸਾਇਟੀ ਤੇ ਵਰਲਡ ਕੈਂਸਰ ਕੇਅਰ ਸੰਸਥਾ ਦੇ ਸਹਿਯੋਗ ਨਾਲ ਇੱਕ ਦਿਨਾ ਮੁਫਤ ਚੈੱਕ ਅਪ ਕੈਂਪ ਲਗਾਇਆ ਜਾ ਰਿਹਾ ਤੇ ਉਹਨਾਂ ਦੱਸਿਆ ਕਿ 27 ਜੂਨ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਲਗਾਏ ਜਾਣਗੇ। ਇਸ ਮੌਕੇ ਉਹਨਾਂ ਤੋਂ ਇਲਾਵਾ ਸੁਪਰਡੈਂਟ ਸੁਖਵਿੰਦਰ ਸਿੰਘ ਓਡਰਾ,ਪ੍ਰਧਾਨ ਨਾਜਰ ਸਿੰਘ ਸਹਿਬਾਜ਼ਪੁਰ, ਲਖਵੀਰ ਸਿੰਘ, ਸਰਬਜੀਤ ਸਿੰਘ ਆਦਿ ਵੀ ਮੌਜੂਦ ਸਨ।

# ਵਿਧਾਇਕ ਵੱਲੋਂ ਪੰਚਾਇਤ ਨੂੰ 5 ਲੱਖ ਦੀ ਗ੍ਰਾਂਟ ਰਾਸ਼ੀ ਦਾ ਚੈੱਕ ਭੇਟ



ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)-ਹਲਕਾ ਵਿਧਾਇਕ ਦਿਨੇਸ਼ ਚੱਢਾ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚੜ੍ਹਾਉਣ ਲਈ ਲਗਾਤਾਰ ਗ੍ਰਾਂਟਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਪਿੰਡ ਲਾਲਪੁਰ ਦੀ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਪ੍ਰਦਾਨ ਕੀਤੀ ਗਈ। ਗ੍ਰਾਂਟ ਮਨਜ਼ੂਰੀ ਦਾ ਪੱਤਰ ਜ਼ਿਲ੍ਹਾ ਪਰਿਸ਼ਦ ਮੈਂਬਰ ਦੇਸ਼ਰਾਜ ਸੈਣੀ ਅਤੇ ਸੰਮਤੀ ਮੈਂਬਰ ਸਤਨਾਮ ਸਿੰਘ ਨਾਗਰਾ ਵੱਲੋਂ ਪੰਚਾਇਤ ਨੂੰ ਸਮੂਹਿਕ ਤੌਰ 'ਤੇ ਭੇਟ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਦਿਨੇਸ਼ ਚੱਢਾ ਦੀ ਅਗਵਾਈ ਹੇਠ ਪੇਂਡੂ ਖੇਤਰਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਕਾਸ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ। ਉਨ੍ਹਾਂ ਦੱਸਿਆ ਕਿ ਇਹ ਗ੍ਰਾਂਟ ਪਿੰਡ ਦੀਆਂ ਗਲੀਆਂ-ਨਾਲੀਆਂ, ਸਫਾਈ ਪ੍ਰਬੰਧ, ਜਨਤਕ ਸਹੂਲਤਾਂ ਅਤੇ ਹੋਰ ਵਿਕਾਸ ਕਾਰਜਾਂ 'ਤੇ ਖਰਚ ਕੀਤੀ ਜਾਵੇਗੀ ਜਿਸ ਨਾਲ ਪਿੰਡ ਵਾਸੀਆਂ ਨੂੰ ਸਿੱਧਾ ਲਾਭ ਮਿਲੇਗਾ। ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਇਸ ਗ੍ਰਾਂਟ ਲਈ ਵਿਧਾਇਕ ਦਿਨੇਸ਼ ਚੱਢਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਰਾਸ਼ੀ ਨਾਲ ਪਿੰਡ ਦੇ ਲੰਬੇ ਸਮੇਂ ਤੋਂ ਲਟਕਦੇ ਵਿਕਾਸ ਕਾਰਜਾਂ ਨੂੰ ਨੇਪਰੇ ਚੜ੍ਹਾਉਣ ਵਿੱਚ ਮਦਦ ਮਿਲੇਗੀ ।ਇਸ ਮੌਕੇ ਸਰਪੰਚ ਧੰਨਰਾਜ, ਰਾਜਪਾਲ ਸੋਨਾ, ਪਰਵਿੰਦਰ ਸਿੰਘ ਵਿੱਕੀ, ਸੁੱਚਾ ਸਿੰਘ ਮੱਲੀ, ਚੇਅਰਮੈਨ ਹਰੀ ਰਾਣਾ, ਰਮੇਸ਼ ਚੰਦ ਫੌਜੀ, ਬਿੰਦਰੀ ਪੰਚ, ਮਹਿੰਦਰ ਸਿੰਘ ਮੈਹਰ, ਰਾਮਪਾਲ ਫੌਜੀ, ਦੇਬੀ ਮੈਹਰ, ਸੰਮਤੀ ਮੈਂਬਰ ਸੁਭਾਸ਼ ਸਿੰਘ ਧਾਮੀ, ਸ਼ਿੰਦਾ ਪੀਤੀ, ਧਰਮਪਾਲ, ਬੱਬੂ ਦੁਆਬੜੀਆ, ਪੰਚ ਭੱਜਾ ਲਿਆਣਾ, ਮਹਿੰਦਰ ਰਾਣਾ, ਲਾਡੀ ਪੰਚ , ਕੁਲਵੰਤ ਪੰਚ, ਸ਼ਾਮ ਲਾਲ ਪੰਚ, ਰਿੰਕੂ ਪੰਚ, ਨੰਦ ਲਾਲ ਪ੍ਰਧਾਨ ਛਿੰਝ ਕਮੇਟੀ ਆਦਿ ਹਾਜ਼ਰ ਸਨ।

# ਅੱਖਾਂ ਦਾ ਫਰੀ ਚੈੱਕਅੱਪ ਕੈਂਪ ਲਗਾਇਆ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਸੰਤ ਬੇਦੀ ਫੈਮਲੀ ਵੱਲੋਂ ਸੰਤ ਗੁਰਦਿਆਲ ਸਿੰਘ ਬੇਦੀ ਦੀ ਯਾਦ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਖਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਸਾਬਕਾ ਸਾਂਸਦ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ। ਸਥਾਨਕ ਹੋਲੀ ਸਿਟੀ ਹੋਟਲ ਦੇ ਵੱਡੇ ਹਾਲ ਵਿੱਚ ਲਗਾਏ ਗਏ ਇਸ ਅੱਖਾਂ ਦੇ ਮੁਫਤ ਚੈਕਅਪ ਕੈਂਪ ਵਿੱਚ ਡਾ. ਜਰਨੈਲ ਸਿੰਘ ਅਤੇ ਸਹਾਇਕ ਡਾਕਟਰ ਰਣਦੀਪ ਸਿੰਘ ਰਿੰਕੂ ਦੀ ਟੀਮ ਵੱਲੋਂ 700 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਕੇ ਉਨ੍ਹਾਂ ਨੂੰ ਮੁਫਤ ਵਿੱਚ ਐਨਕਾਂ ਵੰਡੀਆ। ਮੁੱਖ ਮਹਿਮਾਨ ਸਾਬਕਾ ਸਾਂਸਦ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਇਸ ਮੌਕੇ ਬੇਦੀ ਫੈਮਲੀ ਵੱਲੋਂ ਆਪਣੇ ਬਜ਼ੁਰਗ ਸਵਰਗਵਾਸੀ ਸੰਤ ਬਾਬਾ ਗੁਰਦਿਆਲ ਸਿੰਘ ਬੇਦੀ ਦੀ ਯਾਦ ਵਿੱਚ ਲਗਾਏ ਗਏ ਅੱਖਾਂ ਦੇ ਮੁਫਤ ਚੈਕਅਪ ਕੈਂਪ ਦੀ ਜਿਥੇ ਸ਼ਲਾਘਾ ਕੀਤੀ, ਉੱਥੇ ਹੀ ਉਹਨਾਂ ਬਾਬਾ ਬੇਦੀ ਦੇ ਸਪੁੱਤਰ ਸਾਬਕਾ ਕੌਂਸਲਰ ਇੰਦਰਜੀਤ ਸਿੰਘ ਬੇਦੀ ਵੀ ਸ਼ਲਾਘਾ ਕੀਤੀ ਕਿ ਉਹਨਾਂ ਵੱਲੋਂ ਬਜ਼ੁਰਗਾਂ ਦੀ ਵਿਰਾਸਤ ਨੂੰ ਬਹੁਤ ਵਧੀਆ ਤਰੀਕੇ ਨਾਲ ਅੱਗੇ ਤੋਰਿਆ ਜਾ ਰਿਹਾ ਹੈ ਅਤੇ ਉਹਨਾਂ ਦੀ ਤਰ੍ਹਾਂ ਹੀ ਸਮਾਜ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ। ਇਸ ਮੌਕੇ ਹਕੀਮ ਹਰਮਿੰਦਰ ਪਾਲ ਸਿੰਘ ਮਿਨਹਾਸ, ਬਾਬਾ ਸ਼ਮਸ਼ੇਰ ਸਿੰਘ ਜਗੇੜੇ ਵਾਲੇ, ਡਾਕਟਰ ਦਵਿੰਦਰ ਦੀਵਾਨ, ਕਾਮਰੇਡ ਸੁਰਜੀਤ ਸਿੰਘ ਢੇਰ, ਐਡਵੋਕੇਟ ਸਚਿਨ ਕੌਸ਼ਲ, ਪ੍ਰੋਫੈਸਰ ਹਰਪ੍ਰੀਤ ਸਿੰਘ, ਪਰਮਜੀਤ ਸਿੰਘ ਪੰਮਾ, ਇੰਦਰਜੀਤ ਸਿੰਘ ਲੱਕੀ, ਜਸਵਿੰਦਰ ਸਿੰਘ ਸੋਨੂੰ, ਹਰਭਜਨ ਸਿੰਘ ਯੋਗੀ, ਕ੍ਰਿਸ਼ਨ ਕੁਮਾਰ ਅੱਤਰੀ, ਵਿਨੋਦ ਕੁਮਾਰ ਬੱਬੂ ਪੰਡਿਤ, ਹਰਮਨਦੀਪ ਸਿੰਘ ਭੁੱਲਰ, ਜਸਵੰਤ ਸਿੰਘ ਲਾਟੀ, ਸੁਰਿੰਦਰ ਸਿੰਘ ਬੱਤਰਾ, ਅਸ਼ਵਨੀ ਧੀਮਾਨ, ਨਿਰਮਲ ਸਿੰਘ ਸੁਮਨ, ਅਜੀਤ ਸਿੰਘ, ਜਗਤਾਰ ਸਿੰਘ ਜੇਈ, ਵਿਕਾਸ ਕੁਮਾਰ ਵਿੱਕੀ ਪੰਡਿਤ, ਰਕੇਸ਼ ਕੁਮਾਰ ਚੱਢਾ, ਹਰੀ ਸਿੰਘ ਪੰਜ ਪਿਆਰਾ, ਪਰਮਿੰਦਰ ਸਿੰਘ ਸਚਦੇਵਾ, ਮਨੀਸ਼ ਕੁਮਾਰ ਤੋਂ ਇਲਾਵਾ ਬਹੁਤ ਵੱਡੀ ਗਿਣਤੀ ਵਿੱਚ ਇਲਾਕੇ ਭਰ ਤੋਂ ਆਏ ਮਰੀਜ਼ ਹਾਜ਼ਰ ਸਨ।

## 8 ਜੁਲਾਈ ਤੱਕ ਹਥਿਆਰ ਲੈ ਕੇ ਚੱਲਣ 'ਤੇ ਮਨਾਹੀ



ਹੁਸ਼ਿਆਰਪੁਰ ( ਬਲਵੀਰ ਸਿੰਘ ਸੈਣੀ )-ਨਗਰ ਨਿਗਮ ਚੋਣਾਂ 2026 ਦੇ ਮੱਦੇਨਜਰ ਅਮਨ ਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਨਗਰ ਨਿਗਮ ਹੁਸ਼ਿਆਰਪੁਰ ਦੀ ਹਦੂਦ ਅੰਦਰ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਨਗਰ ਨਿਗਮ ਹੁਸ਼ਿਆਰਪੁਰ ਦੀ ਹਦੂਦ ਅੰਦਰ ਕਿਸੇ ਵੀ ਕਿਸਮ ਦਾ ਲਾਇਸੰਸੀ ਅਸਲਾ/ਹਥਿਆਰ, ਵਿਸਫੋਟਕ ਸਮੱਗਰੀ, ਕਿਰਪਾਨ, ਕਿਰਚਾਂ, ਭਾਲੇ, ਟੋਕੇ, ਚਾਕੂ ਆਦਿ, ਜਿਸ ਦੀ ਵਰਤੋਂ ਅਮਨ ਅਤੇ ਸ਼ਾਂਤੀ ਭੰਗ ਕਰਨ ਲਈ ਕੀਤੀ ਜਾ ਸਕਦੀ ਹੈ, ਨੂੰ 8 ਜੁਲਾਈ 2026 ਤੱਕ ਲੈ ਕੇ ਚੱਲਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਆਰਮੀ ਪਰਸੋਨਲ, ਪੈਰਾ ਮਿਲਟਰੀ ਫੋਰਸ, ਪੁਲਿਸ ਕਰਮਚਾਰੀਆਂ, ਬੈਂਕ ਸੁਰੱਖਿਆ ਗਾਰਡ, ਫੈਕਟਰੀ ਦੇ ਸਕਿਉਰਿਟੀ ਗਾਰਡ, ਪੈਟਰੋਲ ਪੰਪ ਮਾਲਕਾਂ, ਮਨੀ ਐਕਸਚੇਂਜ ਦੇ ਮਾਲਕ, ਜਿਊਲਰਜ਼ ਸ਼ਾਪ ਦੇ ਮਾਲਕ, ਸਪੋਰਟਸ ਪਰਸਨ (ਉਹ ਸ਼ੂਟਰ ਜੋ ਨੈਸ਼ਨਲ ਰਾਈਫ਼ਲ ਐਸੋਸੀਏਸ਼ਨ ਦੇ ਮੈਂਬਰ ਹੋਣ ਅਤੇ ਕਿਸੇ ਈਵੈਂਟ ਵਿਚ ਭਾਗ ਲੈ ਰਹੇ ਹੋਣ), ਉਹ ਵਿਅਕਤੀ ਜਿਨ੍ਹਾਂ ਨੂੰ ਜ਼ੈੱਡ ਸਕਿਊਰਿਟੀ ਮਿਲੀ ਹੋਵੇ ਜਾਂ ਜਿਨ੍ਹਾਂ ਨੂੰ ਮਾਨਯੋਗ ਅਦਾਲਤ ਵੱਲੋਂ ਨਿੱਜੀ ਸੁਰੱਖਿਆ ਪ੍ਰਦਾਨ ਕੀਤੀ ਗਈ ਹੋਵੇ, 'ਤੇ ਲਾਗੂ ਨਹੀਂ ਹੋਵੇਗਾ।

# ਬਣ ਰਹੀ ਅਹਿਮ ਸੜਕ ਦਾ ਡਾ. ਇਸ਼ਾਂਕ ਕੁਮਾਰ ਨੇ ਲਿਆ ਜਾਇਜ਼ਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਭੁੱਲੇਵਾਲ ਗੁੱਜਰਾਂ ਪਿੰਡ ਵਿਚ ਬਣ ਰਹੀ ਸੜਕ ਦੇ ਚਲਦੇ ਨਿਰਮਾਣ ਕਾਰਜ ਦਾ ਜਾਇਜ਼ਾ ਲਿਆ। ਹੁਸ਼ਿਆਰਪੁਰ-ਮਾਹਿਲਪੁਰ ਰੋਡ ਤੋਂ ਸਿੰਘਪੁਰ, ਚਾਨਥੂ ਬ੍ਰਾਹਮਣਾ, ਕਾਲੇਵਾਲ ਭਗਤਾਂ ਅਤੇ ਭੁੱਲੇਵਾਲ ਗੁੱਜਰਾਂ ਰਾਹੀਂ ਮਾਹਿਲਪੁਰ-ਜੈਜੋਂ ਰੋਡ ਨਾਲ ਜੋੜਨ ਵਾਲੀ 8.05 ਕਿਲੋਮੀਟਰ ਲੰਬੀ ਇਸ ਸੜਕ ਦਾ ਨਿਰਮਾਣ ?7.28 ਕਰੋੜ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ। ਇਸ ਮੌਕੇ 'ਤੇ ਭੁੱਲੇਵਾਲ ਗੁੱਜਰਾਂ ਵਿਖੇ ਪਹੁੰਚ ਕੇ ਡਾ. ਇਸ਼ਾਂਕ ਕੁਮਾਰ ਨੇ ਕੰਮ ਦੀ ਪ੍ਰਗਤੀ ਅਤੇ ਵਰਤੇ ਜਾ ਰਹੇ ਮਟੀਰੀਅਲ ਦੀ ਗੁਣਵੱਤਾ ਦੀ ਜਾਂਚ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਜਾਂ ਕੁਤਾਹੀ ਨਾ ਵਰਤੀ ਜਾਵੇ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਇਹ ਸੜਕ ਦਰਜਨਾਂ ਪਿੰਡਾਂ ਦੇ ਲੋਕਾਂ ਲਈ ਆਵਾਜਾਈ ਨੂੰ ਹੋਰ ਸੁਖਾਲਾ ਬਣਾਏਗੀ ਅਤੇ ਇਲਾਕੇ ਦੀ ਕਨੈਕਟੀਵਿਟੀ ਨੂੰ ਮਜ਼ਬੂਤ ਕਰੇਗੀ। ਇਸ ਮੌਕੇ ਚਰਨਜੀਤ ਬੰਟੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਲੱਡੂ ਮੈਲੀ, ਮਿੰਟੂ ਕਾਲੇਵਾਲ ਭਗਤਾਂ, ਸੰਦੀਪ ਗੋਗੜੋਂ, ਭੁੱਲੇਵਾਲ ਗੁੱਜਰਾਂ ਸਰਪੰਚ ਸੁਰਿੰਦਰ ਕੌਰ, ਭੋਲੀ, ਭਿੰਦਾ, ਗੋਪੀ, ਗੋਗੜੋਂ ਸਰਪੰਚ ਸੁਰਿੰਦਰ ਸਿੰਘ, ਦਿਲਪ੍ਰੀਤ ਐਕਸੀਅਨ ਮੰਡੀ ਬੋਰਡ ਆਦਿ ਹਾਜ਼ਰ ਸਨ।

## ਨਸ਼ੇ ਵਾਲੀਆਂ ਗੋਲੀਆਂ ਸਮੇਤ ਔਰਤ ਤੇ ਵਿਅਕਤੀ ਗ੍ਰਿਫ਼ਤਾਰ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ) ਟਾਂਡਾ ਪੁਲਿਸ ਨੇ ਇੱਕ ਔਰਤ ਤੇ ਵਿਅਕਤੀ ਨੂੰ 113 ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜ਼ਿਲਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਡੀ ਐਸ ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਏ ਐਸ ਆਈ ਲੋਕ ਰਾਮ ਦੀ ਟੀਮ ਵੱਲੋਂ ਬਸਤੀ ਬੋਹੜਾ ਮਿਆਣੀ ਰੋਡ ਤੇ ਪੈਦਲ ਆ ਰਹੇ ਔਰਤ ਤੇ ਮਰਦ ਨੂੰ ਸ਼ੱਕ ਦੇ ਅਧਾਰ ਤੇ ਰੋਕਿਆ ਜਿਨਾਂ ਦੀ ਪਹਿਛਾਣ ਮਨਜਿੰਦਰ ਸਿੰਘ ਪੁੱਤਰ ਸਰਦਾਰ ਸਿੰਘ ਵਾਸੀ ਵਾਰਡ ਨੰਬਰ 6 ਮਿਆਣੀ ਅਤੇ ਨੀਤੂੰ ਉਰਫ ਨਿਸ਼ਾ ਵਾਸੀ ਪਿੰਡ ਰਾਜ ਧਨ ਵਜੋਂ ਹੋਈ ਅਤੇ ਉਕਤ ਦੋਨਾਂ ਪਾਸੋਂ ਟਾਂਡਾ ਪੁਲਿਸ ਨੇ 113 ਨਸ਼ੇ ਵਾਲੀਆਂ ਗੋਲੀਆਂ ਬਰਾਮਦ ਕਰਕੇ ਐਨ ਡੀ ਪੀ ਐਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੁਫ਼ਤ ਡਾਕਟਰੀ ਕੈਂਪ



ਬੰਗਾ (ਅਵਤਾਰ ਕਲੇਰ)- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਥਾਇਰਾਇਡ ਅਤੇ ਸ਼ੂਗਰ ਦੀ ਜਾਂਚ ਲਈ ਮੁਫ਼ਤ ਚੈੱਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਵਿਚ 126 ਤੋਂ ਵੱਧ ਮਰੀਜ਼ਾਂ ਨੇ ਆਪਣੇ ਟੈਸਟ ਕਰਵਾਏ ਅਤੇ ਮਾਹਿਰ ਡਾਕਟਰਾਂ ਤੋਂ ਸਿਹਤ ਸੰਬੰਧੀ ਸਲਾਹ ਪ੍ਰਾਪਤ ਕੀਤੀ।ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਦੱਸਿਆ ਕਿ ਇਲਾਕੇ ਦੇ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਹਸਪਤਾਲ ਵੱਲੋਂ ਸਮੇਂ-ਸਮੇਂ 'ਤੇ ਮੁਫਤ ਸਿਹਤ ਜਾਂਚ ਕੈਂਪ ਲਗਾਏ ਜਾਂਦੇ ਹਨ । ਉਨ੍ਹਾਂ ਕਿਹਾ ਕਿ ਅੱਜ ਹਸਪਤਾਲ ਦੇ ਮੈਡੀਕਲ ਮਾਹਿਰ ਡਾ. ਵਿਵੇਕ ਗੁੰਬਰ ਦੀ ਅਗਵਾਈ ਅਤੇ ਪੈਥਾਲੋਜਿਸਟ ਡਾ. ਰਾਹੁਲ ਗੋਇਲ ਦੀ ਨਿਗਰਾਨੀ ਹੇਠ ਲਗਾਇਆ ਗਿਆ। ਇਸ ਮੌਕੇ ਡਾ. ਜਸਦੀਪ ਸਿੰਘ ਸੈਣੀ ਮੈਡੀਕਲ ਸੁਪਰਡੈਂਟ, ਡਾ. ਸ਼ਵੇਤਾ ਬਗੜੀਆ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਰਾਜ ਰਾਣੀ ਇੰਚਾਰਜ ਲੈਬ, ਰਜਨਦੀਪ ਕੌਰ ਟੈਕਨੀਸ਼ੀਅਨ, ਜਸਪ੍ਰੀਤ ਕੌਰ ਟੈਕਨੀਸ਼ੀਅਨ ਸਮੇਤ ਗੁਰੂ ਨਾਨਕ ਮਿਸ਼ਨ ਹਸਪਤਾਲ ਦਾ ਸਮੂਹ ਸਟਾਫ ਅਤੇ ਗੁਰੂ ਨਾਨਕ ਕਾਲਜ ਆਫ ਨਰਸਿੰਗ ਦੇ ਵਿਦਿਆਰਥੀ ਵੀ ਹਾਜ਼ਰ ਸੀ।

## ਡਾਕਟਰ ਹਰਪਾਲ ਸਿੰਘ ਨੇ ਨਾਮਜ਼ਦਗੀ ਪੱਤਰ ਭਰੇ



ਹੁਸ਼ਿਆਰਪੁਰ ( ਬਲਵੀਰ ਸਿੰਘ ਸੈਣੀ ) - ਸ਼੍ਰੋਮਣੀ ਅਕਾਲੀ ਦਲ ਵਾਰਡ ਨੰਬਰ 40 ਤੋਂ ਵੱਡੀ ਜਿੱਤ ਪ੍ਰਾਪਤ ਕਰੇਗਾ। ਇਹ ਪ੍ਰਗਟਾਵਾ ਅਕਾਲੀ ਨੇਤਾ ਹਰਜੀਤ ਸਿੰਘ ਮਠਾਰੂ ਨੇ ਬੁੱਧਵਾਰ ਨੂੰ ਸਮਾਜ ਸੇਵੀ ਡਾਕਟਰ ਹਰਪਾਲ ਸਿੰਘ ਦੇ ਨਾਮਜ਼ਦਗੀ ਪੱਤਰ ਦਾਖ਼ਲ ਕਰਵਾਉਣ ਮੌਕੇ ਕੀਤਾ। ਹਰਜੀਤ ਸਿੰਘ ਮਠਾਰੂ ਨੇ ਕਿਹਾ ਕਿ ਵਾਰਡ ਨੰਬਰ 40 ਪਛੜੀਆਂ ਸ਼੍ਰੇਣੀਆਂ ਨਾਲ ਸਬੰਧਿਤ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਪਛੜੀਆਂ ਸ਼੍ਰੇਣੀਆਂ ਨੂੰ ਉਨ੍ਹਾਂ ਦਾ ਬਣਦਾ ਮਾਣ-ਸਤਿਕਾਰ ਦਿੱਤਾ ਹੈ। ਇਸੇ ਕਰਕੇ ਇਸ ਵਾਰ ਇਸ ਵਾਰਡ ਦੇ ਲੋਕ ਅਕਾਲੀ ਦਲ ਦੇ ਹੱਕ ਵਿੱਚ ਫਤਵਾ ਦੇਣਗੇ। ਉਨ੍ਹਾਂ ਹਲਕਾ ਇੰਚਾਰਜ ਹੋਸ਼ਿਆਰਪੁਰ ਸੰਜੀਵ ਤਲਵਾੜ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਇੱਕ ਜ਼ਮੀਨ ਨਾਲ ਜੁੜੇ ਹੋਏ ਸੱਚੇ ਸਮਾਜ ਸੇਵੀ ਨੂੰ ਟਿਕਟ ਦੇ ਕੇ ਇਸ ਵਾਰਡ ਤੋਂ ਪਾਰਟੀ ਦੀ ਜਿੱਤ ਯਕੀਨੀ ਬਣਾਈ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਲਾਲੀ ਬਾਜਵਾ (ਜ਼ਿਲ੍ਹਾ ਪ੍ਰਧਾਨ ਸ਼ਹਿਰੀ), ਸੰਜੀਵ ਤਲਵਾੜ (ਹਲਕਾ ਇੰਚਾਰਜ), ਵਰਿੰਦਰ ਸਿੰਘ (ਜਨਰਲ ਸਕੱਤਰ) ਅਤੇ ਸ਼੍ਰੋਮਣੀ ਅਕਾਲੀ ਦਲ ਦੇ ਹੋਰ ਪ੍ਰਮੁੱਖ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਮੌਨਸੂਨ ਦੌਰਾਨ ਗੈਸ ਸਪਲਾਈ ਦੇ ਕੀਤੇ ਖਾਸ ਪ੍ਰਬੰਧ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਤੇਲ ਮੰਤਰਾਲੇ ਦੀਆਂ ਹਦਾਇਤਾਂ ਅਨੁਸਾਰ ਬਰਸਾਤੀ ਮੌਸਮ ਦੌਰਾਨ ਘਰੇਲੂ ਗੈਸ ਸਪਲਾਈ ਨੂੰ ਸੁਚਾਰੂ ਬਣਾਈ ਰੱਖਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਖਪਤਕਾਰ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਢਿੱਲੋਂ ਗੈਸ ਏਜੰਸੀ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਬੰਧਕ ਜਸਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਸੰਸਥਾ ਵੱਲੋਂ ਗੈਸ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਨਾ ਤਾਂ ਕੋਵਿਡ ਮਹਾਂਮਾਰੀ ਦੇ ਸਮੇਂ ਗੈਸ ਦੀ ਕੋਈ ਕਮੀ ਆਉਣ ਦਿੱਤੀ ਗਈ ਸੀ ਅਤੇ ਨਾ ਹੀ ਇਰਾਨ ਨਾਲ ਜੁੜੇ ਅੰਤਰਰਾਸ਼ਟਰੀ ਤਣਾਅ ਦੇ ਸਮੇਂ ਖਪਤਕਾਰਾਂ ਨੂੰ ਕਿਸੇ ਤਰ੍ਹਾਂ ਦੀ ਘਾਟ ਮਹਿਸੂਸ ਹੋਣ ਦਿੱਤੀ ਗਈ। ਉਨ੍ਹਾਂ ਭਰੋਸਾ ਦਿਵਾਇਆ ਕਿ ਅੱਗੇ ਵੀ ਗੈਸ ਸਪਲਾਈ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਜਸਵਿੰਦਰ ਸਿੰਘ ਢਿੱਲੋਂ ਨੇ ਉਨ੍ਹਾਂ ਖਪਤਕਾਰਾਂ ਨੂੰ ਵੀ ਅਪੀਲ ਕੀਤੀ ਜਿਨ੍ਹਾਂ ਦੇ ਖਾਤੇ ਕੇ ਵਾਈ ਸੀ ਨਾ ਹੋਣ ਕਾਰਨ ਬੰਦ ਹੋ ਚੁੱਕੇ ਹਨ ਕਿ ਉਹ ਤੁਰੰਤ ਗੈਸ ਏਜੰਸੀ ਨਾਲ ਸੰਪਰਕ ਕਰਕੇ ਆਪਣੀ ਕੇਵਾਈਸੀ ਪੂਰੀ ਕਰਵਾਉਣ ਅਤੇ ਖਾਤਾ ਮੁੜ ਚਾਲੂ ਕਰਵਾਉਣ।

# ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਨੇ ਡੀ ਸੀ ਨੂੰ ਮੁੱਖ ਮੰਤਰੀ ਦੇ ਨਾਂਅ 'ਤੇ ਮੰਗ ਪੱਤਰ ਦਿੱਤਾ



ਜਲੰਧਰ ( ਲਖਵਿੰਦਰ ਸਿੰਘ ਆਧੀ)-ਸਕੂਲਾਂ ਅੰਦਰ ਖਾਣਾ ਬਣਾਉਣ ਵਾਲੀਆਂ ਮਹਿਲਾਵਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਮਿੱਡ ਡੇ ਮੀਲ ਵਰਕਰਜ਼ ਯੂਨਅਨ ਵਲੋਂ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਅਤੇ ਸਰਕਾਰ ਵਲੋਂ ਕੀਤੇ ਜਾ ਰਹੇ ਆਰਥਿਕ ਅਤੇ ਮਾਨਸਿਕ ਸ਼ੋਸ਼ਣ ਖਿਲਾਫ ਸੰਘਰਸ਼ ਕੀਤਾ ਜਾ ਰਿਹਾ ਹੈ। ਸੂਬਾਈ ਜੱਥੇਬੰਦੀ ਵਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ ਬੁੱਧਵਾਰ ਨੂੰ ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਵਲੋਂ ਸਿਮਰਨਜੀਤ ਪਾਸਲਾ ਦੀ ਅਗਵਾਈ ਵਿੱਚ ਜਨਰਲ ਏ ਡੀ ਸੀ ਜਲੰਧਰ ਸ਼੍ਰੀ ਮਤੀ ਅਮਨਿੰਦਰ ਕੌਰ ਬਰਾੜ ਨੂੰ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੇ ਨਾਂ 'ਤੇ ਮਿੱਡ ਡੇ ਮੀਲ ਵਰਕਰਾਂ ਦੀਆਂ ਮੰਗਾਂ ਸੰਬੰਧੀ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਅਤੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਜਦੋਂ ਤੋਂ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹੋਂਦ ਵਿੱਚ ਆਈ ਹੈ ਉਦੋਂ ਤੋਂ ਹੀ ਪਿਛਲੀਆਂ ਸਰਕਾਰਾਂ ਤੋਂ ਵੀ ਤੇਜ਼ੀ ਨਾਲ ਮੁਲਾਜ਼ਮ ਵਿਰੋਧੀ ਨੀਤੀਆਂ ਲਾਗੂ ਹੋ ਰਹੀਆਂ ਹਨ। ਸੁਖਵਿੰਦਰ ਰਾਮ ਨੇ ਮਿੱਡ ਡੇ ਮੀਲ ਵਰਕਰਾਂ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਿੱਡ ਡੇ ਮੀਲ ਵਰਕਰਾਂ ਨੂੰ ਸਕਿੱਲਡ ਵਰਕਰ ਮੰਨਦੇ ਹੋਏ ਘੱਟੋ-ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ 26000/- ਰੁਪਏ ਪ੍ਰਤੀ ਮਹੀਨਾ ਮਿਹਨਤਾਨਾ ਦਿੱਤਾ ਜਾਵੇ, ਜਦੋਂ ਤੱਕ ਮੰਗ ਨੰ: 1 ਪੂਰੀ ਨਹੀ ਹੁੰਦੀ ਓਦੋਂ ਤੱਕ ਵਰਕਰਾਂ ਨੂੰ ਹਰਿਆਣਾ ਪੈਟਰਨ 'ਤੇ 3500 ਰੁਪਏ 12 ਮਹੀਨੇ ਮਾਣ ਭੱਤਾ ਦਿੱਤਾ ਜਾਵੇ,ਪੰਜਾਬ ਸਰਕਾਰ ਦੀਆਂ ਬਾਕੀ ਮਹਿਲਾ ਮੁਲਾਜ਼ਮਾਂ ਵਾਂਗ ਇਹਨਾਂ ਨੂੰ ਵੀ ਅਚਨਚੇਤ,ਮੈਡੀਕਲ , ਪ੍ਰਸੂਤਾ ਅਤੇ ਕਮਾਈ ਛੁੱਟੀਆਂ ਦਿੱਤੀਆਂ ਜਾਣ,ਅਚਨਚੇਤ ਛੁੱਟੀ ਲੈਣ ਸਮੇਂ ਬਦਲਵਾਂ ਪ੍ਰਬੰਧ ਸਕੂਲ ਮੁਖੀ ਕਰੇ,ਹਰੇਕ ਵਰਕਰ ਦਾ 5 ਲੱਖ ਦਾ ਮੁਫਤ ਜੀਵਨ ਬੀਮਾ ਕੀਤਾ ਜਾਵੇ, ਹਰੇਕ ਵਰਕਰ ਨੂੰ ਗਰਮ ਅਤੇ ਸਰਦ ਰੁੱਤ ਦੀਆਂ ਵਰਦੀਆਂ ਅਤੇ ਪਹਿਚਾਣ ਪੱਤਰ ਦਿੱਤਾ ਜਾਵੇ, ਹਰੇਕ ਸਕੂਲ ਵਿੱਚ ਘੱਟੋ-ਘੱਟ ਦੋ ਵਰਕਰਾਂ ਰੱਖੀਆਂ ਜਾਣ ਅਤੇ ਸਕੂਲਾਂ ਵਿੱਚ ਬੱਚਿਆਂ ਦੀ ਘਟ ਰਹੀ ਗਿਣਤੀ ਨੂੰ ਦੇਖਦਿਆਂ ਹਰੇਕ 15 ਬੱਚਿਆਂ ਮਗਰ ਇੱਕ ਵਰਕਰ ਰੱਖੀ ਜਾਵੇ, ਇਹਨਾਂ ਵਰਕਰਾਂ ਕੋਲੋਂ ਮਿੱਡ ਡੇ ਮੀਲ ਦੇ ਕੰਮ ਤੋਂ ਇਲਾਵਾ ਜ਼ਬਰਦਸਤੀ ਨਾਲ ਹੋਰ ਕੋਈ ਵੀ ਕੰਮ ਨਾ ਲਿਆ ਜਾਵੇ ਇਸ ਸਮੇ ਹੋਰਨਾਂ ਤੋਂ ਇਲਾਵਾ ਪ੍ਰਵੀਨ, ਸਰਬਜੀਤ, ਹਰਪ੍ਰੀਤ ਕੌਰ,ਕੁਲੀਆਂ,ਤਾਰੋ, ਕਮਲਜੀਤ,ਨਿਰਮਲਾ ਦੇਵੀ, ਜਸਵਿੰਦਰ ਕੌਰ,ਕਿਰਨ, ਕਮਲਜੀਤ ਕੌਰ, ਮਨਜੋਤ ਕੌਰ,ਮੀਨਾ ਰਾਣੀ, ਸੰਤੋਸ਼ ਕੁਮਾਰੀ, ਅਮਰਜੀਤ ਕੌਰ,ਰਾਜ ਰਾਣੀ,ਗੀਤਾ ਦੇਵੀ,ਤਾਰੋ, ਮੋਨਿਕਾ, ਕਮਲਜੀਤ ਤੋਂ ਇਲਾਵਾ ਤੀਰਥ ਸਿੰਘ ਬਾਸੀ ਸੁਖਵਿੰਦਰ ਰਾਮ, ਕੁਲਦੀਪ ਸਿੰਘ ਕੌੜਾ,ਰਤਨ ਸਿੰਘ ਆਦਿ ਸਾਥੀ ਹਾਜ਼ਰ ਹੋਏ।

# ਲੋੜਵੰਦ ਔਰਤਾਂ ਨੂੰ ਵੰਡਿਆ ਰਾਸ਼ਨ



ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 21 ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਣ ਲਈ ਇਕ ਵਿਸ਼ੇਸ਼ ਸਮਾਗਮ ਦਾ ਆਯੋਜਨ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਦੀ ਅਗਵਾਈ ਹੇਠ ਸਮਾਜ ਸੇਵਕ ਵਿਨੋਦ ਮੜ੍ਹੀਆ ਦੇ ਉਪਰਾਲੇ ਸਦਕਾ ਕੀਤਾ ਗਿਆ। ਇਸ ਦੌਰਾਨ ਜਲੰਧਰ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਵਿਨੋ ਮੜ੍ਹੀਆ ਨੇ ਰਾਸ਼ਨ ਵੰਡਣ ਦੀ ਸ਼ੁਰੂਆਤ ਕਰਵਾਈ। ਉਹਨਾਂ ਦਾ ਸਾਥ ਸਮਾਜ ਸੇਵਕ ਵੀ.ਪੀ. ਸਿੰਘ ਅਰੋੜਾ ਅਤੇ ਲਵਲੀ ਯੂਨੀਵਰਸਿਟੀ ਦੇ ਸੇਵਾਦਾਰ ਵਿਦਿਆਰਥੀਆਂ ਵਲੋਂ ਦਿੱਤਾ ਗਿਆ। ਮਲਕੀਅਤ ਸਿੰਘ ਰਗਬੋਤਰਾ ਨੇ ਦੱਸਿਆ ਕਿ ਬਲੱਡ ਬੈਂਕ ਵਲੋਂ ਪਿਛਲੇ ਕਰੀਬ 20 ਸਾਲ ਤੋਂ ਰਾਸ਼ਨ ਵੰਡਣ ਦੀ ਇਹ ਸੇਵਾ ਨਿਰਵਿਘਨ ਜਾਰੀ ਹੈ। ਇਸ ਮੌਕੇ ਮੋਹਨ ਲਾਲ ਤਨੇਜਾ, ਸੁਖਵਿੰਦਰ ਸਿੰਘ, ਸੁਧਾ ਬੇਦੀ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਲਈ ਵਚਨਬੱਧ : ਕੰਗ

**ਬੰਗਾ/ਬਲਾਚੌਰ (ਅਵਤਾਰ ਕਲੇਰ, ਜਸਵਿੰਦਰ ਬੈਂਸ)**- ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਰੰਗਲਾ ਪੰਜਾਬ' ਦੀ ਸ਼ਾਨ ਨੂੰ ਮੁੜ ਬਹਾਲ ਕਰਨ ਲਈ ਦ੍ਰਿੜ੍ਹ ਇਰਾਦੇ ਨਾਲ ਮੁਹਿੰਮ ਚਲਾ ਰਹੀ ਹੈ।ਸੂਬਾ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੰਗ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਹੁਣ ਸਿਰਫ ਸਰਕਾਰੀ ਏਜੰਸੀਆਂ ਤੱਕ ਸੀਮਤ ਨਹੀਂ ਰਹੀ, ਸਗੋਂ ਇਹ ਇੱਕ ਵਿਆਪਕ ਜਨਤਕ ਲਹਿਰ ਬਣ ਗਈ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ ਦੇ ਲੋਕ ਇਸ ਮੁਹਿੰਮ ਦਾ ਸਮਰਥਨ ਕਰ ਰਹੇ ਹਨ, ਜਿਸ ਨਾਲ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਸਮੂਹਿਕ ਸੰਕਲਪ ਨੂੰ ਤਾਕਤ ਮਿਲ ਰਹੀ ਹੈ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸਤਨਾਮ ਸਿੰਘ ਜਲਵਾਹਾ, ਐੱਸ ਐੱਸ ਪੀ ਐੱਸ ਬੀ ਐੱਸ ਨਗਰ ਤੁਸ਼ਾਰ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ, ਐਸ ਡੀ ਐਮ ਐਸ ਬੀ ਐਸ ਨਗਰ ਅਮਨਜੋਤ ਕੌਰ ਅਤੇ ਆਪ ਜ਼ਿਲ੍ਹਾ ਪ੍ਰਧਾਨ ਰੌਬੀ ਕੰਗ ਹਾਜ਼ਰ ਸਨ। ਐਮ ਪੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਸ ਚੁਣੌਤੀ ਨਾਲ ਨਜਿੱਠਣ ਲਈ ਬਹੁ-ਪੱਖੀ ਰਣਨੀਤੀ ਅਪਣਾਈ ਹੈ। ਜਿੱਥੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੇ ਨਸ਼ਾ ਤਸਕਰਾਂ ਅਤੇ ਵਪਾਰੀਆਂ ਵਿਰੁੱਧ ਕਾਰਵਾਈ ਤੇਜ਼ ਕਰ ਦਿੱਤੀ ਹੈ, ਉੱਥੇ ਨਸ਼ਿਆਂ ਦੀ ਲਤ ਨਾਲ ਜੂਝ ਰਹੇ ਲੋਕਾਂ ਦੇ ਮੁੜ-ਵਸੇਬੇ 'ਤੇ ਵੀ ਬਰਾਬਰ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਹੈ ਕਿ ਨਸ਼ਿਆਂ ਤੋਂ ਪ੍ਰਭਾਵਿਤ ਲੋਕਾਂ ਨੂੰ ਮਾਨਮੱਤੀ ਅਤੇ ਉਤਪਾਦਕ ਜ਼ਿੰਦਗੀ ਵੱਲ ਵਾਪਸ ਆਉਣ ਦਾ ਮੌਕਾ ਮਿਲੇ। ਇਸ ਤੋਂ ਪਹਿਲਾਂ ਨਸ਼ਾ ਮੁਕਤੀ ਮੋਰਚਾ ਦੇ ਦੋਆਬਾ ਇੰਚਾਰਜ ਅਤਿਨ ਅਗਨੀਹੋਤਰੀ ਨੇ ਮੁੱਖ ਮਹਿਮਾਨ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ। ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਦਿਨੇਸ਼ ਸੂਰੀ, ਬਲਜੀਤ ਰਾਮ, ਪ੍ਰਭਜੋਤ ਸਿੰਘ ਬੰਗਾ, ਇੰਦਰਜੀਤ ਕੁਮਾਰ, ਵਿਸ਼ਾਲ ਖੋਸਲਾ, ਬਲਜੋਤ ਸਿੰਘ, ਐਮ.ਸੀ. ਸ਼ਿਵਰਾਮ ਕੈਂਥ ਅਤੇ ਆਤਮਾ ਰਾਮ ਆਦਿ ਵੀ ਹਾਜ਼ਰ ਸਨ।




# ਸੜਕ ਦੇ ਨਿਰਮਾਣ ਕਾਰਜ ਦਾ ਵਿਧਾਇਕ ਨੇ ਲਿਆ ਜਾਇਜ਼ਾ

ਹੁਸ਼ਿਆਰਪੁਰ (ਓ ਪੀ ਰਾਣਾ)-ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਭੂੱਲੇਵਾਲ ਗੁੱਜਰਾਂ ਪਿੰਡ ਵਿਚ ਬਣ ਰਹੀ ਸੜਕ ਦੇ ਚਲਦੇ ਨਿਰਮਾਣ ਕਾਰਜ ਦਾ ਜਾਇਜ਼ਾ ਲਿਆ।ਹੁਸ਼ਿਆਰਪੁਰ-ਮਾਹਿਲਪੁਰ ਰੋਡ ਤੋਂ ਸਿੰਘਪੁਰ, ਚਾਨਥੂ ਬ੍ਰਾਹਮਣਾ, ਕਾਲੇਵਾਲ ਭਗਤਾਂ ਅਤੇ ਭੂੱਲੇਵਾਲ ਗੁੱਜਰਾਂ ਰਾਹੀਂ ਮਾਹਿਲਪੁਰ-ਜੈਜੋਂ ਰੋਡ ਨਾਲ ਜੋੜਨ ਵਾਲੀ 8.05 ਕਿਲੋਮੀਟਰ ਲੰਬੀ ਇਸ ਸੜਕ ਦਾ ਨਿਰਮਾਣ ?7.28 ਕਰੋੜ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ। ਮੌਕੇ 'ਤੇ ਭੂੱਲੇਵਾਲ ਗੁੱਜਰਾਂ ਵਿਖੇ ਪਹੁੰਚ ਕੇ ਡਾ. ਇਸ਼ਾਂਕ ਕੁਮਾਰ ਨੇ ਕੰਮ ਦੀ ਪ੍ਰਗਤੀ ਤੇ ਵਰਤੇ ਜਾ ਰਹੇ ਮਟੀਰੀਅਲ ਦੀ ਗੁਣਵੱਤਾ ਦੀ ਜਾਂਚ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਜਾਂ ਕੁਤਾਹੀ ਨਾ ਵਰਤੀ ਜਾਵੇ।ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਇਹ ਸੜਕ ਦਰਜਨਾਂ ਪਿੰਡਾਂ ਦੇ ਲੋਕਾਂ ਲਈ ਆਵਾਜਾਈ ਨੂੰ ਹੋਰ ਸੁਖਾਲਾ ਬਣਾਏਗੀ ਅਤੇ ਇਲਾਕੇ ਦੀ ਕਨੈਕਟੀਵਿਟੀ ਨੂੰ ਮਜ਼ਬੂਤ ਕਰੇਗੀ। ਉਨ੍ਹਾਂ ਕਿਹਾ ਕਿ ਚੰਗੀਆਂ ਸੜਕਾਂ ਸਿਰਫ਼ ਸਫ਼ਰ ਨੂੰ ਹੀ ਆਸਾਨ ਨਹੀਂ ਬਣਾਉਂਦੀਆਂ, ਸਗੋਂ ਵਿਕਾਸ, ਵਪਾਰ ਅਤੇ ਰੋਜ਼ਾਨਾ ਜੀਵਨ ਨੂੰ ਵੀ ਨਵੀਂ ਰਫ਼ਤਾਰ ਦਿੰਦੀਆਂ ਹਨ। ਇਸ ਮੌਕੇ 'ਤੇ ਚਰਨਜੀਤ ਬੰਟੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਲੱਡੂ ਮੈਲੀ, ਮਿੰਟੂ ਕਾਲੇਵਾਲ ਭਗਤਾਂ, ਸੰਦੀਪ ਗੋਗੜੋਂ, ਭੂੱਲੇਵਾਲ ਗੁੱਜਰਾਂ ਸਰਪੰਚ ਸੁਰਿੰਦਰ ਕੌਰ, ਭੋਲੀ, ਭਿੰਦਾ, ਗੋਪੀ, ਗੋਗੜੋਂ ਸਰਪੰਚ ਸੁਰਿੰਦਰ ਸਿੰਘ, ਦਿਲਪ੍ਰੀਤ ਐਕਸੀਅਨ ਮੰਡੀ ਬੋਰਡ ਆਦਿ ਹਾਜ਼ਰ ਸਨ।



# ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਪੀਣ ਤੋਂ ਵਾਂਝਾ ਨਾ ਰਹੇ : ਡਿਪਟੀ ਕਮਿਸ਼ਨਰ

**ਬਲਾਚੌਰ/ਨਵਾਂਸ਼ਹਿਰ (ਜਸਵਿੰਦਰ ਬੈਂਸ, ਮਨੋਜ ਲਾਡੀ)**- ਪੋਲੀਓ ਵਰਗੀ ਗੰਭੀਰ ਬਿਮਾਰੀ ਤੋਂ ਬੱਚਿਆਂ ਨੂੰ ਸੁਰੱਖਿਅਤ ਰੱਖਣ ਲਈ ਜ਼ਿਲ੍ਹਾ ਪ੍ਰਸ਼ਾਸਨ, ਸ਼ਹੀਦ ਭਗਤ ਸਿੰਘ ਨਗਰ ਵੱਲੋਂ 28 ਤੋਂ 30 ਜੂਨ ਤੱਕ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਪੂਰੀ ਤਨਦੇਹੀ ਨਾਲ ਚਲਾਈ ਜਾਵੇਗੀ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ 0 ਤੋਂ 5 ਸਾਲ ਉਮਰ ਵਰਗ ਦੇ 56,421 ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਦਾ ਟੀਚਾ ਨਿਰਧਾਰਿਤ ਕੀਤਾ ਗਿਆ ਹੈ।ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਮੰਗਲਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਲਸ ਪੋਲੀਓ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਉਨ੍ਹਾਂ ਸਿਹਤ ਵਿਭਾਗ ਅਤੇ ਹੋਰ ਸਾਰੇ ਭਾਈਵਾਲ ਵਿਭਾਗਾਂ ਨੂੰ ਮੁਹਿੰਮ ਦੀ ਸਫ਼ਲਤਾ ਲਈ ਆਪਸੀ ਤਾਲਮੇਲ ਅਤੇ ਪੂਰੀ ਜ਼ਿੰਮੇਵਾਰੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੋਲੀਓ ਖ਼ਿਲਾਫ਼ ਜੰਗ ਵਿੱਚ ਕੋਈ ਵੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਜ਼ਿਲ੍ਹੇ ਦਾ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਲਈ ਸਾਰੇ ਵਿਭਾਗ ਸਾਂਝੇ ਤੌਰ 'ਤੇ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਉਣ ਤਾਂ ਜੋ ਹਰ ਮਾਪੇ ਆਪਣੇ ਬੱਚੇ ਨੂੰ ਪੋਲੀਓ ਬੂਥ ਤੱਕ ਲੈ ਕੇ ਆਵੇ।ਉਨ੍ਹਾਂ ਦੱਸਿਆ ਕਿ 28 ਜੂਨ ਨੂੰ ਜ਼ਿਲ੍ਹੇ ਭਰ ਵਿੱਚ 226 ਪੋਲੀਓ ਬੂਥਾਂ 'ਤੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਤੋਂ ਬਾਅਦ 29 ਅਤੇ 30 ਜੂਨ ਨੂੰ 451 ਘਰ-ਘਰ ਜਾਣ ਵਾਲੀਆਂ ਟੀਮਾਂ ਉਨ੍ਹਾਂ ਬੱਚਿਆਂ ਤੱਕ ਪਹੁੰਚਣਗੀਆਂ ਜੋ ਪਹਿਲੇ ਦਿਨ ਬੂਥਾਂ 'ਤੇ ਨਹੀਂ ਆ ਸਕੇ। ਇਸ ਤੋਂ ਇਲਾਵਾ 16 ਟ੍ਰਾਂਜ਼ਿਟ ਟੀਮਾਂ ਬੱਸ ਅੱਡਿਆਂ ਅਤੇ ਰੇਲਵੇ ਸਟੇਸ਼ਨਾਂ 'ਤੇ, ਜਦਕਿ 7 ਮੋਬਾਈਲ ਟੀਮਾਂ ਝੁੱਗੀ-ਝੌਂਪੜੀਆਂ, ਇੱਟਾਂ ਦੇ ਭੱਠਿਆਂ, ਫੈਕਟਰੀਆਂ ਅਤੇ ਹੋਰ ਉੱਚ ਜੋਖਮ ਵਾਲੇ ਖੇਤਰਾਂ ਵਿੱਚ ਸੇਵਾਵਾਂ ਦੇਣਗੀਆਂ।



# ਸੂਲ ਸੁਰਾਹੀ ਸਾਹਿਤ ਸਭਾ ਵੱਲੋਂ ਸਾਹਿਤਕ ਸਮਾਗਮ ਤੇ ਸਨਮਾਨ ਸਮਾਰੋਹ

**ਚੰਡੀਗੜ੍ਹ (ਸੁਰਜੀਤ ਸੁਮਨ)** ਸੂਲ ਸੁਰਾਹੀ ਸਾਹਿਤ ਸਭਾ ਵੱਲੋਂ ਇੱਕ ਵਿਲੱਖਣ ਸਾਹਿਤਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜੋ ਹਰਮਨ ਪਿਆਰੇ ਸਾਹਿਤਕ ਜੋੜੇ ਉਮੇਸ਼ ਠਾਕੁਰ ਅਤੇ ਕੈਲਾਸ ਠਾਕੁਰ ਦੇ ਗ੍ਰਹਿ ਵਿਖੇ ਰੱਖੀ ਗਈ। ਇਸ ਕਾਵਿ ਮਿਲਣੀ ਵਿੱਚ ਜਸਪਾਲ ਸਿੰਘ ਦੇਸੂਵੀ, ਪ੍ਰਧਾਨ ਵਿਸ਼ਵ ਪੰਜਾਬੀ ਸਾਹਿਤਕ ਰਚਨਾ ਵਿਚਾਰ ਮੰਚ ਮੁਹਾਲੀ, ਭਗਤ ਰਾਮ ਰੰਗਾੜਾ ਅਤੇ ਨਰਿੰਦਰ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਮਾਗਮ ਦੀ ਪ੍ਰਧਾਨਗੀ ਉੱਘੇ ਗ਼ਜ਼ਲਗੋ ਬਲਬੀਰ ਸੈਣੀ ਨੇ ਕੀਤੀ। ਗ਼ੈਰ-ਰਸਮੀ ਗੱਲਾਂ ਨਾਲ ਅਦੀਬਾਂ ਨੇ ਬੀਤੇ ਲੰਮੇ ਸਮੇਂ ਦੌਰਾਨ ਹੋਏ ਸਾਹਿਤਕ ਸਮਾਗਮਾਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਆਪਣੇ ਆਪਣੇ ਸਾਹਿਤਕ ਸਫ਼ਰ ਦੇ ਸੁਨਿਹਰੇ ਪਲ ਸਾਂਝੇ ਕੀਤੇ। ਭਗਤ ਰਾਮ ਰੰਗਾੜਾ ਦਾ ਭਾਖੜਾ ਡੈਮ ਯੋਜਨਾ ਦੇ ਅਰੰਭਕ ਸਮੇਂ 1960 ਤੋਂ 1965 ਤੱਕ ਨੰਗਲ ਅਤੇ 1965 ਤੋਂ 1974 ਤੱਕ ਸੁੰਦਰ ਨਗਰ ਸਰਵਿਸ ਦੌਰਾਨ ਗੁਰਸ਼ਰਨ ਭਾਅ ਜੀ ਅਤੇ ਪੁਰਾਣੇ ਅਦੀਬਾਂ ਸੰਗ ਬਿਤਾਏ ਸਮੇਂ ਦਾ ਵਿਸਥਾਰਿਤ ਵਰਨਣ ਸਭ ਲਈ ਉਤਸੁਕਤਾ ਅਤੇ ਪ੍ਰੇਰਨਾ ਸਰੋਤ ਬਣਿਆ। ਉਨ੍ਹਾਂ ਵੱਲੋਂ ਤਕਰੀਬਨ ਇਕਾਹਠ ਸਾਲ ਪਹਿਲਾਂ ਦੀਆਂ ਘਟਨਾਵਾਂ ਦਾ ਤਾਰੀਖਾਂ, ਮਹੀਨਿਆਂ ਅਤੇ ਸਾਲਾਂ ਅਨੁਸਾਰ ਤਰਤੀਬਵਾਰ ਵਰਨਣ ਸਭ ਲਈ ਰੌਚਕਤਾ ਦਾ ਵਿਸ਼ਾ ਬਣਿਆ ਰਿਹਾ। ਇਸੇ ਤਰ੍ਹਾਂ ਠਾਕੁਰ ਦੰਪਤੀ ਦੀ ਪਰਾਹੁਣਚਾਰੀ ਅਤੇ ਨਿਰਸਵਾਰਥ ਸੇਵਾ ਭਾਵ ਸਭ ਦੇ ਮਨਾਂ ਨੂੰ ਕੀਲਦਾ ਰਿਹਾ।ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਬਲਬੀਰ ਸੈਣੀ ਦੀਆਂ ਗ਼ਜ਼ਲਾਂ ਅਤੇ ਭਗਤ ਰਾਮ ਰੰਗਾੜਾ ਦੀਆਂ ਅਨਮੋਲ ਲਿਖਤਾਂ ਦੀ ਪੇਸ਼ਕਾਰੀ ਨੇ ਸਭ ਦਾ ਮਨ ਮੋਹ ਲਿਆ। ਜਸਪਾਲ ਸਿੰਘ ਦੇਸੂਵੀ ਨੇ ਆਪਣੀਆਂ ਗ਼ਜ਼ਲਾਂ ਦੀ ਬਾ-ਤਰੰਨੁਮ ਪੇਸ਼ਕਾਰੀ ਨਾਲ ਖੂਬ ਵਾਹ ਵਾਹ ਖੱਟੀ। ਕੈਲਾਸ਼ ਠਾਕੁਰ ਨੇ ਗ਼ਜ਼ਲ ਸੁਣਾ ਕੇ ਸਭ ਦਾ ਮਨ ਮੋਹ ਲਿਆ। ਅੰਤ ਵਿੱਚ ਭਗਤ ਰਾਮ ਰੰਗਾੜਾ, ਜਸਪਾਲ ਸਿੰਘ ਦੇਸੂਵੀ ਅਤੇ ਨਰਿੰਦਰ ਕੌਰ ਦਾ ਦੁਸ਼ਾਲੇ ਭੇਟ ਕਰ ਕੇ ਸਨਮਾਨ ਕੀਤਾ ਗਿਆ।



# ਨਗਰ ਕੌਂਸਲ ਫਿਲੌਰ ਦੇ ਪ੍ਰਧਾਨ ਦੀ ਚੋਣ ਮੁਲਤਵੀ

**ਫਿਲੌਰ (ਨਿਰਮਲ)**- ਬੀਤੇ ਦਿਨੀਂ ਨਗਰ ਕੌਂਸਲ ਫਿਲੌਰ ਦੀਆਂ ਚੋਣਾਂ ਹੋਈਆਂ ਸਨ ਜਿਸ ਵਿੱਚ ਚੋਣਾਂ ਜਿੱਤਣ ਵਾਲੇ ਕੌਂਸਲਰਾਂ 'ਚੋ ਪ੍ਰਧਾਨ ਦੀ ਚੋਣ ਹੋਣੀ ਸੀ ਜਿਸ ਲਈ ਨਗਰ ਕੌਂਸਲ ਫਿਲੌਰ ਵਿਖੇ ਐਸ ਡੀ ਐਮ ਫਿਲੌਰ ਦੀ ਅਗਵਾਈ ਹੇਠ ਸਮੂਹ ਕੌਂਸਲਰਾਂ ਦੀ ਚੋਣ ਸਬੰਧੀ ਮੀਟਿੰਗ ਰੱਖੀ ਗਈ ਸੀ ਜਿਸ ਦੌਰਾਨ ਆਮ ਆਦਮੀ ਪਾਰਟੀ ਵੱਲੋਂ 8 ਕੌਂਸਲਰਾਂ ਦੀ ਹਮਾਇਤ ਦਿਖਾਈ ਗਈ ਸੀ ਜਦਕਿ ਦੂਜੇ ਪਾਸੇ 3 ਕਾਂਗਰਸੀ ਕੌਂਸਲਰ, 2 ਬਹੁਜਨ ਸਮਾਜ ਪਾਰਟੀ ਦੇ ਕੌਂਸਲਰ ਅਤੇ 2 ਆਜ਼ਾਦ ਕੌਂਸਲਰ ਸਨ।ਪਰ ਜਦੋਂ ਪ੍ਰਧਾਨਗੀ ਦੀ ਚੋਣ ਹੋਣ ਲੱਗੀ ਤਾਂ ਕਾਂਗਰਸੀ ਵਿਧਾਇਕ ਚੌਧਰੀ ਵਿਕਰਮਜੀਤ ਸਿੰਘ ਵੱਲੋਂ ਆਮ ਆਦਮੀ ਪਾਰਟੀ ਦੇ ਕੌਂਸਲਰ ਸ਼ੰਕਰ ਸੰਧੂ ਨੂੰ ਪ੍ਰਧਾਨਗੀ ਲਈ ਉਮੀਦਵਾਰ ਐਲਾਨੇ ਜਾਣ ਤੇ ਸਭ ਹੈਰਾਨ ਹੋ ਗਏ। ਜਿਸ ਤੋਂ ਬਾਅਦ ਆਮ ਆਦਮੀ ਪਾਰਟੀ ਅਤੇ ਵਿਰੋਧੀ ਧਿਰ ਦਰਮਿਆਨ 8-8 ਕੌਂਸਲਰ ਹੋਣ ਕਰਕੇ ਚੋਣ ਮੁਲਤਵੀ ਕਰਨ ਦਾ ਐਲਾਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜਲਦ ਹੀ ਚੋਣ ਲਈ ਨਵੀਆਂ ਤਾਰੀਖਾਂ ਦਾ ਐਲਾਨ ਕੀਤਾ ਜਾਵੇਗਾ।

# ਬਲਬੀਰ ਸਿੰਘ ਸਿੱਧੂ ਨੇ ਨਰਿੰਦਰ ਪਾਲ ਸਿੰਘ ਨੂੰ ਨਿਯੁਕਤੀ ਪੱਤਰ ਸੌਂਪਿਆ



**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪਾਰਟੀ ਹਾਈਕਮਾਂਡ ਦੀ ਸੋਚ 'ਤੇ ਪਹਿਰਾ ਦਿੰਦੇ ਹੋਏ, ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਵੱਲੋਂ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਸੀਨੀਅਰ ਆਗੂ ਨਰਿੰਦਰ ਪਾਲ ਸਿੰਘ ਨੂੰ ਓ ਬੀ ਸੀ ਸੈੱਲ ਦੇ ਜ਼ਿਲ੍ਹਾ ਉਪ ਪ੍ਰਧਾਨ ਵਜੋਂ ਨਿਯੁਕਤੀ ਪੱਤਰ ਸੌਂਪਿਆ ਗਿਆ। ਇਹ ਨਿਯੁਕਤੀ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਾਰਟੀ ਦੇ ਢਾਂਚੇ ਨੂੰ ਜ਼ਮੀਨੀ ਪੱਧਰ 'ਤੇ ਹੋਰ ਵਧੇਰੇ ਸਰਗਰਮ ਤੇ ਮਜ਼ਬੂਤ ਕਰਨ ਦੇ ਮਕਸਦ ਨਾਲ ਕੀਤੀ ਗਈ ਹੈ। ਇਸ ਨਿਯੁਕਤੀ ਪੱਤਰ ਸੌਂਪਣ ਦੇ ਮੌਕੇ 'ਤੇ ਓ.ਬੀ.ਸੀ. ਸੈੱਲ ਦੇ ਚੇਅਰਮੈਨ ਰਾਜਿੰਦਰ ਸਿੰਘ ਧਰਮਗੜ੍ਹ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ, ਜਿਨ੍ਹਾਂ ਦੀ ਅਗਵਾਈ ਵਿੱਚ ਸੈੱਲ ਦੇ ਕੰਮਕਾਜ ਨੂੰ ਹੋਰ ਤੇਜ਼ੀ ਮਿਲ ਰਹੀ ਹੈ। ਪੱਤਰਕਾਰਾਂ ਅਤੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਹਰ ਵਰਗ ਦੇ ਮਿਹਨਤੀ, ਇਮਾਨਦਾਰ ਅਤੇ ਵਫ਼ਾਦਾਰ ਆਗੂਆਂ ਦਾ ਸਨਮਾਨ ਕਰਦੀ ਆਈ ਹੈ। ਸ੍ਰੀ ਸਿੱਧੂ ਨੇ ਨਵ-ਨਿਯੁਕਤ ਜ਼ਿਲ੍ਹਾ ਉਪ ਪ੍ਰਧਾਨ ਸ੍ਰੀ ਨਰਿੰਦਰ ਪਾਲ ਸਿੰਘ ਨੂੰ ਇਸ ਮਹੱਤਵਪੂਰਨ ਜ਼ਿੰਮੇਵਾਰੀ ਲਈ ਦਿਲੋਂ ਵਧਾਈਆਂ ਦਿੱਤੀਆਂ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਓ.ਬੀ.ਸੀ. ਸੈੱਲ ਦੇ ਚੇਅਰਮੈਨ ਸ਼੍ਰੀ ਰਾਜਿੰਦਰ ਸਿੰਘ ਧਰਮਗੜ੍ਹ ਨੇ ਵੀ ਨਵ-ਨਿਯੁਕਤ ਅਹੁਦੇਦਾਰ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਇਲਾਕੇ ਦੇ ਕਈ ਪ੍ਰਮੁੱਖ ਕਾਂਗਰਸੀ ਆਗੂ, ਪੰਚ-ਸਰਪੰਚ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ, ਜਿਨ੍ਹਾਂ ਨੇ ਨਵ-ਨਿਯੁਕਤ ਉਪ ਪ੍ਰਧਾਨ ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ।

# ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਬਜ਼ੁਰਗ ਦੀ ਮੌਤ

**ਫਿਲੌਰ (ਨਿਰਮਲ)**- ਫਿਲੌਰ-ਨੂਰਮਹਿਲ ਦਰਮਿਆਨ ਪੈਂਦੇ ਪਿੰਡ ਹਰੀਪੁਰ ਖਾਲਸਾ ਨੇੜੇ ਰੇਲਵੇ ਲਾਈਨਾਂ ਪਾਰ ਕਰਦੇ ਸਮੇਂ ਡੀ ਐਮ ਯੂ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਇੱਕ ਅਣਪਛਾਤੇ ਬਜ਼ੁਰਗ ਵਿਅਕਤੀ ਦੀ ਮੌਤ ਹੋ ਗਈ। ਮ੍ਰਿਤਕ ਨੇ ਮਹਿੰਦੀ ਰੰਗ ਦੀ ਟੀ-ਸ਼ਰਟ ਪਹਿਨੀ ਹੋਈ ਸੀ।ਰੇਲਵੇ ਪੁਲਿਸ ਚੌਕੀ ਫਿਲੌਰ ਦੇ ਇੰਚਾਰਜ ਅਵਤਾਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਲਾਸ਼ ਨੂੰ ਸਿਵਲ ਹਸਪਤਾਲ ਫਿਲੌਰ ਵਿੱਚ 72 ਘੰਟਿਆਂ ਲਈ ਰੱਖਿਆ ਗਿਆ ਹੈ। ਮ੍ਰਿਤਕ ਦੇ ਵਾਰਸਾਂ ਦੀ ਭਾਲ ਕੀਤੀ ਜਾ ਰਹੀ ਹੈ।

## 'ਏ ਐੱਸ ਆਈ ਗੁਰਮੀਤ ਸਿੰਘ ਨੇ ਪੰਜਾਬ ਪੁਲਸ ਸੇਵਾ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈ'

**ਅੱਡਾ ਸਰਾਂ (ਜਸਵੀਰ ਕਾਜਲ)**- ਅੱਡਾ ਸਰਾਂ ਚੌਕੀ ਪੰਜਾਬ ਪੁਲਿਸ ਹਾਜ਼ਰੀ ਏ ਐਸ ਆਈ ਗੁਰਮੀਤ ਸਿੰਘ ਦੇ ਰਿਟਾਇਰ ਹੋਣ ਤੇ ਪਿੰਡ ਸਰਹਾਲਾ (ਮੂਡੀਆ) ਵਿਖੇ ਪਾਰਟੀ ਸਮਾਗਮ ਕਰਵਾਇਆ ਗਿਆ ਇਸ ਮੌਕੇ ਅਖੰਡ ਪਾਠ ਦੇ ਭੋਗ ਉਪਰੰਤ ਕੀਰਤਨੀਏ ਜਥਿਆਂ ਵਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਚੌਕੀ ਇੰਚਾਰਜ ਸਰਬਜੀਤ ਸਿੰਘ ਨੇ ਕਿਹਾ ਕਿ ਗੁਰਮੀਤ ਸਿੰਘ ਏ ਐੱਸ ਆਈ ਨੇ ਬਹੁਤ ਈਮਾਨਦਾਰੀ ਅਤੇ ਨੇਕਦਿਲੀ ਨਾਲ ਮਹਿਕਮੇ ਵਿਚ ਸੇਵਾ ਨੁਭਾਆ ਕੇ ਰਿਟਾਇਰ ਹੋਏ ਅਤੇ ਉਨ੍ਹਾਂ ਦੇ ਰਿਟਾਇਰ ਹੋਣ ਤੇ ਵਧਾਈ ਦਿਤੀ ਹੈ। ਇਸ ਮੌਕੇ ਗੁਰਮੀਤ ਸਿੰਘ ਦੀ ਪਾਰਟੀ ਵਿੱਚ ਮਹਿਕਮੇ ਦੇ ਸਾਥੀ ਤੇ ਸੱਜਣ ਮਿੱਤਰ ਹਾਜਰ ਸ਼ਾਮਲ ਹੋਏ। ਇਸ ਮੌਕੇ ਚੌਕੀ ਇੰਚਾਰਜ ਸਰਬਜੀਤ ਸਿੰਘ (ਨਸਰਾਲਾ) ਏ ਐੱਸ ਆਈ ਬੁਧ ਸਿੰਘ, ਏ ਐਸ ਆਈ ਸੁਰਿੰਦਰਪਾਲ ਸਿੰਘ, ਏ ਐੱਸ ਆਈ ਅਜੀਤ ਸਿੰਘ, ਹੈਡਕਾਸਟੇਬਲ ਬਲਵਿੰਦਰ ਸਿੰਘ ਇਨਾਂ ਤੋਂ ਇਲਾਵਾ ਰਾਜ ਕੁਮਾਰੀ ਸੰਮਤੀ ਮੈਂਬਰ, ਕੁਲਵਿੰਦਰ ਕੌਰ, ਸੁਰਿੰਦਰ ਕੌਰ, ਲਖਵਿੰਦਰ ਕੌਰ ਆਦਿ ਹਾਜ਼ਰ ਸਨ।



# ਪਦਮਸ੍ਰੀ ਮਿਲਣ ਤੋਂ ਬਾਅਦ ਡੇਰਾ ਸੱਚਖੰਡ ਬੱਲਾਂ ਪਹੁੰਚਣ 'ਤੇ ਸੰਤ ਨਿਰੰਜਨ ਦਾਸ ਦਾ ਸੰਗਤਾਂ ਵੱਲੋਂ ਸਵਾਗਤ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਤੇ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰੱਸਟ, ਵਾਰਾਣਸੀ ਪਦਮ ਸ੍ਰੀ ਸੰਤ ਨਿਰੰਜਨ ਦਾਸ ਨੂੰ ਦਿੱਲੀ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਦਮ ਸ੍ਰੀ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ਸੀ । ਪ੍ਰਧਾਨ ਮੰਤਰੀ ਨਰਿੰਦਰ ਮੋਦੀ ਫਰਵਰੀ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਸਮਾਗਮਾਂ ਦੇ ਹਿੱਸੇ ਵਜੋਂ ਡੇਰਾ ਸੱਚਖੰਡ ਬੱਲਾਂ ਆਏ ਸਨ। ਉਸ ਸਮੇਂ ਕੇਂਦਰ ਸਰਕਾਰ ਨੇ ਅਧਿਆਤਮਿਕਤਾ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਲਈ ਸੰਤ ਨਿਰੰਜਨ ਦਾਸ ਨੂੰ ਪਦਮ ਸ੍ਰੀ ਪੁਰਸਕਾਰ ਦੇਣ ਦਾ ਐਲਾਨ ਕੀਤਾ ਸੀ। ਸੰਤ ਨਿਰੰਜਨ ਦਾਸ 24 ਜੂਨ ਨੂੰ ਦਿੱਲੀ ਤੋਂ ਡੇਰਾ ਸੱਚਖੰਡ ਬੱਲਾਂ ਵਾਪਸ ਪਹੁੰਚੇ । ਸੰਗਤ ਉਨ੍ਹਾਂ ਦਾ ਸਵਾਗਤ ਕਰਨ ਲਈ ਉਤਸ਼ਾਹਿਤ ਸਨ । ਸੰਗਤਾਂ ਬੁੱਧਵਾਰ ਨੂੰ ਹੀ ਸਵੇਰੇ ਹੀ ਡੇਰਾ ਸੱਚਖੰਡ ਬੱਲਾਂ ਵਿਖੇ ਪਹੁੰਚਣੀਆਂ ਸ਼ੁਰੂ ਹੋ ਗਈਆਂ। ਪ੍ਰਬੰਧਕਾਂ ਵੱਲੋਂ ਉਹਨਾਂ ਨੂੰ ਡੇਰਾ ਪਹੁੰਚਣ ਤੇ ਬੁੱਕੇ ਅਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਗਈਆਂ। ਉਨਾਂ ਨੂੰ ਪਦਮ ਸ੍ਰੀ ਮਿਲਨ ਤੇ ਵਧਾਈਆਂ ਦੇਣ ਲਈ ਵਿਸ਼ੇਸ਼ ਤੌਰ ਤੇ ਸੰਤ ਪ੍ਰਦੀਪ ਦਾਸ ਕਠਾਰ ਵਾਲੇ, ਸੰਤ ਪਤਰਮ ਦਾਸ, ਸੰਤ ਨਿਰਮਲ ਦਾਸ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਸਰਵਣ ਦਾਸ ਸਲੇਮ ਟਾਬਰੀ ਲੁਧਿਆਣਾ, ਸੰਤ ਇੰਦਰ ਦਾਸ ਸ਼ੇਖੇ, ਸੰਤ ਪ੍ਰਗਟ ਨਾਥ ਰਹੀਮਪੁਰ, ਸੰਤ ਜਗੀਰ ਸਿੰਘ ਸਰਬੱਤ ਦਾ ਭਲਾ ਟਰਸਟ ਜਲੰਧਰ, ਸੰਤੋਸ਼ ਕੁਮਾਰੀ ਸਾਬਕਾ ਵਿਧਾਇਕ ਅਵਿਨਾਸ਼ ਚੰਦਰ ਕਲੇਰ, ਸੇਵਾਦਾਰ ਹਰਦੀਪ ਦਾਸ ਸੇਵਾਦਾਰ ਦਵਿੰਦਰ ਬੱਬੂ ਸੇਵਾਦਾਰ ਵਰਿੰਦਰ ਦਾਸ, ਸੇਵਾ ਦਾਰ ਸ਼ਾਮ ਲਾਲ, ਮੈਨੇਜਰ ਧਰਮਪਾਲ ਸਿਮਕ, ਬਾਬਾ ਸੁਖਦੇਵ ਸੁਖੀ ਬੱਲਾਂ, ਕਾਨੂੰਨਗੋ ਸਾਲਗ ਰਾਮ, ਸੇਵਾ ਮੁਕਤ ਇੰਸਪੈਕਟਰ ਮਹਿੰਦਰ ਪਾਲ, ਰੋਸ਼ਨ ਲਾਲ ਸੌਂਧੀ, ਲੈਕਚਰਾਰ ਸੁਰਜੀਤ ਸਿੰਘ ਜੱਸਲ, ਸੰਸਾਰ ਚੰਦ ਬਿਆਸ ਪਿੰਡ ਮਨਜੀਤ ਰਾਏ ਬੱਲਾਂ ਸ਼ਾਮਿਲ ਹਨ।



# ਸੜਕ ਹਾਦਸੇ 'ਚ ਲੜਕੀ ਦੀਆਂ ਲੱਤਾਂ ਉੱਪਰੋਂ ਲੰਘਿਆ ਟਰੱਕ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਅੰਬਾਲਾ-ਚੰਡੀਗੜ੍ਹ ਮੁੱਖ ਮਾਰਗ 'ਤੇ ਸਥਿਤ ਪਿੰਡ ਭਾਂਖਰਪੁਰ ਨੇੜੇ ਰਾਤ ਕਰੀਬ 10 ਵਜੇ ਇਕ ਬਹੁਤ ਹੀ ਦਰਦਨਾਕ ਅਤੇ ਭਿਆਨਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਹਾਦਸੇ ਦੌਰਾਨ ਇਕ ਤੇਜ਼ ਰਫ਼ਤਾਰ ਅਤੇ ਬੇਕਾਬੂ ਟਰੱਕ ਨੇ ਮੋਟਰਸਾਈਕਲ ਸਵਾਰ ਇਕ ਨਵ-ਵਿਆਹੇ ਜੋੜੇ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਮੋਟਰਸਾਈਕਲ ਦੇ ਪਰਖੱਚੇ ਉੱਡ ਗਏ ਤੇ ਉਸ 'ਤੇ ਸਵਾਰ ਮਹਿਲਾ ਉਛਲ ਕੇ ਸੜਕ 'ਤੇ ਜਾ ਡਿੱਗੀ, ਜਿਸ ਤੋਂ ਬਾਅਦ ਲਾਪਰਵਾਹ ਟਰੱਕ ਚਾਲਕ ਨੇ ਆਪਣੀ ਗੱਡੀ ਉਸ ਦੀਆਂ ਲੱਤਾਂ ਉੱਪਰੋਂ ਦੀ ਲੰਘਾ ਦਿੱਤੀ। ਇਸ ਹਾਦਸੇ ਵਿੱਚ ਮਹਿਲਾ ਦੀਆਂ ਦੋਵੇਂ ਲੱਤਾਂ ਬੁਰੀ ਤਰ੍ਹਾਂ ਕੁਚਲੀਆਂ ਗਈਆਂ ਅਤੇ ਉਸ ਦਾ ਪਤੀ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਹਾਦਸੇ ਨੂੰ ਅੰਜਾਮ ਦੇਣ ਤੋਂ ਤੁਰੰਤ ਬਾਅਦ ਮੁਲਜ਼ਮ ਟਰੱਕ ਚਾਲਕ ਮੌਕੇ ਦਾ ਫ਼ਾਇਦਾ ਉਠਾਉਂਦੇ ਹੋਏ ਆਪਣੇ ਵਾਹਨ ਨੂੰ ਉੱਥੇ ਹੀ ਛੱਡ ਕੇ ਫ਼ਰਾਰ ਹੋਣ ਵਿੱਚ ਕਾਮਯਾਬ ਹੋ ਗਿਆ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਜਾਂਚ ਅਧਿਕਾਰੀ ਲਖਵਿੰਦਰ ਸਿੰਘ ਨੇ ਦੱਸਿਆ ਕਿ ਹਾਦਸੇ ਦਾ ਸ਼ਿਕਾਰ ਹੋਈ ਜ਼ਖ਼ਮੀ ਮਹਿਲਾ ਦੀ ਪਛਾਣ ਔਸ਼ਾਲੀ ਪਤਨੀ ਅੰਕੁਸ਼ ਵਾਸੀ ਸੁੰਦਰ ਕਾਲੋਨੀ, ਪਿੰਡ ਭਾਂਖਰਪੁਰ (ਡੇਰਾਬੱਸੀ) ਵਜੋਂ ਹੋਈ ਹੈ। ਹਾਦਸੇ ਤੋਂ ਤੁਰੰਤ ਬਾਅਦ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਪਿੰਡ ਵਾਸੀਆਂ ਨੇ ਮੁਸਤੈਦੀ ਦਿਖਾਉਂਦੇ ਹੋਏ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਇਸ ਨਵ-ਵਿਆਹੇ ਜੋੜੇ ਨੂੰ ਇਲਾਜ ਲਈ ਤੁਰੰਤ ਪੀ ਜੀ ਆਈ ਚੰਡੀਗੜ੍ਹ ਵਿਖੇ ਦਾਖ਼ਲ ਕਰਵਾਇਆ, ਜਿੱਥੇ ਮਹਿਲਾ ਦੀ ਹਾਲਤ ਬੇਹੱਦ ਨਾਜ਼ੁਕ ਬਣੀ ਹੋਈ ਹੈ।

# ਹਰਪਾਲ ਸਾਥੀਆਂ ਸਮੇਤ ਭਾਜਪਾ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤੀ ਜਨਤਾ ਪਾਰਟੀ (ਭਾਜਪਾ) ਨੂੰ ਉਸ ਵੇਲੇ ਇੱਕ ਕਰਾਰਾ ਝਟਕਾ ਲੱਗਾ, ਜਦੋਂ ਵਾਰਡ ਨੰਬਰ 40 ਤੋਂ ਪ੍ਰਮੁੱਖ ਸਮਾਜ ਸੇਵਕ ਹਰਪਾਲ ਆਪਣੇ ਦਰਜਨਾਂ ਸਾਥੀਆਂ ਸਮੇਤ ਭਾਜਪਾ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਗਏ। ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਹਲਕਾ ਇੰਚਾਰਜ ਸੰਜੀਵ ਤਲਵਾਰ ਵੱਲੋਂ ਹਰਪਾਲ ਅਤੇ ਉਨ੍ਹਾਂ ਦੇ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਕਰਦਿਆਂ ਸਮਾਜ ਸੇਵੀ ਹਰਪਾਲ ਨੇ ਕਿਹਾ ਕਿ 'ਭਾਰਤੀ ਜਨਤਾ ਪਾਰਟੀ ਦੀ ਕਰਨੀ ਅਤੇ ਕਥਨੀ ਵਿੱਚ ਬਹੁਤ ਵੱਡਾ ਅੰਤਰ ਹੈ। ਮੈਂ ਅਤੇ ਮੇਰੇ ਸਾਥੀ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੁਆਰਾ ਪੰਜਾਬ ਵਿੱਚ ਕੀਤੇ ਗਏ ਇਤਿਹਾਸਕ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਅੱਜ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ-ਪੱਖੀ ਨੀਤੀਆਂ 'ਤੇ ਭਰੋਸਾ ਜਤਾਉਂਦੇ ਹੋਏ ਪਾਰਟੀ ਵਿੱਚ ਸ਼ਾਮਿਲ ਹੋਏ ਹਾਂ।' ਨਵੇਂ ਸ਼ਾਮਿਲ ਹੋਏ ਮੈਂਬਰਾਂ ਦਾ ਸਵਾਗਤ ਕਰਦਿਆਂ ਹਲਕਾ ਇੰਚਾਰਜ ਸੰਜੀਵ ਤਲਵਾਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਕੇਵਲ ਇੱਕ ਹੀ ਮੁੱਖ ਸੋਚ ਹੈ-ਪ੍ਰਦੇਸ਼ ਵਿੱਚ ਹਿੰਦੂ-ਸਿੱਖ ਏਕਤਾ ਅਤੇ ਭਾਈਚਾਰਕ ਸਾਂਝ ਦਾ ਨਾਅਰਾ ਬੁਲੰਦ ਰੱਖਣਾ। ਉਨ੍ਹਾਂ ਅੱਗੇ ਕਿਹਾ ਪਾਰਟੀ ਵੱਖਵਾਦੀ ਅਤੇ ਪੱਖਵਾਦੀ ਸੋਚ ਤੋਂ ਪਰੇ ਹਟ ਕੇ ਕੇਵਲ ਪੰਜਾਬ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਸਮਾਜ ਸੇਵਕ ਹਰਪਾਲ ਅਤੇ ਉਨ੍ਹਾਂ ਦੇ ਸਾਥੀਆਂ ਦੇ ਆਉਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਵੱਡੀ ਮਜ਼ਬੂਤੀ ਮਿਲੇਗੀ ਅਤੇ ਪਾਰਟੀ ਅੰਦਰ ਹਰ ਇੱਕ ਵਰਕਰ ਨੂੰ ਬਣਦਾ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕਈ ਸਥਾਨਕ ਆਗੂ ਅਤੇ ਵਰਕਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।




# ਤਿੰਨ ਰੋਜ਼ਾ ਮੇਲਾ ਸ਼ਾਨੋ-ਸ਼ੌਕਤ ਨਾਲ ਸੰਪੰਨ



**ਜਲੰਧਰ**- ਦਰਬਾਰ ਹਜ਼ਰਤ ਗੁਲਾਮ ਜਿਲਾਨੀ, ਸਾਈਂ ਰਹਿਮਤ ਸ਼ਾਹ ਹੰਸ ਪਿੰਡ ਕੋਟ ਸਦੀਕ, ਜਲੰਧਰ ਵਿਖੇ ਤਿੰਨ ਰੋਜ਼ਾ (21, 22 ਤੇ 23 ਜੂਨ) ਮੇਲਾ ਗੱਦੀ ਨਸ਼ੀਨ ਸਾਈਂ ਵਿਨੋਦ ਸ਼ਾਹ ਜੀ ਹੰਸ ਦੀ ਰਹਿਨੁਮਾਈ 'ਚ ਬੜੀ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਇਆ। ਪਹਿਲੇ ਦਿਨ 21 ਜੂਨ ਸ਼ਾਮ ਨੂੰ ਝੰਡੇ ਦੀ ਫੇਰੀ ਦਰਬਾਰ ਤੋਂ ਸ਼ੁਰੂ ਕੀਤੀ ਗਈ ਤੇ ਪੂਰੀ ਪਿੰਡ ਦੀ ਪਰਿਕਰਮਾ ਕਰਦੀ ਹੋਈ ਮੁੜ ਦਰਬਾਰ 'ਤੇ ਆ ਕੇ ਸਮਾਪਤ ਹੋਈ। 22 ਜੂਨ ਨੂੰ ਸਵੇਰੇ ਦਰਬਾਰ ਦੇ ਗੱਦੀ ਨਸ਼ੀਨ ਸਾਈਂ ਵਿਨੋਦ ਸ਼ਾਹ ਹੰਸ ਵੱਲੋਂ ਚਾਦਰ ਦੀ ਰਸਮ ਅਦਾ ਕੀਤੀ ਗਈ। ਉਪਰੰਤ ਸਟੇਜੀ ਪ੍ਰੋਗਰਾਮ ਵਿਚ ਪੰਜਾਬ ਦੇ ਨਾਮਵਰ ਕਲਾਕਾਰਾਂ ਨੇ ਦਾਤਾ ਦਾ ਗੁਣਗਾਣ ਕੀਤਾ। ਰਾਤ ਦੀ ਮਹਿਫਲ ਵਿਚ ਕੱਵਾਲ ਲਵਜੀਤ, ਪ੍ਰਵੇਜ਼ ਖ਼ਾਨ, ਬੰਟੀ ਕੱਵਾਲ ਨੇ ਹਾਜ਼ਰੀ ਲਵਾਈ। 23 ਜੂਨ ਨੂੰ ਦਿਨ ਵੇਲੇ ਗਾਇਕ ਆਰਕੇ ਮਹਿੰਦੀ, ਸਾਇਨਾ ਚੌਹਾਨ, ਅਨੁਰਾਧਾ ਭਗਤ, ਲਵਿਸ਼ ਚੌਹਾਨ, ਅਲੈਕਸ ਕੋਟੀ ਤੇ ਰਾਤ ਦੀ ਮਹਿਫਲ ਵਿਚ ਇੰਟਰਨੈਸ਼ਨਲ ਸੂਫ਼ੀ ਗਾਇਕ ਸਰਦਾਰ ਅਲੀ ਅਤੇ ਵਨੀਤ ਖ਼ਾਨ ਨੇ ਆਪਣੀ ਹਾਜ਼ਰੀ ਲਵਾ ਕੇ ਮੇਲੇ 'ਚ ਰੌਣਕਾਂ ਲਾਈਆਂ। ਇਸ ਮਗਰੋਂ ਬਲਵੀਰ ਸਿਆਣਵੀ ਵੱਲੋਂ ਧਾਰਮਿਕ ਡਰਾਮਾ ਖੇਡਿਆ ਗਿਆ। ਵੱਖ-ਵੱਖ ਦਰਬਾਰਾਂ ਤੋਂ ਪੁੱਜੇ ਮਹਾਪੁਰਸ਼ਾਂ ਨੇ ਮੇਲੇ 'ਚ ਸ਼ਿਰਕਤ ਕੀਤੀ। ਸਾਈਂ ਵਿਨੋਦ ਸ਼ਾਹ ਜੀ ਹੰਸ ਤੇ ਮਾਸਟਰ ਲੇਖ ਰਾਜ ਨੇ ਸਾਰਿਆਂ ਦਾ ਧੰਨਵਾਦ ਕੀਤਾ। ਮੰਚ ਸੰਚਾਲਕ ਦੀ ਭੂਮਿਕਾ ਮੱਖਣ ਸ਼ੇਰਪੁਰੀ ਵੱਲੋਂ ਬਾਖ਼ੂਬੀ ਨਿਭਾਈ ਗਈ।

# ਰਾਮਗੜ੍ਹੀਆ ਅਕਾਲ ਜਥੇਬੰਦੀ ਨੇ ਐੱਸ ਡੀ ਐੱਮ ਨੂੰ ਕੀਤਾ ਸਨਮਾਨਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਐਸ ਡੀ ਐਮ ਸੁਖਪਾਲ ਸਿੰਘ ਦਾ ਉਹਨਾਂ ਦੇ ਦਫ਼ਤਰ ਵਿਖੇ ਪਹੁੰਚ ਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕਰਦਿਆਂ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦਾ ਚਿੱਤਰ ਭੇਟ ਕੀਤਾ ਗਿਆ।ਜਥੇਬੰਦੀ ਨੇ ਮੁਬਾਰਕਬਾਦ ਦਿੰਦਿਆਂ ਉਹਨਾਂ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਦੇ ਬਹੁਪੱਖੀ ਵਿਕਾਸ ਦੀ ਉਮੀਦ ਪ੍ਰਗਟ ਕੀਤੀ। ਇਸ ਮੌਕੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਸਰਪ੍ਰਸਤ ਜਗਜੀਤ ਸਿੰਘ ਸੱਗੂ ਨੇ ਕਿਹਾ ਕਿ ਪੰਜਾਬ ਅੰਦਰ ਕਿਸੇ ਵੀ ਜ਼ਿਲ੍ਹੇ ਵਿੱਚ ਰਾਮਗੜ੍ਹੀਆ ਸਮਾਜ ਨਾਲ ਸਬੰਧਤ ਕੋਈ ਵੀ ਅਧਿਕਾਰੀ ਉੱਚ ਅਹੁਦੇ 'ਤੇ ਬਿਰਾਜਮਾਨ ਹੁੰਦਾ ਹੈ ਤਾਂ ਉਹਨਾਂ ਦਾ ਕੌਮੀ ਸੰਚਾਲਕ ਹਰਜੀਤ ਸਿੰਘ ਰਾਮਗੜ੍ਹੀਆ ਦੇ ਦਿਸ਼ਾ ਨਿਰਦੇਸ਼ ਅਨੁਸਾਰ ਵਿਸ਼ੇਸ਼ ਤੌਰ 'ਤੇ ਸਨਮਾਨ ਕਰਨ ਦੀ ਚਲਾਈ ਹੋਈ ਮੁਹਿੰਮ ਤਹਿਤ ਸਥਾਨਕ ਐਸ ਡੀ ਐਮ. ਸੁਖਪਾਲ ਸਿੰਘ ਦਾ ਸਨਮਾਨ ਕੀਤਾ ਗਿਆ ਹੈ।ਐਸ ਡੀ ਐਮ ਸੁਖਪਾਲ ਸਿੰਘ ਨੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਹਮੇਸ਼ਾ ਸਮਾਜ ਭਲਾਈ ਦੇ ਕਾਰਜਾਂ ਵਿੱਚ ਸਹਿਯੋਗ ਦੇਣ ਦਾ ਵੀ ਵਿਸ਼ਵਾਸ ਦਿਵਾਇਆ। ਇਸ ਮੌਕੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਦੇ ਸਰਪ੍ਰਸਤ ਕੁਲਵੀਰ ਸਿੰਘ ਰੀਹਲ, ਸੀਨੀਅਰ ਆਗੂ ਹਰਮੀਤ ਸਿੰਘ ਸੱਲ੍ਹ ਅਤੇ ਮੁੱਖ ਦਫ਼ਤਰ ਇੰਚਾਰਜ ਜਰਨੈਲ ਸਿੰਘ ਸੱਗੂ ਆਦਿ ਹਾਜ਼ਰ ਸਨ।



# ਪੰਜਾਬ ਦਾ ਖੇਤੀ ਸੈਕਟਰ ਤਬਾਹੀ ਕੰਢੇ : ਰਾਣਾ



**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਭਾਰਤ ਤੇ ਅਮਰੀਕਾ ਵਿਚਾਲੇ ਹੋ ਰਿਹਾ ਮੁਕਤ ਵਪਾਰ ਸਮਝੌਤਾ 24 ਜੁਲਾਈ ਤੋਂ ਪਹਿਲਾਂ ਪਹਿਲਾਂ ਲਾਗੂ ਹੋ ਜਾਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨਾਂ ਕਿਹਾ ਕਿ ਦੋਹਾਂ ਮੁਲਕਾਂ ਵਿਚਕਾਰ ਸਮਝੌਤੇ ਨੂੰ ਅੰਤਿਮ ਰੂਪ ਦੇਣ ਦੀ ਪੂਰੀ ਤਿਆਰੀ ਕਰ ਲਈ ਗਈ ਹੈ। ਉਨਾਂ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਸਮਝੌਤਾ ਪੰਜਾਬ ਦੇ ਖੇਤੀ ਸੈਕਟਰ ਨੂੰ ਤਬਾਹ ਕਰ ਦੇਵੇਗਾ। ਪ੍ਰਸਤਾਵਿਤ ਮੁਕਤ ਵਪਾਰ ਸਮਝੌਤੇ ਅਨੁਸਾਰ ਭਾਰਤ ਨੇ ਅਮਰੀਕੀ ਉਦਯੋਗਿਕ ਉਤਪਾਦਾਂ ਅਤੇ ਕਈ ਖੇਤੀ ਵਸਤਾਂ ਜਿਵੇਂ ਪਸ਼ੂ ਚਾਰਾ, ਮੇਵੇ, ਫਲ, ਸੋਇਆਬੀਨ ਤੇਲ, ਵਾਈਨ ਤੇ ਸਪਿਰਿਟ ਤੇ ਟੈਕਸ ਘਟਾਉਣ ਜਾਂ ਖਤਮ ਕਰਨ ਦਾ ਪ੍ਰਸਤਾਵ ਦਿੱਤਾ ਹੈ ਜਿਸ ਵਿੱਚ ਡੇਅਰੀ ਪ੍ਰੋਡਕਟ ਅਤੇ ਮੀਟ ਵੀ ਸ਼ਾਮਿਲ ਹਨ । ਸਮਝੌਤੇ ਮੁਤਾਬਕ ਅਮਰੀਕਾ ਆਪਣੇ ਖੇਤੀ ਪ੍ਰਡਕਟ ਦੁੱਧ ਅਤੇ ਮੀਟ ਦਾ ਵੱਡੇ ਪੱਧਰ ਤੇ ਦੇਸ਼ ਵਿੱਚ ਡੰਪ ਕਰੇਗਾ ਜਿਸ ਨਾਲ ਪੰਜਾਬ ਦੀ ਖੇਤੀ, ਦੁੱਧ ਦਾ ਧੰਦਾ ਅਤੇ ਮੀਟ ਦਾ ਧੰਦਾ ਬਰਬਾਦ ਹੋ ਜਾਣਗੇ। ਇਹ ਸਮਝੌਤਾ ਖੇਤੀ ਸੈਕਟਰ ਵਿੱਚ ਲੱਗੇ ਕਿਸਾਨਾਂ ਮਜ਼ਦੂਰਾਂ ਨੂੰ ਬੇਰੁਜਗਾਰ ਕਰੇਗਾ ਜਿਸ ਦੇ ਬਹੁਤ ਹੀ ਮਾੜੇ ਸਿੱਟੇ ਨਿਕਲਣ ਦਾ ਡਰ ਹੈ।

# ਐੱਸ ਆਈ ਆਰ: ਨਵਾਂਸ਼ਹਿਰ 'ਚ ਅੱਜ ਤੋਂ ਘਰ-ਘਰ ਸਰਵੇ ਸ਼ੁਰੂ ਹੋਵੇਗਾ

**ਨਵਾਂਸ਼ਹਿਰ, (ਮਨੋਜ ਕੁਮਾਰ)**- ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਬੁੱਧਵਾਰ ਨੂੰ ਐਲਾਨ ਕੀਤਾ ਕਿ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਐਸ ਆਈ ਆਰ ਪ੍ਰੋਗਰਾਮ ਤਹਿਤ ਘਰ-ਘਰ ਸਰਵੇ 25 ਜੂਨ ਤੋਂ ਜ਼ਿਲ੍ਹੇ ਭਰ ਵਿੱਚ ਸ਼ੁਰੂ ਹੋਵੇਗਾ।ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਔਲਖ ਨੇ ਕਿਹਾ ਕਿ ਮਹੀਨਾ ਭਰ ਚੱਲਣ ਵਾਲੀ ਇਸ ਕਵਾਇਦ ਦੌਰਾਨ ਬੂਥ ਲੈਵਲ ਅਫਸਰ ਬੀ ਐਲ ਓ ਆਪਣੇ-ਆਪਣੇ ਖੇਤਰ ਦੇ ਹਰ ਘਰ ਵਿੱਚ ਤਿੰਨ ਵਾਰ ਜਾਣਗੇ ਤਾਂ ਜੋ ਕੋਈ ਵੀ ਯੋਗ ਵੋਟਰ ਰੀਵਿਜ਼ਨ ਪ੍ਰਕਿਰਿਆ ਤੋਂ ਵਾਂਝਾ ਨਾ ਰਹੇ। ਇਹ ਸਰਵੇ 25 ਜੂਨ ਤੋਂ 24 ਜੁਲਾਈ ਤੱਕ ਚੱਲੇਗਾ। ਉਨ੍ਹਾਂ ਕਿਹਾ ਕਿ ਪਹਿਲੇ ਦੌਰੇ ਦੌਰਾਨ ਬੀ ਐਲ ਓ ਵੋਟਰਾਂ ਵਿੱਚ ਗਿਣਤੀ ਫਾਰਮ ਵੰਡਣਗੇ ਅਤੇ ਉਨ੍ਹਾਂ ਨੂੰ ਭਰੇ ਹੋਏ ਫਾਰਮ ਇਕੱਠੇ ਕਰਨ ਲਈ ਅਗਲੀ ਮੁਲਾਕਾਤ ਦੀ ਮਿਤੀ ਬਾਰੇ ਜਾਣਕਾਰੀ ਦੇਣਗੇ। ਜੇਕਰ ਪਹਿਲੇ ਦੌਰੇ ਸਮੇਂ ਘਰ ਵਿੱਚ ਕੋਈ ਨਾ ਮਿਲੇ ਤਾਂ ਬੀ ਐੱਲ ਓ ਗਿਣਤੀ ਫਾਰਮ ਦਰਵਾਜ਼ੇ 'ਤੇ ਰੱਖ ਦੇਣਗੇ ਅਤੇ ਬਾਅਦ ਦੇ ਦੌਰਿਆਂ ਦੌਰਾਨ ਉਨ੍ਹਾਂ ਨੂੰ ਇਕੱਠਾ ਕਰ ਲੈਣਗੇ। ਡਿਪਟੀ ਕਮਿਸ਼ਨਰ ਨੇ ਵਸਨੀਕਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਇਸ ਪ੍ਰਕਿਰਿਆ ਤੋਂ ਘਬਰਾਉਣ ਦੀ ਲੋੜ ਨਹੀਂ ਹੈ, ਸਰਵੇ ਰਾਹੀਂ ਹਰ ਯੋਗ ਵੋਟਰ ਨੂੰ ਸ਼ਾਮਲ ਕੀਤਾ ਜਾਵੇਗਾ। ਪਾਰਦਰਸ਼ਤਾ ਅਤੇ ਨਿਰਪੱਖਤਾ ਯਕੀਨੀ ਬਣਾਉਣ ਲਈ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ 2438 ਨੁਮਾਇੰਦਿਆਂ ਨੂੰ ਵੀ ਬੀ.ਐਲ.ਓ ਨਾਲ ਬੂਥ ਲੈਵਲ ਏਜੰਟ ਬੀ.ਐਲ.ਏ ਵਜੋਂ ਜੋੜਿਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਵਿਸ਼ਾਲ ਅਭਿਆਨ ਦਾ ਮੰਤਵ ਇਹ ਹੈ ਕਿ ਜ਼ਿਲ੍ਹੇ ਦਾ ਇੱਕ ਵੀ ਯੋਗ ਵੋਟਰ ਐਸ ਆਈ ਆਰ ਤੋਂ ਬਾਹਰ ਨਾ ਰਹੇ।



# ਵੋਟਾਂ ਬਣਾਉਣ ਸਬੰਧੀ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)** ਬੀ ਐਲ ਓ ਸੁਖਬੀਰ ਸਿੰਘ ਦੀ ਅਗਵਾਈ ਹੇਠ ਪਿੰਡ ਹੇਠਲੀ ਨਲਹੋਟੀ ਦੇ ਕਮਿਊਨਿਟੀ ਸੈਂਟਰ ਵਿਖੇ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੀਟਿੰਗ ਹੋਈ ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੁਰਜੀਤ ਸਿੰਘ ਕਾਹਲੋਂ ਡਾਇਰੈਕਟਰ ਮਿਲਕਫੈਡ ਮੋਹਾਲੀ, ਆਪ ਦੇ ਸਰਪੰਚ ਅਮਰੀਕ ਸਿੰਘ, ਭਾਜਪਾ ਦੇ ਸਤਬੀਰ ਸਿੰਘ, ਕਾਂਗਰਸ ਦੀ ਗੁਰਦੀਪ ਸਿੰਘ, ਸੀ ਪੀ ਆਈ ਦੇ ਕਾਮਰੇਡ ਅਮਨਦੀਪ ਸਿੰਘ ਨੇ ਸ਼ਮੂਲੀਅਤ ਕੀਤੀ! ਮੀਟਿੰਗ ਦੌਰਾਨ ਬੀ ਐਲ ਓ ਸੁਖਬੀਰ ਸਿੰਘ ਨੇ ਦੱਸਿਆ ਕਿ ਘਰ ਘਰ ਦੌਰੇ ਦੌਰਾਨ ਵੋਟਾਂ ਬਣਾਈਆਂ ਜਾਣਗੀਆਂ! ਉਹਨਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਇਸ ਕੰਮ ਵਿੱਚ ਉਹਨਾਂ ਦਾ ਸਹਿਯੋਗ ਦਿੱਤਾ ਜਾਵੇ! ਉਹਨਾਂ ਕਿਹਾ ਕਿ ਹਰੇਕ ਵੋਟਰ ਆਪਣੀਆਂ ਦੋ ਤਾਜ਼ਾ ਫੋਟੋਆਂ ਆਪਣੇ ਕੋਲ ਰੱਖਣ ਅਤੇ ਹੋਰ ਜਾਣਕਾਰੀ ਵੀ ਹੌਂਸਲਾ ਕੀਤੀ ਜਾਵੇਗੀ।

# ਕਰਨਦੀਪ ਨੇ ਬਤੌਰ ਐਸ ਐਸ ਏ ਨਿਯੁਕਤੀ 'ਤੇ ਵਿਧਾਇਕ ਘੁੰਮਣ ਦਾ ਧੰਨਵਾਦ ਕੀਤਾ



**ਦਸੂਹਾ (ਕਰਨੈਲ ਮਾਂਗਟ)**- ਬਲਾਕ ਦਸੂਹਾ ਦੇ ਪਿੰਡ ਲਮੀਨ ਦੇ ਰਹਿਣ ਵਾਲੇ ਕਰਨਦੀਪ ਪੁੱਤਰ ਓਮ ਪ੍ਰਕਾਸ਼ ਪੀ ਐਸ ਟੀ ਸੀ ਐਲ ਵਿੱਚ ਬਤੌਰ ਐਸ ਐਸ ਏ ਨਿਯੁਕਤ ਹੋਏ ਹਨ। ਇਸ ਸਬੰਧੀ ਕਰਨਦੀਪ ਨੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਪਿੰਡ ਦੇ ਨੰਬਰਦਾਰ ਭੁੱਲਾ ਰਾਮ ਤੇਜੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜਗਾਰ ਮੁਹੱਈਆ ਕਰਵਾਏ ਜਾ ਰਹੇ ਹਨ ਜੋ ਕਿ ਸ਼ਲਾਘਾਯੋਗ ਕਦਮ ਹੈ। ਉਨਾਂ ਨੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਵੱਲੋਂ ਕੰਡੀ, ਬੇਟ ਅਤੇ ਦਸੂਹਾ ਖੇਤਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਚਲਾਏ ਜਾ ਰਹੇ ਹਨ ਤੇ ਬਿਨਾਂ ਕਿਸੇ ਮੱਤਭੇਦ ਵਿਕਾਸ ਕਰਵਾਇਆ ਜਾ ਰਿਹਾ ਹੈ ਜੋ ਸ਼ਲਾਘਾਯੋਗ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵੀਰ ਸਿੰਘ ਵੀ ਹਾਜ਼ਰ ਸਨ।

# ਸਿਖਲਾਈ ਮੁਕੰਮਲ ਕਰਨ ਵਾਲੀਆਂ ਸਿਖਿਆਰਥਣਾਂ ਨੂੰ ਵੰਡੇ ਸਰਟੀਫਿਕੇਟ

**ਜਲੰਧਰ (ਸੁਰਿੰਦਰ ਕੁਮਾਰ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਰਾਜ ਆਜੀਵਿਕਾ ਮਿਸ਼ਨ, ਪੰਜਾਬ ਹੁਨਰ ਵਿਕਾਸ ਮਿਸ਼ਨ ਅਤੇ ਸਮਾਜਿਕ ਸੁਰੱਖਿਆ ਵਿਭਾਗ ਦੇ ਸਹਿਯੋਗ ਨਾਲ 'ਨਿਊ ਚਾਈਲਡ ਐਂਡ ਮਦਰ ਕੇਅਰ' ਕੋਰਸ ਤਹਿਤ ਸਿਖਲਾਈ ਪ੍ਰਾਪਤ ਕਰ ਚੁੱਕੇ ਬੈਚ ਦੀਆਂ ਸਿਖਿਆਰਥਣਾਂ ਨੂੰ ਸਰਟੀਫਿਕੇਟ ਵੰਡੇ ਗਏ।ਇਸ ਦੇ ਨਾਲ ਹੀ ਇਸੇ ਕੋਰਸ ਤਹਿਤ ਰੈੱਡ ਕਰਾਸ ਸੁਸਾਇਟੀ ਵੱਲੋਂ ਫੰਡ ਕੀਤੇ ਗਏ ਨਵੇਂ ਸਿਖਲਾਈ ਬੈਚ ਦੀ ਸ਼ੁਰੂਆਤ ਮੌਕੇ ਨਗਰ ਨਿਗਮ ਜਲੰਧਰ ਦੇ ਸਹਿਯੋਗ ਨਾਲ ਸਿਖਿਆਰਥਣਾਂ ਨੂੰ ਵੈਲਕਮ ਕਿੱਟਾਂ ਵੀ ਪ੍ਰਦਾਨ ਕੀਤੀਆਂ ਗਈਆਂ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਦੀ ਅਗਵਾਈ ਵਿੱਚ ਇਸ ਸਬੰਧੀ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਹਾਇਕ ਕਮਿਸ਼ਨਰ ਨਗਰ ਨਿਗਮ ਜਲੰਧਰ ਰਾਜੇਸ਼ ਖੋਖਰ ਵੀ ਮੌਜੂਦ ਸਨ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਦਿਵਿਆ ਪੀ ਨੇ ਸਫ਼ਲਤਾਪੂਰਵਕ ਸਿਖਲਾਈ ਮੁਕੰਮਲ ਕਰਨ ਵਾਲੀਆਂ ਸਿਖਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਹੁਨਰ ਵਿਕਾਸ ਰਾਹੀਂ ਮਹਿਲਾਵਾਂ ਆਰਥਿਕ ਤੌਰ 'ਤੇ ਸਸ਼ਕਤ ਬਣ ਸਕਦੀਆਂ ਹਨ ਤੇ ਆਪਣੇ ਪਰਵਾਰਾਂ ਦੀ ਤਰੱਕੀ ਵਿੱਚ ਮਹੱਤਵਪੂਰਣ ਯੋਗਦਾਨ ਪਾ ਸਕਦੀਆਂ ਹਨ। ਉਨ੍ਹਾਂ ਨੇ ਪਾਸ ਹੋਏ ਬੈਚ ਨੂੰ ਭਵਿੱਖ ਦੇ ਯਤਨਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਨਵੇਂ ਬੈਚ ਦੀਆਂ ਸਿਖਿਆਰਥਣਾਂ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਸਿਖਲਾਈ ਪ੍ਰਾਪਤ ਕਰਕੇ ਆਪਣਾ ਭਵਿੱਖ ਸੰਵਾਰਨ ਲਈ ਪ੍ਰੇਰਿਤ ਕੀਤਾ।



# ਸੂਬੇਦਾਰ ਗੁਰਮੀਤ ਸਿੰਘ ਨੂੰ ਵੱਖ-ਵੱਖ ਰਾਜਨੀਤਕ, ਸਮਾਜਿਕ ਅਤੇ ਧਾਰਮਿਕ ਆਗੂਆਂ ਵੱਲੋਂ ਸ਼ਰਧਾਂਜਲੀਆਂ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸੂਬੇਦਾਰ ਗੁਰਮੀਤ ਸਿੰਘ ਉਦਿੰਦ ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਸਿਆਸੀ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਉਹਨਾਂ ਨੂੰ ਸ਼ਰਧਾਂਜਲੀਆਂ ਅਰਪਿਤ ਕਰਦਿਆਂ ਆਖਿਆ ਕਿ ਸਵ ਸੂਬੇਦਾਰ ਗੁਰਮੀਤ ਸਿੰਘ ਉਦਿੰਦ ਨਿਧੜਕ ਜਰਨੈਲ ਅਤੇ ਸਮਾਜ ਸੇਵਾ ਨੂੰ ਪ੍ਰਣਾਏ ਹੋਏ ਸਨ। ਉਹਨਾਂ ਦੀ ਮੌਤ ਨਾਲ ਦੇਸ਼ ਅਤੇ ਸਮਾਜ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਇਹਨਾਂ ਦੀ ਕਰੜੀ ਮਿਹਨਤ ਸਦਕਾ ਅੱਜ ਇਹਨਾਂ ਦੇ ਸਪੁੱਤਰ ਹਰਜਿੰਦਰ ਸਿੰਘ ਪਵਾਰ ਸਿਖਿਆ ਵਿਭਾਗ ਵਿਚ ਉਚ ਅਹੁਦੇ ਤੇ ਸੇਵਾ ਨਿਭਾ ਰਹੇ ਹਨ। ਛੋਟੇ ਪੁੱਤਰ ਪਤਰਕਾਰ ਦੇ ਤੌਰ ਤੇ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ । ਅਤੇ ਸਮਾਜ ਨਾਲ ਜੁੜੇ ਹੋਏ ਹਨ। ਗੁਰਮੀਤ ਸਿੰਘ ਵਲੋਂ ਦੇਸ਼ ਅਤੇ ਸਮਾਜ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਸੂਬੇਦਾਰ ਗੁਰਮੀਤ ਸਿੰਘ ਨੂੰ ਸ਼ਰਧਾਂਜਲੀਆਂ ਭੇਂਟ ਕਰਨ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ, ਵਿਜੇ ਸ਼ਰਮਾ ਟਿੰਕੂ ਸਾਬਕਾ ਚੇਅਰਮੈਨ ਜਿਲਾ ਯੋਜਨਾ ਬੋਰਡ ਮੋਹਾਲੀ, ਰਾਜਿੰਦਰ ਸਿੰਘ ਰਾਜਾ ਨਾਨਹੇੜੀਆਂ ਸੂਬਾ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ ਪੰਜਾਬ, ਭਾਜਪਾ ਦੀ ਸੀਨੀਅਰ ਆਗੂ ਬੀਬੀ ਅਮਨਦੀਪ ਕੌਰ ਰਾਏ ਪੁਤਰੀ ਸਾਬਕਾ ਵਿਧਾਇਕ ਸ਼ਮਸ਼ੇਰ ਸਿੰਘ ਰਾਏ, ਮੇਜ਼ਰ ਅੰਜੂ ਬਾਲਾ ਸਿੰਘ ਭਾਜਪਾ ਹਲਕਾ ਸ੍ਰੀ ਚਮਕੌਰ ਸਾਹਿਬ, ਕਮਲ ਕਿਸ਼ੋਰ ਸ਼ਰਮਾ ਪ੍ਰਧਾਨ ਜਿਲਾ ਕਾਂਗਰਸ ਕਮੇਟੀ ਮੋਹਾਲੀ, ਅਮਨਦੀਪ ਸਿੰਘ ਮਾਂਗਟ ਸਾਬਕਾ ਪ੍ਰਧਾਨ ਨਗਰ ਕੌਂਸਲ ਸ੍ਰੀ ਚਮਕੌਰ ਸਾਹਿਬ, ਹਰਮਿੰਦਰ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੋਪੜ, ਦਰਸ਼ਨ ਸਿੰਘ ਸੰਧੂ ਪ੍ਰਧਾਨ ਜਿਲਾ ਕਾਂਗਰਸ ਕਮੇਟੀ ਮੋਰਿੰਡਾ, ਕਰਨੈਲ ਸਿੰਘ ਜੀਤ ਵਾਇਸ ਚੇਅਰਮੈਨ ਪੀ ਏ ਡੀ ਬੈਂਕ, ਬਹਾਦਰ ਸਿੰਘ ਓਕੇ ਐਮ ਸੀ ਕੁਰਾਲੀ, ਕੌਂਸਲਰ ਹਰਜਿੰਦਰ ਸਿੰਘ ਛਿੱਬਰ ਮੋਰਿੰਡਾ, ਕੌਂਸਲਰ ਮਹਿੰਦਰ ਸਿੰਘ ਢਿੱਲੋਂ ਮੋਰਿੰਡਾ, ਜਥੇਦਾਰ ਕੁਲਦੀਪ ਸਿੰਘ ਤਰਨਾ ਦਲ ਲੁਧਿਆਣਾ, ਦਵਿੰਦਰ ਸਿੰਘ ਬਾਜਵਾ ਰੋਡ ਮਾਜਰਾ ਕਿਸਾਨ ਯੂਨੀਅਨ ਆਗੂ ਪੰਜਾਬ, ਸਵਰਨਜੀਤ ਕੌਰ ਸਕੱਤਰ ਮਹਿਲਾ ਕਾਂਗਰਸ ਪੰਜਾਬ, ਰਣਜੀਤ ਸਿੰਘ ਨਗਲੀਆਂ ਚੇਅਰਮੈਨ ਐਸ ਸੀ ਡਿਪਾਰਟਮੈਂਟ ਜ਼ਿਲਾ ਮੋਹਾਲੀ, ਰਕੇਸ਼ ਕਾਲੀਆ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ, ਜਗਤਾਰ ਸਿੰਘ ਓ ਐਸ ਡੀ ਹਲਕਾ ਵਿਧਾਇਕ, ਜੁਝਾਰ ਸਿੰਘ ਮਾਵੀ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਮੋਰਿੰਡਾ, ਅਕਾਲੀ ਆਗੂ ਜਥੇਦਾਰ ਜੋਗਿੰਦਰ ਸਿੰਘ ਬੰਗੀਆਂ, ਸਬ ਇੰਸਪੈਕਟਰ ਰਜਿੰਦਰ ਸਿੰਘ, ਪਵਨਦੀਪ ਸਿੰਘ ਚੌਕੀ ਇੰਚਾਰਜ ਲੁਠੇੜੀ, ਬਾਬੂ ਸਿੰਘ ਪਮੌਰ, ਰੁਪਿੰਦਰ ਸਿੰਘ ਲੰਬੜਦਾਰ, ਦੀਦਾਰ ਸਿੰਘ ਡਹਿਰ, ਗੁਰਚਰਨ ਸਿੰਘ ਮਾਣੇ ਮਾਜਰਾ, ਕੌਂਸਲਰ ਪ੍ਰਦੀਪ ਕੁਮਾਰ ਰੂੜਾ ਕੁਰਾਲੀ, ਜਗਤਾਰ ਸਿੰਘ ਗਿੱਲ, ਬਲਵਿੰਦਰ ਸਿੰਘ ਪਟਵਾਰੀ, ਮਲਕੀਤ ਸਿੰਘ ਰੌਣੀ ਅਦਾਕਾਰ, ਐਡਵੋਕੇਟ ਜੁਗਲ ਕਿਸ਼ੋਰ ਸ਼ਰਮਾ, ਕੁਲਦੀਪ ਸਿੰਘ ਢਿੱਲੋਂ ਸਹਿ ਸੰਪਾਦਕ ਦੇਸ਼ ਸੇਵਕ, ਐਡਵੋਕੇਟ ਮਨਦੀਪ ਮੋਦਗਿਲ, ਐਡਵੋਕੇਟ ਧੀਰਜ ਕੌਸ਼ਲ, ਜੋਗਿੰਦਰ ਪਾਲ ਸਿੰਘ ਸੀਨੀਅਰ ਪੱਤਰਕਾਰ ਖਮਾਣੋਂ, ਗੁਰਮੁੱਖ ਸਿੰਘ ਮਾਨ ਸੀਨੀਅਰ ਪੱਤਰਕਾਰ ਖਰੜ, ਐਡਵੋਕੇਟ ਹਰਮੋਨ ਸਿੰਘ, ਮਨਜੀਤ ਸਿੰਘ ਨਵਾਂ ਗਰਾਓ ਸੀਨੀਅਰ ਮੀਤ ਪ੍ਰਧਾਨ ਕਾਂਗਰਸ ,ਮਦਨ ਸਿੰਘ ਮਾਨਕਪੁਰ ਸ਼ਰੀਫ ਬਲਾਕ ਕਾਂਗਰਸ ਪ੍ਰਧਾਨ ਮਾਜਰੀ, ਗਿਆਨ ਸਿੰਘ ਛੱਤ ਕਾਂਗਰਸੀ ਆਗੂ, ਅਜੀਤ ਸਿੰਘ ਭੜੋਜੀਆ ਸਕੱਤਰ ਜ਼ਿਲ੍ਹਾ ਕਾਂਗਰਸ, ਗੁਰਪ੍ਰੀਤ ਸਿੰਘ ਫੌਜੀ ਸਰਪੰਚ ਅਮਰਾਲੀ, ਸੋਮ ਸਿੰਘ ਸਰਪੰਚ ਫਤਿਹਪੁਰ, ਮੇਜਰ ਸਿੰਘ ਸਰਪੰਚ, ਪ੍ਰਿਤਪਾਲ ਸਿੰਘ ਬਲਾਕ ਸੰਮਤੀ ਮੈਂਬਰ, ਕੇਸਰ ਸਿੰਘ, ਸਾਬਕਾ ਡੀ ਐਸ ਪੀ, ਗੁਰਮੁਖ ਸਿੰਘ ਢੋਲਣ ਮਾਜਰਾ, ਕੌਂਸਲਰ ਅਸ਼ਵਨੀ ਸ਼ਰਮਾ ਕੁਰਾਲੀ, ਮੋਰਿੰਡਾ ਪ੍ਰੈਸ ਕਲੱਬ, ਖਰੜ ਪ੍ਰੈਸ ਕਲੱਬ, ਕੁਰਾਲੀ ਪ੍ਰੈਸ ਕਲੱਬ, ਮੋਹਾਲੀ ਪ੍ਰੈਸ ਕਲੱਬ ਅਤੇ ਰੋਪੜ੍ਹ ਪ੍ਰੈਸ ਕਲੱਬ ਨਾਲ ਸਬੰਧਤ ਪੱਤਰਕਾਰ ਭਾਈਚਾਰਾ ਵੱਡੀ ਗਿਣਤੀ ਵਿੱਚ ਹਾਜ਼ਰ ਸੀ।



## ਦਸਤਾਰ ਚੇਤਨਾ ਮਾਰਚ ਕਮੇਟੀ ਵੱਲੋਂ 6 ਰੋਜ਼ਾ ਫ੍ਰੀ ਦਸਤਾਰ ਸਿਖਲਾਈ ਕੈਂਪ



**ਮੋਗਾ (ਇਕਬਾਲ ਸਿੰਘ ਖਹਿਰਾ)**-ਦਸਤਾਰ ਚੇਤਨਾ ਮਾਰਚ ਕਮੇਟੀ ਮੋਗਾ ਵੱਲੋਂ 6 ਰੋਜ਼ਾ ਫ੍ਰੀ ਦਸਤਾਰ ਸਿਖਲਾਈ ਕੈਂਪ ਗੁਰਦੁਆਰਾ ਡੇਰਾ ਬਾਬਾ ਮੱਲ ਸਿੰਘ ਜੀ ਪੁਰਾਣਾ ਮੋਗਾ ਵਿਖੇ ਬਾਬਾ ਮਹਿੰਦਰ ਸਿੰਘ ਜਨੇਰ ਵਾਲਿਆਂ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਗਿਆ। ਜਿਸ ਵਿੱਚ ਹਰ ਰੋਜ਼ ਸ਼ਾਮ ਨੂੰ 6 ਵਜੇ ਤੋਂ 7.30 ਵਜੇ ਤੱਕ ਵੀਰ ਮਨਦੀਪ ਸਿੰਘ ਤੇ ਵੀਰ ਰਹਿਤਪ੍ਰੀਤ ਸਿੰਘ ਵੱਲੋਂ ਦਸਤਾਰ ਅਤੇ ਦੁਮਾਲੇ ਦੀ ਸਿਖਲਾਈ ਦਿੱਤੀ ਗਈ। ਇਸ ਵਿੱਚ 40 ਤੋਂ 45 ਲੜਕੇ ਤੇ ਲੜਕੀਆਂ ਨੇ ਹਿੱਸਾ ਲਿਆ। ਮੁੱਖ ਪ੍ਰਬੰਧਕ ਜਗਰੂਪ ਸਿੰਘ ਤੇ ਹਰਦਿਆਲ ਸਿੰਘ ਵੱਲੋਂ ਜਾਣਕਾਰੀ ਦਿੱਤੀ ਗਈ ਇਹ ਸਭ ਕਾਰਜ ਨਵੀਂ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਸਿੱਖੀ ਨਾਲ ਜੋੜਨ ਲਈ ਕੀਤੇ ਹਨ। 20 ਜੂਨ ਨੂੰ ਸਿਖਲਾਈ ਲੈਣ ਵਾਲੇ ਬੱਚਿਆਂ ਦੇ ਦਸਤਾਰ ਮੁਕਾਬਲੇ ਕਰਵਾਏ ਗਏ। ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਗਿਆਨੀ ਸਤਨਾਮ ਸਿੰਘ ਜਨੇਰ ਵਾਲੇ ਵਲੋਂ ਬੱਚਿਆਂ ਨੂੰ ਪਹਿਲਾ, ਦੂਜਾ, ਤੀਜਾ ਇਨਾਮ ਤੇ ਨਗਦ ਇਨਾਮ ਨਾਲ ਸਨਮਾਨਤ ਕੀਤਾ ਗਿਆ ਅਤੇ ਬਾਕੀ ਸਾਰੇ ਬੱਚਿਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ। ਸਟੇਜ ਸੈਕਟਰੀ ਦੀ ਸੇਵਾ ਗੁਰਪ੍ਰੀਤਮ ਸਿੰਘ ਚੀਮਾ ਵੱਲੋਂ ਨਿਭਾਈ ਗਈ। ਇਸ ਮੌਕੇ ਸਿੱਖਲਾਈ ਕੈਂਪ ਵਿੱਚ ਸੇਵਾਵਾਂ ਨਿਭਾਉਣ ਵਾਲੇ ਦਸਤਾਰ ਕੋਚ ਮਨਦੀਪ ਸਿੰਘ, ਰਹਿਤਪ੍ਰੀਤ ਸਿੰਅ, ਰਮਨਪ੍ਰੀਤ ਸਿੰਘ, ਹਰਗੁਣ ਸਿੰਘ, ਗੁਰਵਿੰਦਰ ਸਿੰਘ ਅਤੇ ਨਵਨੀਤ ਕੌਰ ਦਾ ਵਿਸ਼ੇਸ ਤੌਰ 'ਤੇ ਸਨਮਾਨ ਕੀਤਾ ਗਿਆ। ਕੁਲਵੰਤ ਸਿੰਘ ਕਾਂਤੀ, ਨਿਰਮਲ ਸਿੰਘ ਖ਼ੀਵਾ, ਆਏ ਹੋਏ ਪਤਵੰਤੇ ਸੱਜਣ ਕੁਲਦੀਪ ਸਿੰਘ ਰੋਮਾਣਾ, ਦਿਲਜਾਨ ਰੋਮਣਾ, ਰਾਜਵਿੰਦਰ ਸਿੰਘ ਬਹੋਨਾ, ਗੁਰਪ੍ਰੀਤ ਸਿੰਘ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੱਚਿਆਂ ਲਈ ਲੰਗਰ ਦਾ ਪ੍ਰਬੰਧ ਕਰਨ 'ਤੇ ਧੰਨਵਾਦ ਕੀਤਾ। ਇਸ ਮੌਕੇ ਕਮੇਟੀ ਮੈਂਬਰ ਅਰਸ਼ਦੀਪ ਸਿੰਘ, ਹੈਪੀ ਵੀਰ, ਕਮਲਪ੍ਰੀਤ ਸਿੰਘ ਪੀਤਾ, ਹਰਸ਼ਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਤਰਨਜੋਤ ਸਿੰਘ, ਹਰਪ੍ਰੀਤ ਸਿੰਘ ਪੀਤਾ, ਹਰਵਿੰਦਰ ਸਿੰਘ, ਆਦਿ ਹਾਜ਼ਰ ਸਨ।

# ਸੁਖਾਨੰਦ ਗੋਲੀਕਾਂਡ : ਮੁੱਖ ਦੋਸ਼ੀ ਪਤੀ-ਪਤਨੀ ਸਮੇਤ ਚਾਰ ਕਾਬੂ

### ਪੁਰਾਣੀ ਰੰਜਿਸ਼ ਕਾਰਨ ਜਸਕਰਨ ਸਿੰਘ ਉਰਫ ਗੱਗੂ ਦੀ ਹੱਤਿਆ, ਪੁਲਸ ਵੱਲੋਂ ਹੋਰਨਾਂ ਦੋਸ਼ੀਆਂ ਦੀ ਭਾਲ ਜਾਰੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਥਾਣਾ ਸਮਾਲਸਰ ਅਧੀਨ ਪੈਂਦੇ ਪਿੰਡ ਸੁਖਾਨੰਦ ਵਿੱਚ ਬੀਤੀ 17 ਜੂਨ ਦੀ ਰਾਤ ਨੂੰ ਹੋਈ ਗੋਲੀਬਾਰੀ ਦੀ ਘਟਨਾ ਵਿੱਚ ਜਸਕਰਨ ਸਿੰਘ ਉਰਫ ਗੱਗੂ ਨਿਵਾਸੀ ਪਿੰਡ ਚੀਦਾ ਦੀ ਹੱਤਿਆ ਦੇ ਮਾਮਲੇ ਵਿੱਚ ਪੁਲਸ ਨੇ ਤੇਜ਼ ਕਾਰਵਾਈ ਕਰਦਿਆਂ ਮੁੱਖ ਮੁਲਜ਼ਮ ਪਤੀ-ਪਤਨੀ ਸਮੇਤ ਚਾਰ ਵਿਅਕਤੀਆਂ ਨੂੰ ਕਾਬੂ ਕਰ ਲਿਆ ਹੈ, ਜਦਕਿ ਇੱਕ ਹੋਰ ਦੋਸ਼ੀ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਜਾਰੀ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਬਾਘਾ ਪੁਰਾਣਾ ਜਸਵਿੰਦਰ ਸਿੰਘ ਖਹਿਰਾ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਤਜਿੰਦਰ ਸਿੰਘ ਉਰਫ ਜਿੰਦੀ ਨਿਵਾਸੀ ਪਿੰਡ ਚੀਦਾ ਦੇ ਬਿਆਨਾਂ ਦੇ ਆਧਾਰ 'ਤੇ ਅਮਨਦੀਪ ਸਿੰਘ ਬਰਾੜ, ਉਸ ਦੀ ਪਤਨੀ ਗੁਰਪ੍ਰੀਤ ਕੌਰ, ਉਸ ਦੇ ਲੜਕੇ ਮਨਿੰਦਰ ਸਿੰਘ ਨਿਵਾਸੀ ਪਿੰਡ ਸੁਖਾਨੰਦ ਤੇ ਇੱਕ ਅਣਪਛਾਤੇ ਵਿਅਕਤੀ ਖਿਲਾਫ ਹੱਤਿਆ ਤੇ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਤਜਿੰਦਰ ਸਿੰਘ ਨੇ ਆਪਣੇ ਬਿਆਨਾਂ ਵਿਚ ਕਿਹਾ ਕਿ ਉਸ ਦੀ ਅਮਨਦੀਪ ਸਿੰਘ ਨਾਲ ਦੋਸਤੀ ਸੀ ਤੇ ਉਹ ਅਕਸਰ ਉਸ ਕੋਲੋਂ ਗੱਡੀ ਲੈ ਜਾਂਦਾ ਸੀ, ਪਰ ਉਸ ਦਾ ਭਰਾ ਜਸਕਰਨ ਸਿੰਘ ਗੱਗੂ ਇਸ ਗੱਲ ਦਾ ਵਿਰੋਧ ਕਰਦਾ ਸੀ ਤੇ ਅਮਨਦੀਪ ਸਿੰਘ 'ਤੇ ਭਰੋਸਾ ਨਹੀਂ ਕਰਦਾ ਸੀ।17 ਜੂਨ ਨੂੰ ਵੀ ਅਮਨਦੀਪ ਸਿੰਘ ਨੇ ਗੱਡੀ ਮੰਗੀ ਸੀ, ਜਿਸ ਨੂੰ ਉਸ ਨੇ ਇਨਕਾਰ ਕਰ ਦਿੱਤਾ, ਜਿਸ ਕਾਰਨ ਦੋਵਾਂ ਵਿੱਚ ਤਕਰਾਰ ਹੋ ਗਈ।ਬਾਅਦ ਵਿਚ ਜਦੋਂ ਤਜਿੰਦਰ ਸਿੰਘ ਗੱਡੀ ਦੇਣ ਲਈ ਪਿੰਡ ਸੁਖਾਨੰਦ ਜਾ ਰਿਹਾ ਸੀ ਤਾਂ ਉਸ ਦਾ ਭਰਾ ਜਸਕਰਨ ਸਿੰਘ ਵੀ ਉਸ ਨਾਲ ਗੱਡੀ ਵਿੱਚ ਚਲਾ ਗਿਆ।ਜਿਵੇਂ ਹੀ ਉਹ ਅਮਨਦੀਪ ਸਿੰਘ ਦੇ ਘਰ ਕੋਲ ਪਹੁੰਚੇ, ਉੱਥੇ ਬਹਿਸਬਾਜ਼ੀ ਸ਼ੁਰੂ ਹੋ ਗਈ, ਜੋ ਗਾਲੀ-ਗਲੋਚ ਤੱਕ ਪਹੁੰਚ ਗਈ।ਇਸ ਦੌਰਾਨ ਅਮਨਦੀਪ ਸਿੰਘ ਦੀ ਪਤਨੀ ਗੁਰਪ੍ਰੀਤ ਕੌਰ ਨੇ ਆਪਣੇ ਲੜਕੇ ਮਨਿੰਦਰ ਸਿੰਘ ਕੋਲੋਂ ਪਿਸਤੌਲ ਮੰਗਵਾਇਆ, ਜੋ ਉਸ ਨੇ ਆਪਣੇ ਪਿਤਾ ਨੂੰ ਦੇ ਦਿੱਤਾ।

ਇਸ ਤੋਂ ਬਾਅਦ ਅਮਨਦੀਪ ਸਿੰਘ ਨੇ ਆਪਣੇ ਘਰ ਦੇ ਅੰਦਰੋਂ ਹੀ ਜਸਕਰਨ ਸਿੰਘ 'ਤੇ ਗੋਲੀ ਚਲਾ ਦਿੱਤੀ, ਜੋ ਉਸ ਨੂੰ ਲੱਗੀ ਤੇ ਉਹ ਗੰਭੀਰ ਜ਼ਖ਼ਮੀ ਹੋ ਗਿਆ।ਉਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਮੌਤ ਹੋ ਗਈ।ਡੀ.ਐੱਸ.ਪੀ. ਨੇ ਦੱਸਿਆ ਕਿ ਅਮਨਦੀਪ ਸਿੰਘ ਦੇ ਖਿਲਾਫ ਪਹਿਲਾਂ ਤੋਂ ਹੀ ਚਾਰ ਮਾਮਲੇ ਦਰਜ ਹਨ, ਜਦਕਿ ਉਸ ਦੀ ਪਤਨੀ ਖਿਲਾਫ ਵੀ ਇੱਕ ਮਾਮਲਾ ਦਰਜ ਹੈ।ਥਾਣਾ ਸਮਾਲਸਰ ਦੇ ਮੁਖੀ ਮੰਗਲ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਅਮਨਦੀਪ ਸਿੰਘ ਬਰਾੜ ਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਤੋਂ ਇਲਾਵਾ ਨਾਮਜ਼ਦ ਦੋਸ਼ੀ ਜਸਪ੍ਰੀਤ ਸਿੰਘ ਨਿਵਾਸੀ ਜੈਤੋ ਤੇ ਲਖਵਿੰਦਰ ਸਿੰਘ ਜੱਗਾ ਨਿਵਾਸੀ ਗੋਨੇਆਣਾ ਕਲਾਂ, ਜ਼ਿਲ੍ਹਾ ਬਠਿੰਡਾ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ ਹੈ, ਜਦਕਿ ਮਨਿੰਦਰ ਸਿੰਘ ਹਾਲੇ ਫਰਾਰ ਹੈ ਤੇ ਉਸ ਦੀ ਤਲਾਸ਼ ਜਾਰੀ ਹੈ।ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਪਤੀ-ਪਤਨੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ ਤੇ ਉਨ੍ਹਾਂ ਕੋਲੋਂ ਪੁੱਛਗਿੱਛ ਜਾਰੀ ਹੈ।ਪੁਲਸ ਨੂੰ ਉਮੀਦ ਹੈ ਕਿ ਹੋਰ ਵੀ ਅਹਿਮ ਖੁਲਾਸੇ ਹੋ ਸਕਦੇ ਹਨ।

## ਗੈਰੀ ਵੜਿੰਗ ਬਣੇ ਕੋਟਕਪੂਰਾ ਨਗਰ ਕੌਂਸਲ ਦੇ ਪ੍ਰਧਾਨ, ਵਰਕਰਾਂ 'ਚ ਖੁਸ਼ੀ ਦੀ ਲਹਿਰ

### ਮੁੱਖ ਮੰਤਰੀ ਮਾਨ ਤੇ ਸਪੀਕਰ ਸੰਧਵਾਂ ਦਾ ਜਤਾਇਆ ਧੰਨਵਾਦ



**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ)**-ਕੋਟਕਪੂਰਾ ਨਗਰ ਕੌਂਸਲ ਦੇ ਪ੍ਰਧਾਨ ਵਜੋਂ ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਗੈਰੀ ਵੜਿੰਗ ਦੀ ਚੋਣ ਹੋਣ ਨਾਲ ਉਨ੍ਹਾਂ ਦੇ ਸਮਰਥਕਾਂ ਤੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਤੇ ਖੁਸ਼ੀ ਦੀ ਲਹਿਰ ਦੌੜ ਗਈ ਹੈ।ਦੱਸਣਯੋਗ ਹੈ ਕਿ ਗੁਰਪ੍ਰੀਤ ਸਿੰਘ ਗੈਰੀ ਵੜਿੰਗ ਨੇ ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ 22 ਤੋਂ 'ਆਪ' ਦੀ ਟਿਕਟ 'ਤੇ ਬਿਨਾਂ ਮੁਕਾਬਲਾ ਸ਼ਾਨਦਾਰ ਜਿੱਤ ਦਰਜ ਕੀਤੀ ਸੀ।ਨਗਰ ਕੌਂਸਲ ਵਿੱਚ ਆਮ ਆਦਮੀ ਪਾਰਟੀ ਕੋਲ ਸਪੱਸ਼ਟ ਬਹੁਮਤ ਹੋਣ ਕਾਰਨ ਪ੍ਰਧਾਨਗੀ ਦੇ ਅਹੁਦੇ ਲਈ ਉਨ੍ਹਾਂ ਦੀ ਦਾਅਵੇਦਾਰੀ ਪਹਿਲਾਂ ਹੀ ਕਾਫੀ ਮਜ਼ਬੂਤ ਮੰਨੀ ਜਾ ਰਹੀ ਸੀ।ਪਾਰਟੀ ਦੇ ਇੱਕ ਟਕਸਾਲੀ ਤੇ ਸਰਗਰਮ ਵਰਕਰ ਵਜੋਂ ਲੰਬੇ ਸਮੇਂ ਤੋਂ ਨਿਭਾਈਆਂ ਸੇਵਾਵਾਂ ਦਾ ਵੀ ਉਨ੍ਹਾਂ ਨੂੰ ਵੱਡਾ ਲਾਭ ਮਿਲਿਆ ਹੈ।ਪ੍ਰਧਾਨ ਚੁਣੇ ਜਾਣ ਤੋਂ ਬਾਅਦ ਗੁਰਪ੍ਰੀਤ ਸਿੰਘ ਗੈਰੀ ਵੜਿੰਗ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਸ਼ਹਿਰ ਦੇ ਸਰਵਪੱਖੀ ਵਿਕਾਸ ਤੇ ਲੋਕ ਭਲਾਈ ਕਾਰਜਾਂ ਲਈ ਦਿਨ-ਰਾਤ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਪਟਿਆਲਾ ਯੂਥ ਕਾਂਗਰਸ 'ਚ ਮੋਹਿਤ ਮਹਿੰਦਰਾ ਧੜੇ ਦੀ ਜਿੱਤ, ਜਿਮੀ ਗੁਪਤਾ ਵੱਡੇ ਫਰਕ ਨਾਲ ਜੇਤੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਜ਼ਿਲ੍ਹਾ ਯੂਥ ਕਾਂਗਰਸ ਦੀਆਂ ਚੋਣਾਂ ਵਿੱਚ ਸੀਨੀਅਰ ਕਾਂਗਰਸੀ ਆਗੂ ਮੋਹਿਤ ਮਹਿੰਦਰਾ ਦੇ ਧੜੇ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਮਜ਼ਬੂਤ ਪਕੜ ਸਾਬਿਤ ਕੀਤੀ ਹੈ।ਚੋਣ ਨਤੀਜਿਆਂ ਅਨੁਸਾਰ ਮੋਹਿਤ ਮਹਿੰਦਰਾ ਦੇ ਸਮਰਥਕ ਜਿਮੀ ਗੁਪਤਾ ਨੇ ਆਪਣੇ ਵਿਰੋਧੀ ਮਾਧਵ ਸਿੰਗਲਾ ਨੂੰ ਕਰੀਬ ਹਜ਼ਾਰ ਵੋਟਾਂ ਦੇ ਵੱਡੇ ਫਰਕ ਨਾਲ ਹਰਾ ਕੇ ਜਿੱਤ ਦਰਜ ਕੀਤੀ।ਚੋਣ ਨਤੀਜੇ ਸਾਹਮਣੇ ਆਉਣ ਤੋਂ ਬਾਅਦ ਜਿਮੀ ਗੁਪਤਾ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਉਨ੍ਹਾਂ ਦੇ ਦਫ਼ਤਰ ਤੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸਮਰਥਕਾਂ ਵੱਲੋਂ ਮਿਠਾਈਆਂ ਵੰਡੀਆਂ ਗਈਆਂ ਤੇ ਇੱਕ-ਦੂਜੇ ਨੂੰ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਜਿਮੀ ਗੁਪਤਾ ਨੇ ਆਪਣੀ ਜਿੱਤ ਦਾ ਸਿਹਰਾ ਪਾਰਟੀ ਵਰਕਰਾਂ ਤੇ ਯੂਥ ਕਾਂਗਰਸ ਦੇ ਵੋਟਰਾਂ ਨੂੰ ਦਿੰਦਿਆਂ ਕਿਹਾ ਕਿ ਉਹ ਨੌਜਵਾਨਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।ਦੂਜੇ ਪਾਸੇ, ਮਾਧਵ ਸਿੰਗਲਾ ਨੂੰ ਇਸ ਚੋਣ ਵਿੱਚ ਹਾਰ ਦਾ ਸਾਹਮਣਾ ਕਰਨਾ ਪਿਆ।ਭਾਵੇਂ ਉਨ੍ਹਾਂ ਦੇ ਸਮਰਥਕਾਂ ਵੱਲੋਂ ਪੂਰੀ ਤਾਕਤ ਨਾਲ ਚੋਣ ਪ੍ਰਚਾਰ ਕੀਤਾ ਗਿਆ, ਪਰ ਉਹ ਵੋਟਰਾਂ ਦਾ ਭਰੋਸਾ ਜਿੱਤਣ ਵਿੱਚ ਕਾਮਯਾਬ ਨਹੀਂ ਹੋ ਸਕੇ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਖ਼ਿਲਾ਼ਫ ਆਰ-ਪਾਰ ਦੀ ਲੜਾਈ ਦਾ ਐਲਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੂਬਾ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਦੇ ਸੱਦੇ 'ਤੇ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨੇ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਹੈ।ਜਾਣਕਾਰੀ ਦਿੰਦਿਆਂ ਪੀ.ਐੱਸ.ਐੱਮ.ਯੂ. ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ ਅਤੇ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਕਰਮਜੀਤ ਸ਼ਰਮਾ ਨੇ ਦੱਸਿਆ ਕਿ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ 24 ਜੂਨ ਨੂੰ ਸਵੇਰੇ 11 ਵਜੇ ਜ਼ਿਲ੍ਹਾ ਕੰਪਲੈਕਸ ਸਥਿਤ ਡੀ.ਸੀ. ਦਫ਼ਤਰ ਅੱਗੇ ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਵੱਲੋਂ ਸਾਂਝੀਆਂ ਮੰਗਾਂ ਸਬੰਧੀ ਵਿਸ਼ਾਲ ਰੈਲੀ ਕੀਤੀ ਜਾਵੇਗੀ।ਇਸ ਦੌਰਾਨ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਪਿੱਟ ਸਿਆਪਾ ਵੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੂਬਾ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਵੱਲੋਂ 1 ਜੁਲਾਈ ਤੋਂ 10 ਜੁਲਾਈ ਤੱਕ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਦੀਆਂ ਕੋਠੀਆਂ ਦਾ ਘਿਰਾਓ ਕਰਨ ਦਾ ਵੀ ਫ਼ੈਸਲਾ ਲਿਆ ਗਿਆ ਹੈ, ਤਾਂ ਜੋ ਸਰਕਾਰ ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ।ਆਗੂਆਂ ਨੇ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ 24 ਜੂਨ ਦੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਣੀ ਏਕਤਾ ਅਤੇ ਤਾਕਤ ਦਾ ਪ੍ਰਗਟਾਵਾ ਕਰਨ, ਤਾਂ ਜੋ ਸੰਘਰਸ਼ ਨੂੰ ਹੋਰ ਮਜ਼ਬੂਤੀ ਮਿਲ ਸਕੇ।

# ਨਗਰ ਕੌਂਸਲ ਸੁਨਾਮ ਦੇ ਨਵੇਂ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ

### ਮਨਪ੍ਰੀਤ ਬਾਂਸਲ ਪ੍ਰਧਾਨ, ਯਾਦਵਿੰਦਰ ਸੀਨੀਅਰ ਮੀਤ ਪ੍ਰਧਾਨ ਤੇ ਮੀਨਾ ਰਾਣੀ ਮੀਤ ਪ੍ਰਧਾਨ ਚੁਣੇ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਬੀਤੇ ਦਿਨ ਨਗਰ ਕੌਂਸਲ ਸੁਨਾਮ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਸਫਲਤਾਪੂਰਵਕ ਸੰਪੰਨ ਹੋਈ।ਇਸ ਚੋਣ ਦੌਰਾਨ ਮਨਪ੍ਰੀਤ ਬਾਂਸਲ ਨੂੰ ਪ੍ਰਧਾਨ, ਯਾਦਵਿੰਦਰ ਸਿੰਘ ਨਿਰਮਾਣ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਮੀਨਾ ਰਾਣੀ ਪਤਨੀ ਸ਼੍ਰੀ ਭਾਨੂ ਪ੍ਰਤਾਪ ਨੂੰ ਮੀਤ ਪ੍ਰਧਾਨ ਚੁਣਿਆ ਗਿਆ।

ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਜ਼ਿੰਮੇਵਾਰੀ ਲੋਕਾਂ ਦੀ ਸੇਵਾ ਤੇ ਸ਼ਹਿਰ ਦੇ ਸਮੁੱਚੇ ਵਿਕਾਸ ਲਈ ਇੱਕ ਮਹੱਤਵਪੂਰਨ ਮੌਕਾ ਹੈ।ਉਨ੍ਹਾਂ ਨਵੇਂ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਦਿਨ-ਰਾਤ ਇੱਕ ਕਰਕੇ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ।ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਸਵਾ ਚਾਰ ਸਾਲਾਂ ਦੌਰਾਨ ਸੁਨਾਮ ਸ਼ਹਿਰ ਵਿੱਚ ਜਿੰਨਾ ਵਿਕਾਸ ਹੋਇਆ ਹੈ, ਹੁਣ ਉਸ ਵਿਕਾਸ ਦੀ ਰਫ਼ਤਾਰ ਦੁੱਗਣੀ ਤੇ ਚੌਗੁਣੀ ਹੋਵੇਗੀ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਦਾ ਇੰਨਾ ਵੱਡੇ ਪੱਧਰ 'ਤੇ ਵਿਕਾਸ ਕਰਵਾਇਆ ਜਾਵੇਗਾ, ਜਿੰਨਾ ਅੱਜ ਤੱਕ ਕਦੇ ਨਹੀਂ ਹੋ ਸਕਿਆ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਨਵੇਂ ਚੁਣੇ ਅਹੁਦੇਦਾਰ ਤੇ ਸਮੂਹ ਕੌਂਸਲਰ ਮਿਲਜੁਲ ਕੇ ਸ਼ਹਿਰ ਦੀ ਤਰੱਕੀ ਲਈ ਨਵਾਂ ਇਤਿਹਾਸ ਰਚਣਗੇ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਨਗਰ ਕੌਂਸਲ ਦੇ ਸਾਰੇ ਚੁਣੇ ਹੋਏ ਐੱਮ.ਸੀ. ਬਰਾਬਰ ਦੇ ਹੱਕਦਾਰ ਹਨ ਤੇ ਉਨ੍ਹਾਂ ਨੂੰ ਅਹੁਦੇਦਾਰਾਂ ਤੋਂ ਵਧ ਕੇ ਮਾਣ-ਸਨਮਾਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਟੀਮ ਵਰਕ ਤੇ ਆਪਸੀ ਸਹਿਯੋਗ ਨਾਲ ਹੀ ਸ਼ਹਿਰ ਦੇ ਵਿਕਾਸ ਨੂੰ ਨਵੀਆਂ ਉਚਾਈਆਂ ਤੱਕ ਲਿਆਂਦਾ ਜਾ ਸਕਦਾ ਹੈ।

## ਵਿਧਾਇਕ ਕਲੇਰ ਨੇ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੰਡੇ



**ਜਗਰਾਓਂ (ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਜਗਰਾਓਂ ਵਿਖੇ ਸ਼੍ਰੋਮਣੀ ਅਕਾਲੀ ਦਲ  ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਐਸ.ਆਰ. ਕਲੇਰ ਦੀ ਅਗਵਾਈ ਹੇਠ ਸਰਕਲ ਗਾਲਿਬ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜੈਪਾਲ ਸਿੰਘ ਖੈਲਾ ਸ਼ੇਰਪੁਰ ਕਲਾਂ ਨੂੰ ਯੂਥ ਵਿੰਗ ਪ੍ਰਧਾਨ, ਬੇਨਜੀਰ ਬੀਨਾ ਗਾਲਿਬ ਕਲਾਂ ਨੂੰ ਇਸਤਰੀ ਵਿੰਗ ਪ੍ਰਧਾਨ, ਕੁਲਵਿੰਦਰ ਸਿੰਘ ਅਮਰਗੜ੍ਹ ਕਲੇਰ ਨੂੰ ਆਈ.ਟੀ. ਵਿੰਗ ਪ੍ਰਧਾਨ ਅਤੇ ਰੇਸ਼ਮ ਸਿੰਘ ਗਾਲਿਬ ਖੁਰਦ ਨੂੰ ਐਸ.ਸੀ. ਵਿੰਗ ਸਰਕਲ ਪ੍ਰਧਾਨ ਵਜੋਂ ਨਿਯੁਕਤੀ ਪੱਤਰ ਦਿੱਤੇ ਗਏ। ਐਸ.ਆਰ. ਕਲੇਰ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇ।ਸਮਾਗਮ ਵਿੱਚ ਐੱਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਦਵਿੰਦਰ ਸਿੰਘ ਖੈਲਾ ਸ਼ੇਰਪੁਰ ਕਲਾਂ , ਸਰਬਜੀਤ ਸਿੰਘ ਸ਼ੇਰਪੁਰ ਕਲਾਂ, ਗੁਰਦੀਪ ਸਿੰਘ ਗਾਲਿਬ ਖੁਰਦ, ਹਰਦੀਪ ਸਿੰਘ ਵਿੱਕੀ ਗਾਲਿਬ ਕਲਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਲਾਲਾ ਮੰਗਤ ਰਾਏ ਸਮਰਾਲਾ ਨਗਰ ਕੌਂਸਲ ਦੇ ਬਣੇ ਪ੍ਰਧਾਨ



**ਸਮਰਾਲਾ (ਸੁਰਜੀਤ ਸਿੰਘ)**-ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਸਥਾਨਕ ਐੱਸ ਡੀ ਐੱਮ ਗੁਰਸਿਮਰਨਜੀਤ ਕੌਰ ਦੀ ਦੇਖ-ਰੇਖ ਵਿੱਚ ਲਾਲਾ ਮੰਗਤ ਰਾਏ ਨੂੰ ਸਥਾਨਕ ਨਗਰ ਕੌਂਸਲ ਦਾ ਸਰਬ ਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ ਤੇ ਡਾ. ਸਿਕੰਦਰ ਸਿੰਘ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਲਾਲਾ ਮੰਗਤ ਰਾਏ ਚਾਰ ਵਾਰ ਦੇ ਕੌਂਸਲਰ ਅਤੇ ਹੁਣ ਦੂਜੀ ਵਾਰ ਸਮਰਾਲਾ ਨਗਰ ਕੌਂਸਲ ਦੇ ਪ੍ਰਧਾਨ ਬਣੇ ਹਨ। ਲਾਲਾ ਮੰਗਤ ਰਾਏ ਨੇ ਕਿਹਾ ਕਿ ਪਿਛਲੇ ਸਮੇਂ ਵਿੱਚ ਜਿਹੜੇ ਵਿਕਾਸ ਦੇ ਕੰਮ ਰੁਕੇ ਪਏ ਸਨ, ਉਨ੍ਹਾਂ ਨੂੰ ਪੂਰਾ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਖੜੋਤ ਆਈ ਹੈ।ਉਨ੍ਹਾਂ ਕਿਹਾ ਸ਼ਹਿਰ ਦੀ ਸਭ ਤੋਂ ਵੱਡੀ ਸਮੱਸਿਆ ਸੀਵਰੇਜ ਦਾ ਕੰਮ ਪਹਿਲ ਦੇ ਅਧਾਰ ਤੇ ਨੇਪਰੇ ਚੜ੍ਹਿਆ ਜਾਵੇਗਾ।ਲਾਲਾ ਮੰਗਤ ਰਾਏ ਨੇ ਦੋਸ਼ ਲਾਇਆ ਕਿ ਵਿਰੋਧੀ ਪਾਰਟੀਆਂ ਨੇ ਉਨ੍ਹਾਂ ਦੇ ਮੈਂਬਰਾਂ ਨੂੰ ਖ੍ਰੀਦਣ ਦੀ ਕੋਸ਼ਿਸ਼ ਕੀਤੀ।ਇਸ ਦੌਰਾਨ ਪੁਲਸ ਵੱਲੋਂ ਵਿਰੋਧੀ ਪਾਰਟੀ ਦੇ ਇੱਕ ਮੈਂਬਰ ਨੂੰ ਹਿਰਾਸਤ ਵਿੱਚ ਲਿਆ, ਜਿਸ ਨੂੰ ਬਾਅਦ ਵਿੱਚ ਛੱਡ ਦਿੱਤਾ ਦੱਸਿਆ ਗਿਆ ਹੈ।ਉਧਰ ਸ਼੍ਰੋਮਣੀ ਅਕਾਲੀ ਦਲ ਤੇ ਭਾਰਤੀ ਜਨਤਾ ਪਾਰਟੀ ਨੇ ਆਮ ਆਦਮੀ ਪਾਰਟੀ 'ਤੇ ਧੱਕਾ ਕਰਨ ਦਾ ਦੋਸ਼ ਲਾਇਆ ਹੈ। ਭਾਜਪਾ ਦੇ ਆਗੂ ਨਿਸ਼ੂ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਦੀ ਧੱਕੇਸ਼ਾਹੀ ਵਿਰੁੱਧ ਉਹ ਅਦਾਲਤ ਦਾ ਦਰਵਾਜ਼ਾ ਖੜਕਾਉਣਗੇ।ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਆਮ ਆਦਮੀ ਪਾਰਟੀ ਦੇ ਸਾਰੇ ਮੈਂਬਰਾਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ।

## ਅਰਸ਼ਦੀਪ ਮੱਲ ਵੱਲੋਂ ਪਟਿਆਲ਼ਾ ਦਿਹਾਤੀ ਯੂਥ ਕਾਂਗਰਸ ਦੀ ਪ੍ਰਧਾਨਗੀ 'ਤੇ ਕਬਜ਼ਾ



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਅਰਸ਼ਦੀਪ ਸਿੰਘ ਮੱਲ ਵੱਲੋਂ ਪੰਜਾਬ ਯੂਥ ਕਾਂਗਰਸ ਦੀਆਂ ਸੰਗਠਨਾਤਮਕ ਚੋਣਾਂ ਵਿੱਚ ਪੰਜਾਬ ਵਿੱਚ ਸਭ ਤੋਂ ਵੱਧ 16000 ਵੋਟਾਂ ਪ੍ਰਾਪਤ ਕਰਦੇ ਹੋਏ ਸ਼ਾਨਦਾਰ ਜਿੱਤ ਹਾਸਲ ਕਰਦੇ ਹੋਏ ਪਟਿਆਲ਼ਾ ਜ਼ਿਲ੍ਹੇ ਦੀ ਦਿਹਾਤੀ ਪ੍ਰਧਾਨਗੀ 'ਤੇ ਆਪਣਾ ਕਬਜ਼ਾ ਕਰ ਲਿਆ ਹੈ। ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ ਦੇ ਨਤੀਜੇ ਐਲਾਨੇ ਜਾਣ ਤੋਂ ਬਾਅਦ ਸਨੌਰ ਹਲਕੇ 'ਚ ਅਰਸ਼ਦੀਪ ਦੇ ਸਮਰਥਕਾਂ ਤੇ ਕਾਂਗਰਸੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ ਇਸ ਸਾਲ ਡਿਜੀਟਲ ਪ੍ਰਕਿਰਿਆ ਰਾਹੀਂ ਕਰਵਾਈਆਂ ਗਈਆਂ ਸਨ ਤੇ ਸੂਬੇ ਭਰ ਦੇ ਨੌਜਵਾਨ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਅਰਸ਼ਦੀਪ ਲੰਬੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜੇ ਹੋਏ ਹਨ ਤੇ ਨੌਜਵਾਨਾਂ ਦੇ ਮੁੱਦਿਆਂ ਨੂੰ ਉਭਾਰਨ ਲਈ ਸਰਗਰਮ ਭੂਮਿਕਾ ਨਿਭਾਉਂਦੇ ਆ ਰਹੇ ਹਨ।ਉਨ੍ਹਾਂ ਦੀ ਜਿੱਤ ਨੂੰ ਹਲਕਾ ਸਨੌਰ ਤੇ ਪਟਿਆਲਾ ਜ਼ਿਲ੍ਹੇ ਦੇ ਨੌਜਵਾਨ ਕਾਂਗਰਸੀ ਵਰਕਰਾਂ ਲਈ ਵੱਡੀ ਪ੍ਰਾਪਤੀ ਮੰਨਿਆ ਜਾ ਰਿਹਾ ਹੈ।ਇਸ ਮੌਕੇ ਅਰਸ਼ਦੀਪ ਸਿੰਘ ਤੇ ਉਨ੍ਹਾਂ ਦੇ ਪਿਤਾ ਸੀਨੀਅਰ ਕਾਂਗਰਸੀ ਆਗੂ ਬਲਿਹਾਰ ਸਿੰਘ ਸ਼ਮਸਪੁਰ ਨੇ ਪਾਰਟੀ ਹਾਈ ਕਮਾਂਡ, ਸੀਨੀਅਰ ਕਾਂਗਰਸੀ ਆਗੂਆਂ ਤੇ ਸਮੂਹ ਯੂਥ ਕਾਂਗਰਸ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉਠਾਉਣਾ ਤੇ ਪੰਜਾਬ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪਹਿਲ ਹੋਵੇਗੀ।ਉਨ੍ਹਾਂ ਦੀ ਜਿੱਤ 'ਤੇ ਹਲਕਾ ਸਨੌਰ ਦੇ ਕਾਂਗਰਸੀ ਆਗੂਆਂ, ਵਰਕਰਾਂ ਤੇ ਸਮਰਥਕਾਂ ਵੱਲੋਂ ਵਧਾਈਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ।

# ਸੰਤੋਖ ਸਿੰਘ ਕੋਟਾਲਾ ਦੀ ਪੁਸਤਕ 'ਪਿੰਡ ਦੇ ਲੋਕ ਤੇ ਸਫ਼ਰ-ਏ-ਪਾਕਿਸਤਾਨ' ਰਿਲੀਜ਼



**ਸਮਰਾਲਾ (ਸੁਰਜੀਤ ਸਿੰਘ)**-ਉੱਘੇ ਕਵੀ ਸੁਰਜੀਤ ਰਾਮਪੁਰੀ ਦੀ ਜਨਮ ਸ਼ਤਾਬਦੀ ਨੂੰ ਸਮਰਪਤ ਪ੍ਰਧਾਨ ਸਿਮਰਜੀਤ ਸਿੰਘ ਕੰਗ ਦੀ ਪ੍ਰਧਾਨਗੀ ਹੇਠ ਹੋਈ ਸਾਹਿਤ ਸਭਾ ਦੀ ਮੀਟਿੰਗ ਵਿੱਚ ਲੇਖਕ ਸੰਤੋਖ ਸਿੰਘ ਕੋਟਾਲਾ ਵੱਲੋਂ ਸੰਪਾਦਿਤ 'ਪਿੰਡ ਦੇ ਲੋਕ ਤੇ ਸਫ਼ਰ-ਏ-ਪਾਕਿਸਤਾਨ' ਪੁਸਤਕ ਹਾਜ਼ਰ ਲੇਖਕਾਂ ਦੀ ਉਪਸਥਿਤੀ ਵਿੱਚ ਰਿਲੀਜ਼ ਕੀਤੀ ਗਈ।ਪੁਸਤਕ ਬਾਰੇ ਸੰਖੇਪ ਜਾਣ-ਪਛਾਣ ਸਭਾ ਦੇ ਜਨਰਲ ਸਕੱਤਰ ਦੀਪ ਦਿਲਬਰ ਨੇ ਦੱਸਿਆ ਕਿ ਇਹ ਪੁਸਤਕ ਪਿੰਡ ਕੋਟਾਲਾ ਤੋਂ 1947 ਦੀ ਵੰਡ ਵੇਲ਼ੇ ਪਾਕਿਸਤਾਨ ਗਏ ਰਾਣਾ ਨਜ਼ੀਰ ਅਹਿਮਦ ਖ਼ਾਨ ਦੀ ਉਰਦੂ ਵਿੱਚ ਲਿਖੀ ਸੱਚੀ ਦਾਸਤਾਨ ਹੈ, ਜਿਸ ਨੂੰ ਸੰਤੋਖ ਸਿੰਘ ਕੋਟਾਲਾ ਤੇ ਸਰਬਜੀਤ ਸਿੰਘ ਖੀਰਨੀਆਂ ਦੇ ਸਹਿਯੋਗ ਨਾਲ਼ ਪੰਜਾਬੀ ਵਿੱਚ ਅਨੁਵਾਦ ਕੀਤਾ ਹੈ।

ਇਸ ਦੌਰਾਨ ਸੰਪਾਦਕ ਡਾ. ਸੰਤੋਖ ਸਿੰਘ ਨੇ ਇਸ ਕਿਤਾਬ ਦੇ ਉਰਦੂ ਵਿੱਚ ਛਪ ਕੇ ਪਾਕਿਸਤਾਨ ਤੋਂ ਭਾਰਤ ਪਹੁੰਚਣ ਦੀ ਰੌਚਕ ਕਹਾਣੀ ਵੀ ਹਾਜ਼ਰੀਨ ਨਾਲ਼ ਸਾਂਝੀ ਕੀਤੀ।ਸਭਾ ਦੇ ਪ੍ਰਧਾਨ ਸਿਮਰਨਜੀਤ ਸਿੰਘ ਕੰਗ ਨੇ ਕਿਹਾ ਕਿ ਅਜਿਹੀ ਇਤਿਹਾਸਕ ਕਿਤਾਬ ਨੂੰ ਸਭਾ ਵੱਲੋਂ ਰਿਲੀਜ਼ ਕੀਤੇ ਜਾਣਾ ਸਭਾ ਲਈ ਮਾਣ ਵਾਲੀ ਗੱਲ ਹੈ।ਇਸ ਮੌਕੇ ਸਭਾ ਵੱਲੋਂ ਸੰਤੋਖ ਸਿੰਘ ਕੋਟਾਲਾ, ਸਰਬਜੀਤ ਸਿੰਘ ਖੀਰਨੀਆਂ ਤੇ ਬਲਵੰਤ ਸਿੰਘ ਮਾਂਗਟ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਰਿਲੀਜ਼ ਸਮਾਰੋਹ ਉਪਰੰਤ ਰਚਨਾਵਾਂ ਦੇ ਦੌਰ ਵਿੱਚ ਹਾਜ਼ਰ ਲੇਖਕਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਤੇ ਹਾਜ਼ਰ ਲੇਖਕਾਂ ਨੇ ਚਰਚਾ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚ ਨਵਜੀਤ ਸਿੰਘ ਕੋਟਾਲਾ, ਚਮਕੌਰ ਸੱਲ੍ਹਣ, ਬਲਵੰਤ ਮਾਂਗਟ, ਜਗਦੇਵ ਮਕਸੂਦੜਾ, ਦਰਸ਼ਨ ਤੂਰ ਬਲਾਲਾ, ਮੁਖ਼ਤਿਆਰ ਸਿੰਘ, ਕਹਾਣੀਕਾਰ ਅਜਮੇਰ ਸਿੱਧੂ, ਨੇਤਰ ਸਿੰਘ ਨੇਤਰ, ਸੰਤੋਖ ਸਿੰਘ, ਬੁੱਧ ਸਿੰਘ ਨੀਲੋਂ, ਦੀਪ ਦਿਲਬਰ, ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ਼, ਦਰਸ਼ਨ ਸਿੰਘ ਕੰਗ, ਗੁਰਦੀਪ ਸੁਖਜੀਤ, ਸੰਦੀਪ ਸਮਰਾਲਾ, ਗੁਰਭਗਤ ਗਿੱਲ (ਸ੍ਰੀ ਭੈਣੀ ਸਾਹਿਬ), ਯਤਿੰਦਰ ਕੌਰ ਮਾਹਲ, ਰਵਿੰਦਰ ਰੁਪਾਲ ਕੌਲਗੜ੍ਹ, ਬਲਵੰਤ ਮਾਂਗਟ, ਸਨੇਹਇੰਦਰ ਮੀਲੂ, ਰੁਪਿੰਦਰਪਾਲ ਸਿੰਘ ਗਿੱਲ ਜੰਡਿਆਲੀ, ਗੁਰਦੀਪ ਮਹੌਣ, ਮਾ. ਆਤਮਾ ਸਿੰਘ, ਮਾ. ਪ੍ਰੇਮ ਨਾਥ, ਡਾ. ਹਰਜਿੰਦਰਪਾਲ ਸਿੰਘ ਸਮਰਾਲਾ, ਸਤੀਸ਼ ਸਚਦੇਵਾ ਲੁਧਿਆਣਾ, ਰਾਮਦਾਸ ਬੰਗੜ, ਅਵਤਾਰ ਸਿੰਘ ਕੋਟਾਲਾ, ਸੋਹਣਜੀਤ ਸਿੰਘ ਕੋਟਾਲਾ, ਮੋਹਣ ਸਿੰਘ ਮਾਦਪੁਰੀ, ਅਮਰੀਕ ਸਿੰਘ ਖੀਰਨੀਆਂ, ਅਮਨਜੋਤ ਸਿੰਘ ਕੋਟਾਲਾ, ਜਸਪਾਲ ਕੌਰ ਤੇ ਜਸਵਿੰਦਰ ਕੌਰ ਆਦਿ ਨੇ ਵੀ ਭਾਗ ਲਿਆ। ਮੀਟਿੰਗ ਦੌਰਾਨ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਉੱਘੇ ਉਰਦੂ ਗ਼ਜ਼ਲਗੋ ਬਸੀਰ ਬਦਰ ਤੇ ਸਿੱਖਿਆ ਨਾਲ਼ ਜੁੜੇ ਪ੍ਰਸਿੱਧ ਚਿੰਤਕ, ਤਰਕਸ਼ੀਲ, ਪੱਤਰਕਾਰ ਸਵਰਨ ਸਿੰਘ ਭੰਗੂ ਨੂੰ ਵਿਸ਼ੇਸ਼ ਤੌਰ 'ਤੇ ਯਾਦ ਕੀਤਾ ਗਿਆ।ਮੀਟਿੰਗ ਦੇ ਅਖ਼ੀਰ ਵਿੱਚ ਸਾਹਿਤ ਸਭਾ ਦੇ ਪ੍ਰਧਾਨ ਸਿਮਰਜੀਤ ਸਿੰਘ ਕੰਗ ਨੇ ਸਾਰੇ ਪਹੁੰਚੇ ਹੋਏ ਲੇਖਕਾਂ ਤੇ ਬੁੱਧੀਜੀਵੀਆਂ ਦਾ ਧੰਨਵਾਦ ਕੀਤਾ ਅਤੇ ਅਗਲੇ ਮਹੀਨੇ ਕਹਾਣੀਕਾਰ ਸੰਦੀਪ ਸਮਰਾਲਾ ਦੀ ਕਿਤਾਬ 'ਸੁਪਨੇ ਦਾ ਗਵਾਹ ਨਹੀਂ ਹੁੰਦਾ' ਰਿਲੀਜ਼ ਕੀਤੇ ਜਾਣ ਦਾ ਵੀ ਐਲਾਨ ਕੀਤਾ। ਮੀਟਿੰਗ ਦੀ ਕਾਰਵਾਈ ਦੀਪ ਦਿਲਬਰ ਵੱਲੋਂ ਬਾਖ਼ੂਬੀ ਨਿਭਾਈ ਗਈ।

## ਜੇਲ੍ਹ ਮੰਤਰੀ ਨੇ 14 ਨਵੀਆਂ ਐਂਬੂਲੈਂਸਾਂ ਨੂੰ ਦਿਖਾਈ ਹਰੀ ਝੰਡੀ

### ਸੁਰੱਖਿਅਤ ਤੇ ਆਧੁਨਿਕ ਜੇਲ੍ਹ ਪ੍ਰਣਾਲੀ ਸਾਡੀ ਪ੍ਰਾਥਮਿਕਤਾ : ਡਾ. ਰਵਜੋਤ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਪਟਿਆਲਾ ਵਿਖੇ ਰਾਜ ਪੱਧਰੀ ਇਕ ਮਹੱਤਵਪੂਰਨ ਸਮਾਗਮ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਜੇਲ੍ਹਾਂ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਜੇਲ੍ਹ ਵਿਭਾਗ ਦੀ ਆਧੁਨਿਕਤਾ ਤੇ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਵਾਸਤੇ ਕੀਤੀਆਂ ਗਈਆਂ ਨਵੀਆਂ ਪਹਿਲਕਦਮੀਆਂ ਨੂੰ ਅਮਲ ਵਿੱਚ ਲਿਆਂਦਾ ਗਿਆ।ਇਸ ਮੌਕੇ ਉਨ੍ਹਾਂ ਵੱਲੋਂ ਵਿਭਾਗ ਲਈ ਖਰੀਦੀਆਂ ਗਈਆਂ 14 ਅਤਿ-ਆਧੁਨਿਕ ਤੇ ਪੂਰੀ ਤਰ੍ਹਾਂ ਸੁਸੱਜਿਤ ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਸਮਾਗਮ ਦੌਰਾਨ ਜੇਲ੍ਹ ਸੁਰੱਖਿਆ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਤੇ ਨਸ਼ਾ ਵਿਰੋਧੀ ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਉਦੇਸ਼ ਨਾਲ ਇਕ ਹੋਰ ਮਹੱਤਵਪੂਰਨ ਕਦਮ ਵੀ ਚੁੱਕਿਆ ਗਿਆ।ਨੈਸ਼ਨਲ ਟ੍ਰੇਨਿੰਗ ਸੈਂਟਰ ਫਾਰ ਡੌਗਜ਼ (ਐਂਟੀਸੀਡੀ), ਬੀ.ਐਸ.ਐਫ. ਟੇਕਨਪੁਰ, ਮੱਧ ਪ੍ਰਦੇਸ਼ ਤੋਂ ਵਿਸ਼ੇਸ਼ ਸਿਖਲਾਈ ਪ੍ਰਾਪਤ ਕਰਕੇ ਵਾਪਸ ਆਏ 6 ਸਨਿਫਰ ਡੌਗਜ਼ ਤੇ 12 ਡੌਗ ਹੈਂਡਲਰਾਂ ਨੂੰ ਵੱਖ-ਵੱਖ ਜੇਲ੍ਹਾਂ ਵਿੱਚ ਤਾਇਨਾਤ ਕਰਨ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਜੇਲ੍ਹ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਜੇਲ੍ਹ ਪ੍ਰਣਾਲੀ ਨੂੰ ਹੋਰ ਪਾਰਦਰਸ਼ੀ, ਸੁਰੱਖਿਅਤ ਤੇ ਆਧੁਨਿਕ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਜੇਲ੍ਹਾਂ ਵਿੱਚ ਰਹਿੰਦੇ ਕੈਦੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ, ਤਾਂ ਜੋ ਐਮਰਜੈਂਸੀ ਸਥਿਤੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਨਾ ਹੋਵੇ ਤੇ ਸਮੇਂ ਸਿਰ ਇਲਾਜ ਸੰਭਵ ਹੋ ਸਕੇ।ਸਮਾਗਮ ਵਿੱਚ ਡੀ.ਆਈ.ਜੀ. ਜੇਲ੍ਹਾਂ ਪਟਿਆਲਾ ਤੇ ਫਿਰੋਜ਼ਪੁਰ ਸਰਕਲ ਸੁਰਿੰਦਰਜੀਤ ਸਿੰਘ ਮੰਡ, ਸੁਪਰਡੈਂਟ ਕੇਂਦਰੀ ਜੇਲ੍ਹ ਪਟਿਆਲਾ ਗੁਰਚਰਨ ਸਿੰਘ, ਪ੍ਰਿੰਸੀਪਲ ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਵਰੁਣ ਸ਼ਰਮਾ, ਵਾਈਸ ਪ੍ਰਿੰਸੀਪਲ ਮੁਕੇਸ਼ ਸ਼ਰਮਾ ਸਮੇਤ ਜੇਲ੍ਹ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਰਾਜਿੰਦਰ ਦੀਪਾ ਨੇ ਯੂਥ ਕਾਂਗਰਸ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਕੀਤਾ ਸਨਮਾਨਤ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਯੂਥ ਕਾਂਗਰਸ ਦੀਆਂ ਸੰਪੰਨ ਹੋਈਆਂ ਚੋਣਾਂ ਵਿੱਚ ਸਥਾਨਕ ਸੀਨੀਅਰ ਕਾਂਗਰਸੀ ਆਗੂ ਰਾਜਿੰਦਰ ਸਿੰਘ ਦੀਪਾ ਦੇ ਸਾਥੀਆਂ ਨੂੰ ਸਨਮਾਨਤ ਕਰਨ ਲਈ ਆਪਣੇ ਨਿਵਾਸ 'ਤੇ ਵਿਸ਼ੇਸ਼ ਸਮਾਗਮ ਕੀਤਾ ਗਿਆ, ਜਿਸ ਦੌਰਾਨ ਬਲਾਕ ਕਾਂਗਰਸ ਪ੍ਰਧਾਨ ਮਨਪ੍ਰੀਤ ਸਿੰਘ ਮਨੀ ਵੜੈਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਗੱਲਬਾਤ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਰਾਜਿੰਦਰ ਦੀਪਾ ਨੇ ਦੱਸਿਆ ਕਿ ਯੂਥ ਕਾਂਗਰਸ ਦੇ ਨਵੇਂ ਚੁਣੇ ਅਹੁਦੇਦਾਰਾਂ ਵਿੱਚ ਗੁਰਵਿੰਦਰ ਸਿੰਘ ਗੁਰੂ ਬਡਰੁੱਖਾਂ ਜਨਰਲ ਸਕੱਤਰ ਪੰਜਾਬ ਯੂਥ ਕਾਂਗਰਸ, ਦਿਲਪ੍ਰੀਤ ਸਿੰਘ ਸ਼ੇਰੋਂ ਪ੍ਰਧਾਨ ਵਿਧਾਨ ਸਭਾ ਹਲਕਾ ਸੁਨਾਮ, ਮਨਵੀਰ ਸਿੰਘ ਖੇੜੀ ਬਲਾਕ ਪ੍ਰਧਾਨ ਸੁਨਾਮ ਦਿਹਾਤੀ, ਜਸਵੀਰ ਸਿੰਘ ਜੱਸ ਸੁਨਾਮ ਜ਼ਿਲ੍ਹਾ ਮੀਤ ਪ੍ਰਧਾਨ ਸੰਗਰੂਰ, ਮਨਪ੍ਰੀਤ ਸਿੰਘ ਜਨਰਲ ਸਕੱਤਰ ਜ਼ਿਲ੍ਹਾ ਯੂਥ ਕਾਂਗਰਸ ਸੰਗਰੂਰ, ਜਗਜੀਤ ਸਿੰਘ ਉੱਭਾਵਾਲ ਮੀਤ ਪ੍ਰਧਾਨ ਬਲਾਕ ਦਿਹਾਤੀ ਸੁਨਾਮ, ਪਰਮਜੀਤ ਸਿੰਘ ਮੀਤ ਪ੍ਰਧਾਨ ਬਲਾਕ ਸੁਨਾਮ ਦਿਹਾਤੀ, ਕਮਲਦੀਪ ਸਿੰਘ ਮੀਤ ਪ੍ਰਧਾਨ ਬਲਾਕ ਦਿੜ੍ਹਬਾ-2, ਜੱਗਾ ਸਿੰਘ ਮੀਤ ਪ੍ਰਧਾਨ ਬਲਾਕ ਸ਼ਹਿਰੀ ਸੁਨਾਮ, ਸਤਗੁਰ ਸਿੰਘ ਸੈਕਟਰੀ ਬਲਾਕ ਦਿਹਾਤੀ ਸ਼ਾਮਲ ਹਨ।ਇਸ ਮੌਕੇ ਬੋਲਦਿਆਂ ਸੀਨੀਅਰ ਕਾਂਗਰਸੀ ਆਗੂ ਰਾਜਿੰਦਰ ਦੀਪਾ ਤੇ ਬਲਾਕ ਕਾਂਗਰਸ ਕਮੇਟੀ ਸੁਨਾਮ ਦੇ ਪ੍ਰਧਾਨ ਮਨਪ੍ਰੀਤ ਸਿੰਘ ਮਨੀ ਵੜੈਚ ਨੇ ਸਾਰੇ ਨਵ-ਨਿਯੁਕਤ ਨੌਜਵਾਨਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਹ ਜਿੱਤ ਵਰਕਰਾਂ ਦੀ ਮਿਹਨਤ ਤੇ ਕਾਂਗਰਸ ਦੀਆਂ ਨੀਤੀਆਂ ਵਿੱਚ ਲੋਕਾਂ ਦੇ ਵਿਸ਼ਵਾਸ ਦਾ ਨਤੀਜਾ ਹੈ।ਉਨ੍ਹਾਂ ਆਖਿਆ ਕਿ ਨੌਜਵਾਨ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਤੇ ਇਨ੍ਹਾਂ ਯੂਥ ਕਾਂਗਰਸ ਆਗੂਆਂ ਦੀ ਚੋਣ ਨਾਲ ਕਾਂਗਰਸ ਪਾਰਟੀ ਸੁਨਾਮ ਹਲਕੇ ਵਿੱਚ ਵਧੇਰੇ ਮਜ਼ਬੂਤ ਹੋਵੇਗੀ।ਇਸ ਦੌਰਾਨ ਨਵ-ਨਿਯੁਕਤ ਅਹੁਦੇਦਾਰਾਂ ਨੇ ਕਾਂਗਰਸ ਹਾਈਕਮਾਂਡ ਤੇ ਰਾਜਿੰਦਰ ਦੀਪਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਨੌਜਵਾਨਾਂ ਨੂੰ ਪਾਰਟੀ ਨਾਲ ਜੋੜ ਕੇ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਕੰਮ ਕਰਨਗੇ।

## ਨੌਜਵਾਨਾਂ ਲਈ ਰਾਹ-ਦਸੇਰਾ ਪੀ.ਏ.ਯੂ. ਲੁਧਿਆਣਾ : ਬ੍ਰਿਗੇਡੀਅਰ ਚੀਮਾ

ਲੁਧਿਆਣਾ (ਰੈਕਟਰ ਕਥੂਰੀਆ)- ਪੀ.ਏ.ਯੂ. ਲੁਧਿਆਣਾ ਜਿੱਥੇ ਕਿ ਸੂਬੇ ਦੇ ਕਿਸਾਨਾਂ ਲਈ ਖੇਤੀਬਾੜੀ ਵਿੱਚ ਆਮਦਨ ਦਾ ਇੱਕ ਵੱਡਾ ਸਰੋਤ ਹੈ ਉਥੇ ਹੀ ਪੀ.ਏ.ਯੂ. ਵਿੱਚ ਵੱਖ ਵੱਖ ਕੋਰਸਾਂ ਵਿੱਚ ਪੜ੍ਹ ਰਹੇ ਨੌਜਵਾਨਾਂ ਲਈ ਪੀ.ਏ.ਯੂ. ਇੱਕ ਦਿਸ਼ਾ ਨਿਰਦੇਸ਼ ਦਾ ਕੰਮ ਕਰਦੀ ਹੈ ਜਿਵੇਂ ਕਿ ਅਗਾਂਹ ਵਧੂ ਲੈਬਾਰਟਰਜੀ, ਸ਼ਾਨਦਾਰ ਹੋਸਟਲਜ, ਬਹੁਤ ਵਧੀਆ ਲਾਈਬ੍ਰੇਰੀ ਅਤੇ ਖੇਡਣ ਮੱਲਣ ਵਾਸਤੇ 30 ਏਕੜ ਦਾ ਖੇਡਾਂ ਦਾ ਮੈਦਾਨ ਪੀ.ਏ.ਯੂ. ਵਿੱਚ ਸਥਿਤ ਹੈ  ਜਿੱਥੋਂ ਨੌਜਵਾਨ ਆਪਣੀ ਸ਼ਖ਼ਸ਼ੀਅਤ ਦਾ ਵਿਕਾਸ ਕਰ ਸਕਦੇ ਹਨ। ਇਸ ਮੌਕੇ ਡਾ. ਤੇਜਿੰਦਰ ਸਿੰਘ ਰਿਆੜ ਅਪਰ ਨਿਰਦੇਸ਼ਕ ਸੰਚਾਰ ਨੇ ਬ੍ਰਿਗੇਡੀਅਰ ਪੀ.ਐਸ.ਚੀਮਾ ਸਾਹਿਬ, ਐਸ.ਐਮ. ਵੀ.ਐਸ.ਐਮ.  ਗਰੁੱਪ ਕਮਾਂਡਰ, ਐਨ ਸੀ ਸੀ ਅਤੇ ਕਰਨਲ ਫੈਜਨ ਜਹੂਰ  ਕਮਾਂਡਿੰਗ ਅਫਸਰ, ਪੰਜਾਬ ਬਟਾਲੀਅਨ ਐਨ ਸੀ ਸੀ  ਦਾ ਸੰਚਾਰ ਕੇਂਦਰ ਵਿਖੇ ਪਹੁੰਚਣ 'ਤੇ ਨਿੱਘਾ ਸੁਆਗਤ ਕੀਤਾ ਅਤੇ ਅਗਲੇਰੀਆਂ ਸੰਭਾਵਨਾਵਾਂ ਬਾਰੇ ਗੱਲਬਾਤ ਕੀਤੀ। ਇਸ ਮੌਕੇ ਡਾ. ਕਮਲਜੀਤ ਸਿੰਘ ਸੂਰੀ ਨਿਰਦੇਸ਼ਕ ਵਿਦਿਆਰਥੀ ਭਲਾਈ , ਡਾ. ਗੁਰਲਾਲ ਸਿੰਘ ਪੰਨੂ ਇੰਚਾਰਜ ਐਨ ਸੀ ਸੀ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ



# ਭਵਾਨੀਗੜ੍ਹ ਨਗਰ ਕੌਂਸਲ ਦੇ ਪ੍ਰਧਾਨ, ਮੀਤ ਪ੍ਰਧਾਨ ਦੀ ਚੋਣ ਟਲੀ

### ▪ ਸੱਤਾਧਾਰੀ ਪਾਰਟੀ ਦੇ ਸਾਰੇ ਕੌਂਸਲਰ ਰਹੇ ਗੈਰ-ਹਾਜ਼ਰ



**ਭਵਾਨੀਗੜ੍ਹ (ਰਾਜ ਖੁਰਮੀ)**-ਨਗਰ ਕੌਂਸਲ ਭਵਾਨੀਗੜ੍ਹ ਦੇ ਨਵੇਂ ਚੁਣੇ ਕੌਂਸਲਰਾਂ ਨੂੰ ਸਹੁੰ ਚੁਕਾਉਣ ਅਤੇ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਲਈ ਮੰਗਲਵਾਰ ਨੂੰ ਬੁਲਾਈ ਗਈ ਅਹਿਮ ਮੀਟਿੰਗ ਐਨ ਮੌਕੇ ਮੁਲਤਵੀ ਕਰ ਦਿੱਤੀ ਗਈ।ਪ੍ਰਸ਼ਾਸਨ ਵੱਲੋਂ ਪ੍ਰਬੰਧਕੀ ਕਾਰਨਾਂ ਦਾ ਹਵਾਲਾ ਦਿੰਦਿਆਂ ਮੀਟਿੰਗ ਰੱਦ ਕਰਨ ਦੇ ਹੁਕਮ ਜਾਰੀ ਕੀਤੇ ਗਏ, ਜਿਸ ਕਾਰਨ ਸਥਾਨਕ ਸਿਆਸੀ ਹਲਕਿਆਂ ਵਿੱਚ ਚਰਚਾਵਾਂ ਦਾ ਦੌਰ ਸ਼ੁਰੂ ਹੋ ਗਿਆ ਹੈ।ਜਾਣਕਾਰੀ ਅਨੁਸਾਰ ਡਿਪਟੀ ਕਮਿਸ਼ਨਰ ਸੰਗਰੂਰ ਦੀਆਂ ਹਦਾਇਤਾਂ ਤਹਿਤ ਨਗਰ ਕੌਂਸਲ ਦੇ ਨਵੇਂ ਮੈਂਬਰਾਂ ਨੂੰ ਸਹੁੰ ਚੁਕਵਾਉਣ ਤੇ ਪ੍ਰਧਾਨ-ਮੀਤ ਪ੍ਰਧਾਨ ਦੀ ਚੋਣ ਕਰਵਾਉਣ ਲਈ ਉਪ ਮੰਡਲ ਮੈਜਿਸਟਰੇਟ (ਐੱਸਡੀਐੱਮ) ਭਵਾਨੀਗੜ੍ਹ ਮਨਜੀਤ ਕੌਰ ਨੂੰ ਚੋਣ ਕਨਵੀਨਰ ਨਿਯੁਕਤ ਕੀਤਾ ਗਿਆ ਸੀ।ਇਸ ਸਬੰਧੀ ਨਗਰ ਕੌਂਸਲ ਦਫ਼ਤਰ ਵਿਖੇ ਮੀਟਿੰਗ ਸੱਦੀ ਗਈ ਸੀ।

ਦਿਲਚਸਪ ਗੱਲ ਇਹ ਰਹੀ ਕਿ ਮੀਟਿੰਗ ਦੌਰਾਨ ਸੱਤਾਧਾਰੀ ਪਾਰਟੀ ਦੇ ਜੇਤੂ ਸੱਤੋਂ ਕੌਂਸਲਰ ਗੈਰ-ਹਾਜ਼ਰ ਰਹੇ, ਜਦਕਿ ਕਾਂਗਰਸ ਦੇ ਸਾਰੇ ਸੱਤ ਜੇਤੂ ਮੈਂਬਰ ਮੀਟਿੰਗ ਵਿੱਚ ਪਹੁੰਚੇ ਤੇ ਆਪਣੀ ਹਾਜ਼ਰੀ ਦਰਜ ਕਰਵਾਈ।ਅਕਾਲੀ ਦਲ ਨਾਲ ਸਬੰਧਤ ਇਕਲੌਤਾ ਜੇਤੂ ਕੌਂਸਲਰ ਵੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਇਆ।ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਹੀ ਚੋਣ ਕਨਵੀਨਰ-ਕਮ-ਐੱਸਡੀਐੱਮ ਮਨਜੀਤ ਕੌਰ ਵੱਲੋਂ ਲਿਖਤੀ ਹੁਕਮ ਜਾਰੀ ਕਰਕੇ ਚੋਣ ਪ੍ਰਕਿਰਿਆ ਨੂੰ ਅਗਲੇ ਹੁਕਮਾਂ ਤੱਕ ਮੁਲਤਵੀ ਕਰ ਦਿੱਤਾ ਗਿਆ। ਪ੍ਰਸ਼ਾਸਨ ਦੇ ਇਸ ਫੈਸਲੇ ਕਾਰਨ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਇੱਕ ਵਾਰ ਫਿਰ ਅਣਮਿੱਥੇ ਸਮੇਂ ਲਈ ਲਟਕ ਗਈ ਹੈ।ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਦੀਪਕ ਕੁਮਾਰ ਨੇ ਪੁਸ਼ਟੀ ਕਰਦਿਆਂ ਦੱਸਿਆ ਕਿ ਚੋਣ ਮੁਲਤਵੀ ਕਰਨ ਸਬੰਧੀ ਲਿਖਤੀ ਹੁਕਮ ਪ੍ਰਾਪਤ ਹੋਏ ਹਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਨਵੀਂ ਮਿਤੀ ਨਿਰਧਾਰਤ ਕੀਤੇ ਜਾਣ ਤੋਂ ਬਾਅਦ ਚੋਣ ਪ੍ਰਕਿਰਿਆ ਮੁੜ ਸ਼ੁਰੂ ਕੀਤੀ ਜਾਵੇਗੀ।

## ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਵੱਲੋਂ ਕਰਵਾਇਆ ਗਿਆ ਕਹਾਣੀ ਦਰਬਾਰ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਵੱਲੋਂ ਦੂਜਾ ਕਹਾਣੀ ਦਰਬਾਰ ਸ਼ਹੀਦ ਭਗਤ ਸਿੰਘ ਪਬਲਿਕ ਲਾਇਬ੍ਰੇਰੀ ਵਿਖੇ ਕਰਵਾਇਆ ਗਿਆ। ਇਸ ਕਹਾਣੀ ਦਰਬਾਰ ਦੇ ਪ੍ਰਧਾਨਗੀ ਮੰਡਲ ਵਿੱਚ ਸਾਹਿਤ ਅਕਾਦਮੀ ਦਿੱਲੀ ਦੇ ਆਮੰਤ੍ਰਿਤ ਮੈਂਬਰ ਜਸਪਾਲ ਮਾਨਖੇੜਾ, ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਬੰਧਕੀ ਬੋਰਡ ਦੇ ਮੈਂਬਰ ਡਾ. ਹਰਵਿੰਦਰ ਸਿੰਘ ਸਿਰਸਾ, ਪੰਜਾਬੀ ਸਾਹਿਤ ਸਭਾ ਦਿੱਲੀ ਦੇ ਡਾਇਰੈਕਟਰ ਕੇਸਰਾ ਰਾਮ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਸਿਰਸਾ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਗੁਰਪ੍ਰੀਤ ਸਿੰਘ ਸਿੰਧਰਾ ਅਤੇ ਸਭਾ ਦੇ ਪ੍ਰਧਾਨ ਭੁਪਿੰਦਰ ਪੰਨੀਵਾਲੀਆ ਅਤੇ ਸਕੱਤਰ ਬਲਜੀਤ ਬਿੱਟੂ ਮਲਕਪੁਰਾ ਸ਼ਾਮਿਲ ਸਨ। ਇਸ ਕਹਾਣੀ ਦਰਬਾਰ ਵਿੱਚ ਵਿਸ਼ਵ ਪ੍ਰਸਿੱਧ ਕਹਾਣੀਕਾਰ ਕੇਸਰਾ ਰਾਮ ਵੱਲੋਂ ਆਪਣੀ ਕਹਾਣੀ 'ਵਾਇਰਸ' ਪੜ੍ਹੀ ਗਈ। ਬਲਵਿੰਦਰ ਸਿੰਘ ਭੁੱਲਰ ਵੱਲੋਂ ਆਪਣੀ ਕਹਾਣੀ 'ਸਪਰਮ' ਅਤੇ ਦਰਸ਼ਨ ਜੋਗਾ ਵੱਲੋਂ ਆਪਣੀ ਕਹਾਣੀ 'ਸ਼ੁਕਰ ਹੈ' ਪੜ੍ਹੀ ਗਈ। ਇਹਨਾਂ ਸਾਰੀਆਂ ਕਹਾਣੀ ਵਿੱਚ ਸਮਾਜਿਕ ਕੁਰੀਤੀਆਂ 'ਤੇ ਚੋਟ ਕੀਤੀ ਗਈ ਸੀ ਅਤੇ ਇਹਨਾਂ ਕੁਰੀਤੀਆਂ ਨੂੰ ਸਮਾਜ ਵਿੱਚੋਂ ਖਤਮ ਕਰਨ ਦਾ ਸੰਦੇਸ਼ ਦਿੱਤਾ ਗਿਆ ਸੀ। ਇਹਨਾਂ ਕਹਾਣੀਆਂ 'ਤੇ ਹੋਈ ਚਰਚਾ ਵਿੱਚ ਪ੍ਰਿੰਸੀਪਲ ਹਰਭਗਵਾਨ ਚਾਵਲਾ, ਜਸਪਾਲ ਮਾਨਖੇੜਾ, ਡਾ. ਹਰਵਿੰਦਰ ਸਿੰਘ ਸਿਰਸਾ ਡਾ. ਗੁਰਪ੍ਰੀਤ ਸਿੰਘ ਸਿੰਧਰਾ, ਡਾ. ਮਾਂਗਾ ਰਾਮ, ਮੁਲਖ ਸਿੰਘ ਪਿਪਲੀ ਤੇ ਗੁਰੂ ਕਾਸ਼ੀ ਸਹਿਤ ਅਕਾਦਮੀ ਦਮਦਮਾ ਸਾਹਿਬ ਦੇ ਪ੍ਰਧਾਨ ਮਾ. ਸੁਰਿੰਦਰਪਾਲ ਸਿੰਘ ਅਤੇ ਬੰਤਾ ਸਿੰਘ ਬੜਿੰਗ ਨੇ ਭਾਗ ਲਿਆ। ਇਸ ਮੌਕੇ 'ਤੇ ਸਾਰੇ ਕਹਾਣੀਕਾਰਾਂ ਨੂੰ ਸਭਾ ਵੱਲੋਂ ਵਿਸ਼ੇਸ਼ ਰੂਪ ਵਿੱਚ ਸਨਮਾਨਿਤ ਕੀਤਾ ਗਿਆ। ਇਸ ਕਹਾਣੀ ਦਰਬਾਰ ਦੇ ਦੂਜੇ ਪੜਾਅ ਵਿੱਚ ਅੰਮ੍ਰਿਤ ਬੰਗੇ ਬਠਿੰਡਾ, ਕਰਨੈਲ ਸਿੰਘ ਅਸਪਾਲ, ਗੁਰਸੇਵਕ ਕਮਾਲ, ਰਵੀ ਸਾਗਰ, ਗੁਰਦਰਸ਼ਨ ਸਿੰਘ ਗਿਆਨਾਂ, ਕੁਲਵਿੰਦਰ ਸਿੰਘ ਪਾਲਣਾ, ਸਿਕੰਦਰ ਸਿੰਘ ਸਿੱਧੂ ਨੇ ਆਪਣੀਆਂ ਕਵਿਤਾਵਾਂ ਅਤੇ ਗੀਤਾਂ ਨਾਲ ਮਾਹੌਲ ਨੂੰ ਹੋਰ ਵੀ ਸ਼ਾਨਦਾਰ ਬਣਾ ਦਿੱਤਾ। ਇਸ ਮੌਕੇ 'ਤੇ ਹਰਦੇਵ ਸਿੰਘ ਅਗਰੋਈਆ, ਮਾ. ਬੂਟਾ ਸਿੰਘ, ਮਾ.ਅਮਰਜੀਤ ਸਿੰਘ ਗੁਦਰਾਣਾ, ਧਰਮਿੰਦਰ ਸਿੰਘ ਮਾਨਸਾ, ਮੱਖਣ ਸਿੰਘ ਪ੍ਰਧਾਨ, ਜੱਗਾ ਜਗਮਾਲਵਾਲੀਆ, ਮਨਦੀਪ ਮਿੰਟਾ ਔਢਾਂ, ਰਣਵੀਰ ਰਾਣਾ ਬਠਿੰਡਾ, ਹਰੀ ਕ੍ਰਿਸ਼ਨ ਭੋਡੀਪੁਰਾ, ਜਗਜੀਤ ਸਿੰਘ ਗਿਆਨਾ, ਜਗਤਾਰ ਸਿੰਘ ਤਾਰੀ, ਮੈਡਮ ਹਰਪ੍ਰੀਤ ਕੌਰ ਪਿਪਲੀ, ਮੈਡਮ ਜਸਵੰਤ ਕੌਰ, ਗੁਰਕੀਰਤ ਸਿੰਘ ਦੇਸੂਖੁਰਦ, ਮਨਪ੍ਰੀਤ ਸਿੰਘ ਡੱਬਵਾਲੀ ਸਮੇਤ ਬਹੁਤ ਸਾਰੇ ਨੌਜਵਾਨ ਲੇਖਕ ਵੀ ਹਾਜ਼ਰ ਰਹੇ। ਸਭਾ ਵੱਲੋਂ ਕਹਾਣੀ ਦਰਬਾਰ ਵਿੱਚ ਹਾਜ਼ਰ ਹੋਏ ਸਾਰੇ ਸਰੋਤਿਆਂ ਨੂੰ ਕਿਤਾਬਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਸਭਾ ਦੇ ਪ੍ਰਧਾਨ ਭੁਪਿੰਦਰ ਪੰਨੀਵਾਲੀਆ ਨੇ ਸਭ ਦਾ ਧੰਨਵਾਦ ਕੀਤਾ।

# ਸੁਖਬੀਰ ਨੂੰ ਝਟਕਾ, ਮੀਤ ਪ੍ਰਧਾਨ ਪ੍ਰੋ. ਸੀੜਾ ਵੱਲੋਂ ਕੇਬਲ ਮਾਫੀਆ ਤੋਂ ਪ੍ਰੇਸ਼ਾਨ ਹੋ ਕੇ ਪਾਰਟੀ ਛੱਡਣ ਦਾ ਐਲਾਨ

### ▪ ਪਾਰਟੀ 'ਚ ਮਿਹਨਤੀ ਤੇ ਸਮਰਪਤ ਵਰਕਰਾਂ ਦੀ ਕੋਈ ਪੁੱਛ ਨਹੀਂ : ਪ੍ਰੋ. ਸੀੜਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਪਾਰਟੀ ਦੇ ਮੀਤ ਪ੍ਰਧਾਨ ਤੇ ਵਪਾਰ ਤੇ ਉਦਯੋਗ ਵਿੰਗ ਦੇ ਸੂਬਾ ਜਨਰਲ ਸਕੱਤਰ ਪ੍ਰੋ. ਸੁਮੇਰ ਸੀੜਾ ਨੇ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਸਮੇਤ ਸਾਰੇ ਅਹੁਦਿਆਂ ਤੋਂ ਅਸਤੀਫਾ ਦੇਣ ਦਾ ਐਲਾਨ ਕਰ ਦਿੱਤਾ।

ਇਥੇ ਪਟਿਆਲਾ ਮੀਡੀਆ ਕਲੱਬ ਵਿੱਚ ਸਾਥੀਆਂ ਸਮੇਤ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰੋ. ਸੁਮੇਰ ਸੀੜਾ ਨੇ ਕਿਹਾ ਕਿ ਉਹ ਲੋਕ ਸਭਾ ਚੋਣਾਂ 2024 ਦੌਰਾਨ ਆਪਣੇ ਹਜ਼ਾਰਾਂ ਸਮਰਥਕਾਂ ਸਮੇਤ ਪਾਰਟੀ ਵਿੱਚ ਸ਼ਾਮਲ ਹੋਏ ਸਨ, ਜਦੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਉਨ੍ਹਾਂ ਨੂੰ ਪਾਰਟੀ ਦਾ ਮੀਤ ਪ੍ਰਧਾਨ ਐਲਾਨਿਆ ਸੀ।ਉਨ੍ਹਾਂ ਕਿਹਾ ਕਿ ਉਸ ਤੋਂ ਬਾਅਦ ਉਨ੍ਹਾਂ ਨੂੰ ਵਪਾਰ ਤੇ ਉਦਯੋਗ ਵਿੰਗ ਦੇ ਸੂਬਾ ਜਨਰਲ ਸਕੱਤਰ ਦੀ ਵੀ ਜ਼ਿੰਮੇਵਾਰੀ ਦਿੱਤੀ ਤੇ ਉਨ੍ਹਾਂ ਨੇ ਪਿਛਲੇ ਸਮੇਂ ਦੌਰਾਨ ਬਹੁਤ ਮਿਹਨਤ ਨਾਲ ਪਾਰਟੀ ਦੀ ਮਜ਼ਬੂਤੀ ਵਾਸਤੇ ਕੰਮ ਕੀਤਾ।

ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਬਹੁਤ ਹੀ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਪਾਰਟੀ ਦੇ ਇਕ ਵਰਗ ਖਾਸ ਤੌਰ 'ਤੇ ਜ਼ਿਲ੍ਹਾ ਪਟਿਆਲਾ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਤੇ ਹੋਰ ਭਾਗਾਂ ਵਿੱਚ ਕੇਬਲ ਮਾਫੀਆ ਪਾਰਟੀ 'ਤੇ ਕਬਜ਼ਾ ਕਰ ਕੇ ਬੈਠਾ ਹੈ, ਜੋ ਕਿਸੇ ਵੀ ਮਿਹਨਤੀ ਵਰਕਰ ਦੀ ਸੁਣਵਾਈ ਨਹੀਂ ਹੋਣ ਦੇ ਰਿਹਾ।ਉਨ੍ਹਾਂ ਕਿਹਾ ਕਿ ਇਸ ਮਾਫੀਆ ਨੇ ਜਿੱਥੇ ਪਾਰਟੀ ਦੇ ਬਹੁ-ਗਿਣਤੀ ਅਹੁਦਿਆਂ 'ਤੇ ਕਬਜ਼ਾ ਕਰ ਲਿਆ ਹੈ, ਉਥੇ ਹੀ ਬਹੁ-ਗਿਣਤੀ ਵਿਧਾਨ ਸਭਾ ਸੀਟਾਂ 'ਤੇ ਵੀ ਕਬਜ਼ਾ ਕਰ ਲਿਆ ਹੈ।ਉਨ੍ਹਾਂ ਕਿਹਾ ਕਿ ਉਹ ਖੁਦ ਪਟਿਆਲਾ ਸ਼ਹਿਰੀ ਤੋਂ ਚੋਣ ਲੜਨ ਦੇ ਇੱਛੁਕ ਸਨ, ਪਰ ਇਸ ਕੇਬਲ ਮਾਫੀਆ ਨੇ ਪਾਰਟੀ ਹਾਈ ਕਮਾਂਡ ਨੂੰ ਕਿਸੇ ਦੀ ਗੱਲ ਹੀ ਨਹੀਂ ਸੁਣਨ ਦਿੱਤੀ।

ਉਨ੍ਹਾਂ ਕਿਹਾ ਕਿ ਪਾਰਟੀ ਦਾ ਮੀਤ ਪ੍ਰਧਾਨ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਨਾ ਤਾਂ ਕਦੇ ਪਾਰਟੀ ਦੀਆਂ ਸੂਬਾਈ ਮੀਟਿੰਗਾਂ ਵਿੱਚ ਸੱਦਿਆ ਗਿਆ ਤੇ ਨਾ ਹੀ ਜ਼ਿਲ੍ਹਾ ਪੱਧਰੀ ਮੀਟਿੰਗਾਂ ਵਿੱਚ ਸੱਦਿਆ ਗਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਹਾਲਾਤਾਂ ਨੂੰ ਵੇਖਦਿਆਂ ਉਨ੍ਹਾਂ ਇਹ ਫੈਸਲਾ ਲਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੁੱਢਲੀ ਮੈਂਬਰਸ਼ਿਪ ਤੇ ਸਾਰੇ ਅਹੁਦਿਆਂ ਤੋਂ ਅਸਤੀਫਾ ਦਿੱਤਾ ਜਾਵੇ, ਕਿਉਂਕਿ ਹੁਣ ਇਹ ਪਾਰਟੀ ਆਮ ਵਰਕਰਾਂ ਦੀ ਪਾਰਟੀ ਨਹੀਂ ਰਹਿ ਗਈ।ਇਸ ਮੌਕੇ ਉਨ੍ਹਾਂ ਦੇ ਨਾਲ ਪਟਿਆਲਾ ਸ਼ਹਿਰ ਦੇ ਬੁੱਧੀਜੀਵੀ ਵਿੰਗ ਵੱਲੋਂ ਸੁਨੀਲ ਪੁਰੀ, ਵਾਲਮੀਕਿ ਸਮਾਜ ਤੋਂ ਰਾਹੁਲ ਗਿੱਲ ਬਡੂੰਗਰ ਤੇ ਜੀਨਗਰ ਸਮਾਜ ਪਟਿਆਲਾ ਦੇ ਪ੍ਰਧਾਨ ਰਾਕੇਸ਼ ਜੋਇਆ ਵੀ ਹਾਜ਼ਰ ਸਨ, ਜਿਨ੍ਹਾਂ ਨੇ ਪ੍ਰੋ. ਸੀੜਾ ਦੇ ਨਾਲ ਪਾਰਟੀ ਛੱਡਣ ਦਾ ਐਲਾਨ ਕੀਤਾ।

## 'ਵਰਸਿਟੀ ਵੱਲੋਂ ਫ਼ੀਸਾਂ ਵਿੱਚ ਵਾਧੇ ਸੰਬੰਧੀ ਮੰਗ ਪੱਤਰ ਦਿੱਤਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਪਟਿਆਲਾ ਦੇ ਪ੍ਰਬੰਧ ਅਧੀਨ ਚੱਲ ਰਹੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨਾਲ ਸਬੰਧਿਤ ਕਾਲਜਾਂ ਦੇ ਸਮੂਹ ਪ੍ਰਿੰਸੀਪਲ ਸਾਹਿਬਾਨ ਦੁਆਰਾ ਯੂਨੀਵਰਸਿਟੀ ਵੱਲੋਂ ਫ਼ੀਸਾਂ ਵਿੱਚ ਕੀਤੇ ਬੇਹਿਸਾਬ ਵਾਧੇ ਸਬੰਧੀ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੂੰ ਮੈਮੋਰੈਂਡਮ ਦਿੱਤਾ ਗਿਆ।ਵਫ਼ਦ ਦੁਆਰਾ ਦੱਸਿਆ ਗਿਆ ਕਿ   ਕਾਲਜਾਂ ਦੀ ਕੌਂਟੀਨੂਏਸ਼ਨ ਫੀਸ 20,000 ਰੁਪਏ ਤੋਂ ਵਧਾ ਕੇ 60,000 ਰੁਪਏ ਅਤੇ ਐਂਡੋਮੈਂਟ ਫੰਡ 10 ਲੱਖ ਰੁਪਏ ਤੋਂ ਵਧਾ ਕੇ 20 ਲੱਖ/40 ਲੱਖ ਰੁਪਏ ਕਰ ਦਿੱਤਾ ਗਿਆ ਹੈ।ਇਸ ਦੇ ਨਾਲ ਹੀ ਯੂਨੀਵਰਸਿਟੀ ਦੁਆਰਾ ਇਸ ਉਪਰੋਕਤ ਰਕਮ ਉੱਪਰ ਮਿਲਣ ਵਾਲੇ ਵਿਆਜ ਦਾ ਵੀ 50 ਪ੍ਰਤੀਸ਼ਤ ਹਿੱਸਾ ਯੂਨੀਵਰਸਿਟੀ ਨੂੰ ਜਮ੍ਹਾਂ ਕਰਵਾਉਣ ਸਬੰਧੀ ਕਿਹਾ ਗਿਆ ਹੈ। ਵਿਦਿਆਰਥੀਆਂ ਦੀ ਯੂਨੀਵਰਸਿਟੀ ਨੂੰ ਭੇਜੀ ਜਾਣ ਵਾਲੀ ਰਿਟਰਨ ਫ਼ੀਸ ਵੀ 3570 ਰੁਪਏ ਤੋਂ ਵਧਾ ਕੇ ਲਗਭਗ 5500 ਰੁਪਏ ਕਰ ਦਿੱਤੀ ਗਈ ਹੈ।ਇਸ ਮੌਕੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਏਡਿਡ ਕਾਲਜਾਂ ਦੀ ਪ੍ਰਿੰਸੀਪਲ ਐਸੋਸੀਏਸ਼ਨ ਦੇ ਪ੍ਰਧਾਨ ਡਾ. ਧਰਮਿੰਦਰ ਸਿੰਘ ਉੱਭਾ ਨੇ ਕਿਹਾ ਕਿ ਉਪਰੋਕਤ ਵਾਧੇ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਹਨ ਅਤੇ ਇਸ ਨਾਲ ਕਾਲਜਾਂ ਅਤੇ ਵਿਦਿਆਰਥੀਆਂ ਉੱਪਰ ਬਹੁਤ ਜ਼ਿਆਦਾ ਵਿੱਤੀ ਬੋਝ ਪਵੇਗਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਿਪਟੀ ਡਾਇਰੈਕਟਰ ਕਾਲਜਾਂ ਡਾ. ਕਸ਼ਮੀਰ ਸਿੰਘ ਨੇ ਦੱਸਿਆ ਕਿ ਡੀਨ ਕਾਲਜ ਵਿਕਾਸ ਕੌਂਸਲ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਨੁਸਾਰ ਇਹ ਵਾਧੇ ਕੰਜ਼ਿਊਮਰ ਇੰਡੈਕਸ ਫੈਕਟਰ ਦੇ ਅਨੁਸਾਰ 2010 ਤੋਂ 2026 ਦੇ ਅਨੁਸਾਰ ਕੀਤੇ ਗਏ ਹਨ। ਪੰਜਾਬ ਸਰਕਾਰ ਦੇ ਨਿਯਮਾਂ ਅਨੁਸਾਰ ਕੋਈ ਵੀ ਸੰਸਥਾ ਆਪਣੀ ਫ਼ੀਸ ਵਿੱਚ ਵੱਧ ਤੋਂ ਵੱਧ 5 ਪ੍ਰਤੀਸ਼ਤ ਹੀ ਵਾਧਾ ਕਰ ਸਕਦੀ ਹੈ, ਪ੍ਰੰਤੂ ਯੂਨੀਵਰਸਿਟੀ ਦੁਆਰਾ ਕੀਤੇ ਗਏ ਇਸ ਬੇਹਿਸਾਬ ਵਾਧੇ ਤੋਂ ਇਹ ਅਨੁਭਵ ਹੋ ਰਿਹਾ ਹੈ ਕਿ ਯੂਨੀਵਰਸਿਟੀ ਮਾਲਵਾ ਖੇਤਰ ਦੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਤੋਂ ਵਾਂਝਾ ਕਰਨਾ ਚਾਹੁੰਦੀ ਹੈ ਜੋ ਕਿ ਉਚਿਤ ਨਹੀਂ ਹੈ। ਇਸ ਮੌਕੇ ਡਾ. ਰਮਨਜੀਤ ਕੌਰ, ਡਾ. ਕਰਮਬੀਰ ਸਿੰਘ, ਡਾ. ਨਰਿੰਦਰ ਸਿੰਘ, ਡਾ. ਹਰਮੀਤ ਕੌਰ ਅਨੰਦ, ਪ੍ਰੋ. ਮਲਵਿੰਦਰ ਸਿੰਘ, ਡਾ. ਬਿਕਰਮਜੀਤ ਸਿੰਘ, ਡਾ. ਸਤਿੰਦਰ ਕੌਰ ਮਾਨ ਅਤੇ ਡਾ. ਬਲਜੀਤ ਸਿੰਘ ਮੌਜੂਦ ਸਨ।

# ਕਮਿਊਨਿਟੀ ਹੈੱਲਥ ਅਫ਼ਸਰਾਂ ਤੇ ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਹੜਤਾਲ ਜਾਰੀ

## ਜੇ ਮੰਗਾਂ ਨਾ ਮੰਨੀਆਂ ਤਾਂ 2 ਜੁਲਾਈ ਨੂੰ ਸੰਗਰੂਰ 'ਚ ਹੋਵੇਗਾ ਵਿਸ਼ਾਲ ਧਰਨਾ ਪ੍ਰਦਰਸ਼ਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਮਿਊਨਿਟੀ ਹੈਲਥ ਅਫ਼ਸਰਾਂ ਅਤੇ ਐੱਨ. ਐੱਚ. ਐੱਮ. ਮੁਲਾਜ਼ਮਾਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਜਾਇਜ਼ ਮੰਗਾਂ ਦੇ ਹੱਲ ਲਈ ਸ਼ੁਰੂ ਕੀਤੀ ਗਈ ਹੜਤਾਲ ਬੁੱਧਵਾਰ ਨੂੰ ਅੱਤ ਦੀ ਗਰਮੀ ਵਿੱਚ ਵੀ ਜਾਰੀ ਰਹੀ।ਜਾਣਕਾਰੀ ਸਾਂਝੀ ਕਰਦਿਆਂ ਸੂਬਾ ਪ੍ਰਧਾਨ ਡਾ. ਸੁਨੀਲ ਤਰਗੋਤਰਾ ਨੇ ਕਿਹਾ ਕਿ ਕਮਿਊਨਿਟੀ ਹੈਲਥ ਅਫ਼ਸਰਾਂ ਅਤੇ ਐੱਨ. ਐੱਚ. ਐੱਮ. ਮੁਲਾਜ਼ਮਾਂ ਵੱਲੋਂ ਪਿਛਲੇ ਕਈ ਸਾਲਾਂ ਤੋਂ ਆਪਣੀਆਂ ਮੰਗਾਂ ਦੇ ਹੱਲ ਲਈ ਸਰਕਾਰ ਅਤੇ ਵਿਭਾਗ ਦੇ ਉਚ ਅਧਿਕਾਰੀਆਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਕਈ ਵਾਰ ਮੰਗ ਪੱਤਰ ਦੇਣ ਦੇ ਬਾਵਜੂਦ ਅੱਜ ਤੱਕ ਕਿਸੇ ਵੀ ਮੰਗ ਦਾ ਕੋਈ ਠੋਸ ਹੱਲ ਨਹੀਂ ਕੀਤਾ ਗਿਆ ਜਿਸ ਕਰਕੇ ਕਮਿਊਨਿਟੀ ਹੈਲਥ ਅਫ਼ਸਰਾਂ ਅਤੇ ਐੱਨ.ਐੱਚ.ਐੱਮ. ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਪਾਸੋਂ ਬਰਾਬਰ ਕੰਮ ਬਰਾਬਰ ਤਨਖਾਹ, ਲਾਇਲਟੀ, ਬੋਨਸ ਦੀ ਬਹਾਲੀ, ਨਵੇਂ ਇੰਸੈਂਟਿਵ ਪਰਫਾਰਮੈਂਸ ਸਿਸਟਮ ਨੂੰ ਵਾਪਸ ਲੈਣਾ, ਕਮਿਊਨਿਟੀ ਹੈਲਥ ਅਫ਼ਸਰਾਂ ਦੀਆਂ ਅਸਾਮੀਆਂ ਅਤੇ ਕੈਡਰ ਨੂੰ ਮਨਜ਼ੂਰੀ ਦੇਣਾ, ਤਨਖਾਹ ਅਤੇ ਇੰਸੈਂਟਿਵ ਨੂੰ ਮਰਜ ਕਰਨਾ, ਦੁਸ਼ਵਾਰ ਖੇਤਰ ਭੱਤਾ ਬਹਾਲ ਕਰਨਾ ਅਤੇ ਹੋਰ ਪੈਂਡਿੰਗ ਮੰਗਾਂ ਸ਼ਾਮਲ ਹਨ।ਉਨ੍ਹਾਂ ਕਿਹਾ ਕਿ 22 ਜੂਨ ਤੋਂ ਸ਼ੁਰੂ ਕੀਤੀ ਗਈ ਹੜਤਾਲ ਦੇ ਬਾਵਜੂਦ ਸਰਕਾਰ ਵੱਲੋਂ ਅਜੇ ਤੱਕ ਕੋਈ ਗੰਭੀਰਤਾ ਨਹੀਂ ਦਿਖਾਈ ਗਈ ਅਤੇ ਨਾ ਹੀ ਯੂਨੀਅਨਾਂ ਨਾਲ ਕੋਈ ਅਰਥਪੂਰਨ ਗੱਲਬਾਤ ਕੀਤੀ ਗਈ।ਇਸ ਕਾਰਨ ਪੰਜਾਬ ਭਰ ਵਿੱਚ ਆਯੁਸ਼ਮਾਨ ਅਰੋਗਿਆ ਕੇਂਦਰਾਂ, ਐੱਨ.ਸੀ.ਡੀ. ਸਕ੍ਰੀਨਿੰਗ, ਟੀ.ਬੀ. ਪ੍ਰੋਗਰਾਮ, ਓ.ਪੀ.ਡੀ. ਸੇਵਾਵਾਂ ਅਤੇ ਹੋਰ ਸਿਹਤ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਮੰਗਾਂ ਦਾ ਹੱਲ ਨਾ ਕੀਤਾ ਤਾਂ 2 ਜੁਲਾਈ ਨੂੰ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਸੰਗਰੂਰ ਵਿਖੇ ਸੂਬਾ ਪੱਧਰੀ ਵਿਸ਼ਾਲ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਪੰਜਾਬ ਭਰ ਤੋਂ ਹਜ਼ਾਰਾਂ ਮੁਲਾਜ਼ਮ ਸ਼ਾਮਲ ਹੋਣਗੇ।ਇਸ ਮੌਕੇ ਪ੍ਰਧਾਨ ਡਾ. ਸੁਨੀਲ ਤਰਗੋਤਰਾ, ਡਾ. ਰਵਿੰਦਰ ਸਿੰਘ ਕਾਹਲੋਂ, ਜਸਮੀਨ ਕੌਰ, ਜੁਗਰਾਜ ਕੌਰ, ਜੀਵਨਜੋਤ ਸਿੰਘ, ਅਜਮੇਰ ਸਿੰਘ, ਰਵਿੰਦਰ ਕੌਰ, ਅਮਰਜੀਤ ਕੌਰ, ਪ੍ਰਭਜੀਤ ਕੌਰ, ਮਨਜਿੰਦਰ ਕੌਰ, ਨਵਜੋਤ ਕੌਰ, ਮਨਪ੍ਰੀਤ ਕੌਰ, ਦਵਿੰਦਰ ਕੌਰ, ਸੁਪ੍ਰੀਤ ਕੌਰ ਨੇ ਕਿਹਾ ਕਿ ਸੰਘਰਸ਼ ਤਹਿਤ ਕਮਿਊਨਿਟੀ ਹੈਲਥ ਅਫ਼ਸਰਾਂ ਅਤੇ ਐੱਨ. ਐੱਚ. ਐੱਮ. ਮੁਲਾਜ਼ਮਾਂ ਵੱਲੋਂ ਪਲਸ ਪੋਲੀਓ ਮੁਹਿੰਮ ਦੀਆਂ ਡਿਊਟੀਆਂ ਦਾ ਵੀ ਮੁਕੰਮਲ ਬਾਈਕਾਟ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜਦੋਂ ਤੱਕ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਹਰ ਤਰ੍ਹਾਂ ਦਾ ਆਨਲਾਈਨ ਅਤੇ ਆਫਲਾਈਨ ਕੰਮ ਬੰਦ ਰਹੇਗਾ ਅਤੇ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਜ਼ਿਲ੍ਹਾ ਅਤੇ ਬਲਾਕ ਪੱਧਰ ਦੇ ਕਮਿਊਨਿਟੀ ਹੈਲਥ ਅਫ਼ਸਰ ਅਤੇ ਐੱਨ. ਐੱਚ. ਐੱਮ. ਮੁਲਾਜ਼ਮ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਪੀਰ ਬਾਬਾ ਖਾਕੀ ਸ਼ਾਹ ਦੇ ਸਾਲਾਨਾ ਜੋੜ ਮੇਲੇ ਤੋਂ ਪਹਿਲਾਂ ਤਿਆਰੀਆਂ ਨੂੰ ਲੈ ਕੇ ਮੀਟਿੰਗ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਪਿੰਡ ਸੋਹਲ ਵਿਖੇ ਸਥਿਤ ਧੰਨ-ਧੰਨ ਬਾਬਾ ਪੀਰ ਖਾਕੀ ਸ਼ਾਹ ਜੀ ਦੇ ਦਰਬਾਰ ਵਿਖੇ ਸਾਉਣ ਮਹੀਨੇ ਦੇ ਪਹਿਲੇ ਵੀਰਵਾਰ-ਸ਼ੁੱਕਰਵਾਰ, 16 ਅਤੇ 17 ਜੁਲਾਈ ਨੂੰ ਮਨਾਏ ਜਾਣ ਵਾਲੇ ਦੋ ਰੋਜ਼ਾ ਸਾਲਾਨਾ ਜੋੜ ਮੇਲੇ ਸਬੰਧੀ ਮੀਟਿੰਗ ਹੋਈ।ਮੀਟਿੰਗ ਦੀ ਪ੍ਰਧਾਨਗੀ ਪੀਰ ਬਾਬਾ ਖਾਕੀ ਸ਼ਾਹ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਮਨਜੀਤ ਸਿੰਘ ਬਾਰੀਆ ਨੇ ਕੀਤੀ।ਇਸ ਮੌਕੇ ਪ੍ਰਧਾਨ ਹਰਜੀਤ ਸਿੰਘ, ਸਰਪੰਚ ਰਣਜੋਧ ਸਿੰਘ ਸੋਹਲ, ਸਰਪੰਚ ਗੁਰਦੇਵ ਸਿੰਘ ਸੈਣ ਭਗਤ ਸੋਹਲ, ਕੈਸ਼ੀਅਰ ਕੁਲਦੀਪ ਸਿੰਘ, ਗੁਰਪਾਲ ਸਿੰਘ ਹੈਪੀ ਦਿੱਲੀ ਅਤੇ ਨਗਰ ਨਿਵਾਸੀ ਹਾਜ਼ਰ ਸਨ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਦੱਸਿਆ ਕਿ ਮੇਲੇ ਦੇ ਸੁਚੱਜੇ ਪ੍ਰਬੰਧਾਂ ਲਈ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸੇਵਾ ਸੰਭਾਲਣ ਵਾਲੇ ਸੇਵਾਦਾਰਾਂ ਦੀਆਂ ਡਿਊਟੀਆਂ ਤੈਅ ਕੀਤੀਆਂ ਗਈਆਂ।16 ਜੁਲਾਈ ਨੂੰ ਨਾਮਵਰ ਕਲਾਕਾਰਾਂ ਦੀਆਂ ਪੇਸ਼ਕਾਰੀਆਂ ਹੋਣਗੀਆਂ।ਸ਼ਾਮ ਨੂੰ ਘੋਲ ਅਤੇ ਕਬੱਡੀ ਦੇ ਸ਼ੋਅ ਮੈਚ ਕਰਵਾਏ ਜਾਣਗੇ।ਰਾਤ ਨੂੰ ਕੱਵਾਲੀ ਗਾਇਨ ਹੋਵੇਗਾ। ਦੂਜੇ ਦਿਨ 17 ਜੁਲਾਈ ਨੂੰ ਪੰਜਾਬ ਦੀ ਮਸ਼ਹੂਰ ਗਾਇਕ ਜੋੜੀ ਬਲਕਾਰ ਅਣਖੀਲਾ ਅਤੇ ਮਨਜਿੰਦਰ ਗੁਲਸ਼ਨ ਆਪਣੇ ਹਿੱਟ ਗੀਤਾਂ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ।ਮੀਟਿੰਗ ਵਿੱਚ ਡਾ. ਸੁਖਦੇਵ ਸਿੰਘ, ਕੁਲਦੀਪ ਸਿੰਘ ਜੀਵਾਂ ਆੜ੍ਹਤੀ, ਬਲਵਿੰਦਰ ਸਿੰਘ ਬਿੱਟੂ, ਅਮਰੀਕ ਸਿੰਘ, ਜਸਮੇਰ ਸਿੰਘ ਮੁਨੀਮ, ਜੱਸ ਫੌਜੀ, ਹਰਦਿਆਲ ਸਿੰਘ, ਸੁੱਖ ਸ਼ਾਹ, ਤਰਸੇਮ ਸਿੰਘ ਮੈਂਬਰ, ਅਜੀਤ ਸਿੰਘ ਫੌਜੀ, ਬਾਬਾ ਬੀਰ ਸਿੰਘ ਮੁੱਖ ਸੇਵਾਦਾਰ, ਬਲਜੀਤ ਸਿੰਘ ਸਕੱਤਰ, ਗੁਰਲਾਲ ਸਿੰਘ, ਕਰਨ ਸੰਧੂ, ਗੋਲਡੀ ਸੋਹਲ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।ਮੇਲਾ ਪ੍ਰਬੰਧਕ ਕਮੇਟੀ ਨੇ ਇਲਾਕੇ ਦੀ ਸੰਗਤ ਨੂੰ ਮੇਲੇ ਵਿੱਚ ਵੱਧ-ਚੜ੍ਹ ਕੇ ਸ਼ਿਰਕਤ ਕਰਨ ਦੀ ਅਪੀਲ ਕੀਤੀ ਹੈ

## ਸ਼ਹੀਦ ਬਾਬਾ ਦੀਪ ਸਿੰਘ ਸੇਵਾ ਸੁਸਾਇਟੀ ਨੇ 35 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ



**ਧਾਰੀਵਾਲ (ਮਨਦੀਪ ਵਿੱਕੀ)**-ਸ਼ਹੀਦ ਭਾਈ ਫੌਜਾ ਸਿੰਘ ਗਜਨੀਪੁਰ ਅਤੇ ਅਖੰਡ ਕੀਰਤਨ ਜੱਥਾ ਗੁਰਦਾਸਪੁਰ ਦੇ ਨਿਸ਼ਕਾਮ ਕੀਰਤਨੀਏ ਸਵਰਗੀਏ ਮਾਸਟਰ ਨਿਰੰਜਨ ਸਿੰਘ ਜੀ ਦੇ ਸਪੁੱਤਰ ਮਨਜੀਤ ਸਿੰਘ ਬੱਬੂ ਅਤੇ ਕੰਵਲਜੀਤ ਸਿੰਘ ਬਿੱਟਾ ਜੀ ਦੀ ਪ੍ਰੇਰਨਾ ਅਤੇ ਸਹਿਯੋਗ ਸਦਕਾ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਸੋਸਾਇਟੀ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਗੁਰਦਾਸਪੁਰ ਵਿਖੇ ਮਹੀਨਾਂਵਾਰ ਰਾਸ਼ਨ ਵੰਡਿਆ ਗਿਆ।ਇਸ ਮੌਕੇ ਤੇ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਸੋਸਾਇਟੀ ਗੁਰਦਾਸਪੁਰ ਦੇ ਮੁੱਖ ਸੇਵਾਦਾਰ ਰਵਿੰਦਰ ਸਿੰਘ ਮਹਾਦੇਵ ਕਲਾਂ ਸਮੇਤ ਹੋਰ ਸੇਵਾਦਾਰਾਂ ਨੇ ਦੱਸਿਆ ਕਿ ਵਿਦੇਸ਼ਾਂ 'ਚ ਨਾਮ ਨਾਮ ਲੇਵਾ ਸੰਗਤਾਂ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸਮਝ ਕੇ ਆਪਣੀ ਨੇਕ ਕਮਾਈ ਦਾ ਦਸਵੰਧ ਹਰ ਮਹੀਨੇ ਭੇਜਦੇ ਹਨ ਜਿਸ ਨਾਲ ਲੋੜਵੰਦਾਂ ਪਰਿਵਾਰਾਂ ਨੂੰ ਮਹੀਨਾਵਾਰ ਰਾਸ਼ਨ ਵੰਡਣ ਸਮੇਤ ਹੋਣਹਾਰ ਲੋੜਵੰਦ ਵਿਦਿਆਰਥੀਆਂ ਦੀ ਸਕੂਲਾਂ ਦੀ ਫੀਸ ਅਦਾ ਕਰਨ ਤੋਂ ਇਲਾਵਾ ਅਨੇਕ ਪ੍ਰਕਾਰ ਦੇ ਸਮਾਜਿਕ ਕਾਰਜ ਕੀਤੇ ਜਾਂਦੇ ਹਨ।ਉਨ੍ਹਾਂ ਨੇ ਦੱਸਿਆ ਕਿ ਇਸ ਮਹੀਨੇ ਦੀ ਰਾਸ਼ਨ ਵੰਡ ਦੀ ਸੇਵਾ ਡਾਕਟਰ ਲਖਵਿੰਦਰ ਸਿੰਘ ਜੀ ਪੈਰਿਸ, ਰਣਜੋਧ ਸਿੰਘ ਪੈਰਿਸ, ਕੰਵਲ ਦਲੀਪ ਸਿੰਘ ਕੈਂਡੀ ਪੈਰਿਸ, ਮਿੰਟਾ ਪਹਿਲਵਾਨ, ਹਰਦੀਪ ਸਿੰਘ, ਗੋਪੀ, ਪ੍ਰੀ ਲਵ ਵੱਲੋਂ ਭੇਜੇ ਦਸਵੰਧ ਨਾਲ ਕੀਤੀ ਗਈ।ਇਸ ਮੌਕੇ ਤੇ ਉਚੇਚੇ ਤੌਰ ਤੇ ਰਾਸ਼ਨ ਵੰਡ ਸਮਾਰੋਹ ਦੌਰਾਨ ਪਹੁੰਚੇ ਮਨਜੀਤ ਸਿੰਘ ਬੱਬੂ ਅਤੇ ਕੰਵਲਜੀਤ ਸਿੰਘ ਬਿੱਟਾ ਨੇ ਰਾਸ਼ਨ ਵੰਡ ਸਮਾਗਮ ਦੇ ਪ੍ਰਬੰਧਾਂ ਤੇ ਸਤੁੰਸਟੀ ਪ੍ਰਗਟਾਉਂਦੇ ਹੋਏ ਕਿਹਾ ਕਿ ਸਥਾਨਿਕ ਸੇਵਾਦਾਰ ਪੂਰੀ ਲਗਨ ਮੇਹਨਤ ਅਤੇ ਇਮਾਨਦਾਰੀ ਨਾਲ ਸੇਵਾ ਨਿਭਾਉਂਦੇ ਹੋਏ ਸਹੀ ਲੋੜਵੰਦ ਪਰਿਵਾਰਾਂ ਤੱਕ ਹਰ ਮਹੀਨੇ ਸੇਵਾਵਾਂ ਪਹੁੰਚਾ ਰਹੇ ਹਨ।ਇਸ ਮੌਕੇ ਪਿਆਰਾ ਸਿੰਘ, ਸਤਿੰਦਰਜੀਤ ਸਿੰਘ, ਜਸਪਾਲ ਸਿੰਘ, ਗੁਰਪ੍ਰੀਤ ਸਿੰਘ, ਗੁਰਜਿੰਦਰ ਜੀਤ ਸਿੰਘ, ਦਲਬੀਰ ਸਿੰਘ, ਪ੍ਰਭਦੀਪ ਸਿੰਘ ਖੇੜਾ ਤੋਂ ਇਲਾਵਾ ਰਾਸ਼ਨ ਪ੍ਰਾਪਤ ਕਰਨ ਵਾਲੇ ਹਾਜ਼ਰ ਸਨ।

## ਕੁਸ਼ਲ ਡੇਅਰੀ ਮੈਨੇਜਰ ਦਾ ਚਾਰ ਹਫਤੇ ਦਾ ਸਿਖਲਾਈ ਕੋਰਸ 6 ਜੁਲਾਈ ਤੋਂ

**ਗੁਰਦਾਸਪੁਰ (ਜਨਕ ਮਹਾਜਨ)**-ਵਰਿਆਮ ਸਿੰਘ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਬਰਜਿੰਦਰ ਸਿੰਘ ਡੇਅਰੀ ਵਿਕਾਸ ਇੰਸਪੈਕਟਰ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ 4 ਹਫਤੇ ਦਾ ਡੇਅਰੀ ਉਦਮ ਸਿਖਲਾਈ ਕੋਰਸ ਮਿਤੀ 06 ਜੁਲਾਈ ਤੋਂ 05 ਅਗਸਤ (ਚਾਰ ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ।ਚਾਹਵਾਨ ਡੇਅਰੀ ਫਾਰਮਰ ਜੋ ਘੱਟੋ-ਘੱਟ 10ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ ਅਤੇ ਪਹਿਲਾਂ ਘੱਟੋ ਘੱਟ 05 ਪਸ਼ੂ ਰੱਖੇ ਹੋਣ, ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।ਇਹ ਜਾਣਕਾਰੀ ਡੇਅਰੀ ਵਿਕਾਸ ਇੰਸਪੈਕਟਰ, ਗੁਰਦਾਸਪੁਰ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਕੋਰਸ ਵਿੱਚ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਿਰਾਂ ਵੱਲੋਂ ਪਸ਼ੂਆਂ ਦੀ ਸਾਂਭ ਸੰਭਾਲ ਵੱਖ-ਵੱਖ ਬੀਮਾਰੀਆਂ, ਮਸਨੂਈ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ।ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸ਼ੈਡਾਂ ਦੀ ਉਸਾਰੀ, ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਦੇ ਧੰਦੇ ਦਾ ਮੁਕੰਮਲ ਮਸ਼ੀਨੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ।ਸਿਖਲਾਈ ਕੋਰਸ ਲਈ ਚਾਹਵਾਨ ਫਾਰਮਰ 3 ਜੁਲਾਈ ਤੱਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰਬਰ 508 ਵਿਖੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਵਿਖੇ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।ਚੁਣੇ ਹੋਏ ਸਿਖਿਆਰਥੀ ਜਨਰਲ ਕੈਟਾਗਰੀ ਲਈ ਫੀਸ 5000 ਰੁਪਏ ਅਤੇ ਅ:ਜਾਤੀ ਲਈ 4000 ਰੁਪਏ ਫੀਸ ਹੋਵੇਗੀ।

## ਸੱਚਰ ਨੇ ਹਲਕਾ ਮਜੀਠਾ ਦੇ ਨਵੇਂ ਜਿੱਤੇ ਯੂਥ ਕਾਂਗਰਸ ਆਗੂਆਂ ਨੂੰ ਦਿੱਤੀਆਂ ਮੁਬਾਰਕਾਂ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਯੂਥ ਕਾਂਗਰਸ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਹਲਕਾ ਮਜੀਠਾ ਦੇ ਨੌਜਵਾਨ ਆਗੂਆਂ ਸ਼ਰਨਜੀਤ ਸਿੰਘ ਸੰਨੀ ਇੰਚਾਰਜ ਯੂਥ ਕਾਂਗਰਸ ਹਲਕਾ ਮਜੀਠਾ, ਹਰਜੋਤ ਸਿੰਘ ਲਾਡੀ ਪ੍ਰਧਾਨ ਯੂਥ ਕਾਂਗਰਸ ਬਲਾਕ ਮਜੀਠਾ-1, ਅੰਮ੍ਰਿਤਪਾਲ ਸਿੰਘ ਅੱਲਖ ਪਾਖਰਪੁਰ ਪ੍ਰਧਾਨ ਯੂਥ ਕਾਂਗਰਸ ਬਲਾਕ ਮਜੀਠਾ-2 ਨੂੰ ਦਿਲੋਂ ਮੁਬਾਰਕਬਾਦ ਦਿੱਤੀ ਹੈ।ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਵਿੱਚ ਨਵੇਂ ਚੁਣੇ ਗਏ ਅਹੁਦੇਦਾਰਾਂ ਦੀ ਜਿੱਤ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਯੋਗਦਾਨ ਮਿਲੇਗਾ।ਸੱਚਰ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਰਾਜਨੀਤਿਕ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਕਾਂਗਰਸ ਪਾਰਟੀ ਹਮੇਸ਼ਾ ਹੀ ਨੌਜਵਾਨਾਂ ਨੂੰ ਅੱਗੇ ਲਿਆਉਣ ਅਤੇ ਉਨ੍ਹਾਂ ਨੂੰ ਲੀਡਰਸ਼ਿਪ ਦੇ ਮੌਕੇ ਪ੍ਰਦਾਨ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦੇ ਨਵੇਂ ਆਗੂ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਜਨਤਾ ਦੇ ਮੁੱਦਿਆਂ ਨੂੰ ਵੀ ਜ਼ੋਰਦਾਰ ਢੰਗ ਨਾਲ ਉਠਾਉਣਗੇ।ਸੱਚਰ ਨੇ ਕਿਹਾ ਕਿ ਹਲਕਾ ਮਜੀਠਾ ਵਿੱਚ ਕਾਂਗਰਸ ਪਾਰਟੀ ਦਾ ਆਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਨੌਜਵਾਨ ਵਰਗ ਦਾ ਵਧਦਾ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਲੋਕ ਕਾਂਗਰਸ ਦੀਆਂ ਨੀਤੀਆਂ ਅਤੇ ਲੀਡਰਸ਼ਿਪ 'ਤੇ ਭਰੋਸਾ ਕਰਦੇ ਹਨ।ਉਨ੍ਹਾਂ ਸਾਰੇ ਨਵੇਂ ਚੁਣੇ ਗਏ ਯੂਥ ਕਾਂਗਰਸ ਅਹੁਦੇਦਾਰਾਂ ਨੂੰ ਉਨ੍ਹਾਂ ਦੇ ਉਜਵਲ ਰਾਜਨੀਤਿਕ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਚੁਣੇ ਗਏ ਆਗੂਆਂ ਨੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਤੇ ਸਮੁੱਚੀ ਕਾਂਗਰਸ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦਾ ਯਤਨ ਕਰਾਂਗੇ ਤੇ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਵਿੱਚ ਦਿਨ-ਰਾਤ ਇੱਕ ਕਰ ਦਿਆਂਗੇ।

## ਕਾਂਗਰਸ ਦੇ ਮੈਂਬਰ ਪੰਚਾਇਤ ਸਾਥੀਆਂ ਸਣੇ ਆਪ 'ਚ ਸ਼ਾਮਲ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਵਿਧਾਨ ਸਭਾ ਹਲਕਾ ਮਜੀਠਾ ਵਿੱਚ ਕਾਂਗਰਸ ਨੂੰ ਵੱਡਾ ਝਟਕਾ ਲੱਗਾ ਅਤੇ ਆਮ ਆਦਮੀ ਪਾਰਟੀ ਨੂੰ ਭਾਰੀ ਬਲ ਮਿਲਿਆ ਜਦੋਂ ਹਲਕੇ ਦੇ ਪਿੰਡ ਚੋਗਾਵਾਂ ਸਾਧਪੁਰ ਤੋਂ ਤਿੰਨ ਮੌਜੂਦਾ ਮੈਂਬਰ ਪੰਚਾਇਤ ਆਪਣੇ ਹੋਰ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਜਿਨ੍ਹਾਂ ਨੂੰ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਪਾਰਟੀ ਵਿੱਚ ਸ਼ਾਮਿਲ ਕਰਦਿਆਂ ਜੀ ਆਇਆਂ ਕਹਿੰਦਿਆਂ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦੇਣ ਦਾ ਵਾਅਦਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਮਜੀਠਾ ਹੁਣ ਹਰ ਪੱਖ ਤੋਂ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ। ਆਉਂਦੇ ਕੁਝ ਦਿਨਾਂ ਵਿੱਚ ਹਲਕੇ ਦੇ ਰਹਿੰਦੇ ਕੰਮਕਾਜ ਸ਼ੁਰੂ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਕਾਫਲਾ ਮਜੀਠਾ ਹਲਕੇ ਵਿੱਚ ਦਿਨ-ਬ-ਦਿਨ ਵੱਧਦਾ ਜਾ ਰਿਹਾ ਹੈ ਜੋ ਇਸ ਗੱਲ ਦਾ ਸਬੂਤ ਹੈ ਕਿ 2027 ਵਿੱਚ ਆਮ ਆਦਮੀ ਪਾਰਟੀ ਦੀ ਦੁਬਾਰਾ ਸਰਕਾਰ ਬਣੇਗੀ ਅਤੇ ਮਜੀਠਾ ਹਲਕੇ ਤੋਂ ਅਸੀਂ ਵੱਡੀ ਗਿਣਤੀ ਨਾਲ ਜਿੱਤ ਕੇ ਰਿਕਾਰਡ ਬਣਾਵਾਂਗੇ। ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਮੌਜੂਦਾ ਮੈਂਬਰ ਪੰਚਾਇਤ ਰਣਜੀਤ ਸਿੰਘ ਰਾਣਾ, ਅਮਨਦੀਪ ਸਿੰਘ, ਦਲਬੀਰ ਸਿੰਘ ਤਿੰਨੇ ਹੀ ਮੈਂਬਰ ਪੰਚਾਇਤ ਅਤੇ ਹਰਭਜਨ ਸਿੰਘ ,ਮਲਕੀਤ ਸਿੰਘ, ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਨੂੰ ਪਾਰਟੀ ਚਿੰਨ੍ਹ ਨਾਲ ਸਨਮਾਨਿਤ ਕਰਦਿਆਂ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦੇਣ ਦਾ ਐਲਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਆਗੂ ਅਤੇ ਮੈਂਬਰ ਬਲਾਕ ਸੰਮਤੀ ਸਰਪੰਚ ਸਰਵਣ ਸਿੰਘ ਚੁਗਾਵਾਂ, ਬਲਦੇਵ ਸਿੰਘ ਦੁਬਈ ਵਾਲੇ, ਅਮੋਲਕ ਸਿੰਘ ਬਾਠ, ਬਲਜਿੰਦਰ ਸਿੰਘ ਛੀਨਾ ਸਿਆਸੀ ਸਲਾਹਕਾਰ ਤਲਬੀਰ ਸਿੰਘ ਗਿੱਲ, ਜ਼ਿਲ੍ਹਾ ਪ੍ਰੀਸ਼ਦ ਪਰਮਜੀਤ ਸਿੰਘ ਮੱਤੇਵਾਲ ਪੀਬੀਐੱਸ ਵਾਲੇ ਅਤੇ ਹੋਰ ਆਗੂ ਹਾਜ਼ਰ ਸਨ।

## ਈ ਟੀ ਓ ਨੇ ਜੰਡਿਆਲਾ ਗੁਰੂ ਹਲਕੇ ਦੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਪੀ. ਐੱਸ. ਪੀ. ਸੀ. ਐੱਲ. ਰੈਸਟ ਹਾਊਸ, ਅੰਮ੍ਰਿਤਸਰ ਵਿਖੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਲੋਕ ਨਿਰਮਾਣ ਵਿਭਾਗ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨ ਲਈ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਇੱਕ ਅਹਿਮ ਰੀਵਿਊ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਹਲਕੇ ਵਿੱਚ ਚੱਲ ਰਹੇ ਵੱਖ-ਵੱਖ ਸੜਕਾਂ, ਪੁਲਾਂ ਅਤੇ ਹੋਰ ਬੁਨਿਆਦੀ ਢਾਂਚਾਗਤ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀ ਸਹੂਲਤ ਲਈ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਅਤੇ ਸਾਰੇ ਕੰਮ ਤਹਿ ਸਮੇਂ ਅੰਦਰ ਮੁਕੰਮਲ ਕੀਤੇ ਜਾਣ ਤਾਂ ਜੋ ਆਮ ਲੋਕਾਂ ਨੂੰ ਇਨ੍ਹਾਂ ਦਾ ਲਾਭ ਸਮੇਂ ਸਿਰ ਮਿਲ ਸਕੇ।ਸ. ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਉਹ ਖੁਦ ਮੌਕੇ ਤੇ ਜਾ ਕੇ ਨਿਰਮਾਣ ਕਾਰਜਾਂ ਦੀ ਨਿਯਮਿਤ ਨਿਗਰਾਨੀ ਕਰਨ ਅਤੇ ਕੰਮ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਸਾਰੇ ਵਿਕਾਸ ਪ੍ਰੋਜੈਕਟ ਨਿਰਧਾਰਤ ਮਾਪਦੰਡਾਂ ਅਨੁਸਾਰ ਅਤੇ ਪੂਰੀ ਪਾਰਦਰਸ਼ਤਾ ਨਾਲ ਮੁਕੰਮਲ ਕੀਤੇ ਜਾਣ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਨਾਲ ਸਬੰਧਤ ਕਿਸੇ ਵੀ ਸਮੱਸਿਆ ਜਾਂ ਰੁਕਾਵਟ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ਤਾਂ ਜੋ ਪ੍ਰੋਜੈਕਟਾਂ ਦੀ ਰਫ਼ਤਾਰ ਪ੍ਰਭਾਵਿਤ ਨਾ ਹੋਵੇ।ਮੀਟਿੰਗ ਦੌਰਾਨ ਲੋਕ ਨਿਰਮਾਣ ਵਿਭਾਗ ਦੇ ਸੀਨੀਅਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

## ਮੰਗਾਂ ਨੂੰ ਲੈ ਕੇ ਮੈਡੀਕਲ ਪ੍ਰੈਕਟੀਸ਼ਨਰਜ਼ ਵੱਲੋਂ ਅਹਿਮ ਮੀਟਿੰਗ



**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੀ ਅਹਿਮ ਮੀਟਿੰਗ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਪੱਟੀ ਮੋੜ ਵਿਖੇ ਹੋਈ ।ਮੀਟਿੰਗ 'ਚ ਜ਼ਿਲ੍ਹਾ ਸਰਪ੍ਰਸਤ ਸ਼ਮਸ਼ੇਰ ਸਿੰਘ ਬਾਜਵਾ ਵੱਲੋਂ ਆਏ ਹੋਏ ਸਾਥੀਆਂ ਨੂੰ ਏਜੰਡਿਆਂ ਤੋਂ ਜਾਣੂ ਕਰਵਾਇਆ ਗਿਆ ਅਤੇ ਸਾਥੀਆਂ ਨੂੰ ਪਰਿਵਾਰਕ ਅਫ਼ਸੋਸ ਜਨਕ ਘਟਨਾਵਾਂ ਦੇ ਸਬੰਧੀ ਦੋ ਮਿੰਟ ਦਾ ਮੋਨ ਰੱਖਿਆ ਗਿਆ।ਉਪਰੰਤ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਚੀਮਾ ਵੱਲੋਂ ਸਾਥੀਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਡੇ ਸੂਬਾ ਆਗੂ ਧੰਨਾ ਮਲ ਗੋਇਲ ਦੀ ਅਣਥੱਕ ਮਿਹਨਤ ਸਦਕਾ ਅਤੇ ਪੂਰੇ ਸੂਬਾ ਕਮੇਟੀ ਦੇ ਵੱਡੇ ਉਪਰਾਲਿਆਂ ਦੇ ਸਦਕੇ ਸਰਕਾਰ ਨਾਲ ਪੈਨਲ ਮੀਟਿੰਗਾਂ ਕਰਕੇ ਸਾਡੇ ਕਿੱਤੇ ਪ੍ਰਤੀ ਜੋ ਸਰਕਾਰਾਂ ਨਾਲ ਪਿਛਲੇ ਲੰਬੇ ਸਮੇਂ ਤੋਂ ਵਾਰਤਾਲਾਪ ਹੋ ਰਹੇ ਹਨ, ਦੇ ਸਿੱਟੇ ਵਜੋਂ ਸਾਡੀਆਂ ਮੰਗਾਂ ਨੂੰ ਬੂਰ ਪੈਂਦਾ ਨਜ਼ਰ ਆ ਰਿਹਾ ਹੈ। ਉਨ੍ਹਾਂ ਸਰਕਾਰ ਨੂੰ ਬੇਨਤੀ ਕੀਤੀ ਕਿ ਸਾਡੀਆਂ ਜਾਇਜ਼ ਮੰਗਾਂ ਜਲਦੀ ਤੋਂ ਜਲਦੀ ਪੂਰੀਆਂ ਕੀਤੀਆਂ ਜਾਣ। ਇਸ ਮੌਕੇ ਬਲਾਕ ਪ੍ਰਧਾਨ ਜੈਮਲ ਸਿੰਘ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ ।ਮਨਜੀਤ ਸਿੰਘ ਬੋਪਾਰਾਏ ਵੱਲੋਂ ਸਾਥੀਆਂ ਨੂੰ ਤਨ ਦੇਹੀ ਨਾਲ ਜਥੇਬੰਦੀ ਦਾ ਸਾਥ ਦੇਣ ਦੀ ਅਪੀਲ ਕੀਤੀ ਗਈ। ਇਸ ਮੌਕੇ ਸਰਦਾਰਾ ਸਿੰਘ ਚੂਸਲੇਵੜ, ਗੁਰਚੇਤ ਸਿੰਘ ਚੂਸਲੇਵੜ, ਗਿਆਨ ਸਿੰਘ ਧਾਰੀਵਾਲ, ਜਸਪਾਲ ਸਿੰਘ ਖੈਰਦੀ, ਅੰਮ੍ਰਿਤਪਾਲ ਸਿੰਘ ਜਗਤਪੁਰ, ਬਲਜੀਤ ਸਿੰਘ, ਯਾਦਵਿੰਦਰ ਸਿੰਘ ਤੁੰਗ, ਦਵਿੰਦਰ ਸਿੰਘ ਤੁੰਗ, ਸੰਦੀਪ ਕੁਮਾਰ ਕੋਟ ਬੁੱਢਾ, ਪ੍ਰਭਜੀਤ ਸਿੰਘ ਬਾਠ, ਗੁਰਲਾਲ ਸਿੰਘ ਜਵੰਦਾ, ਚੇਅਰਮੈਨ ਗੁਰਮੇਜ ਸਿੰਘ ਬੱਠੇ ਭੈਣੀ, ਅੰਗਰੇਜ਼ ਸਿੰਘ ਬਾਊ, ਕਵਲ ਬਿੱਟੂ, ਅਮਨਦੀਪ ਸਿੰਘ ਆਸਲ, ਕੁਲਦੀਪ ਸਿੰਘ ਭੱਗੂਪੁਰ, ਰਾਜਪ੍ਰੀਤ ਸਿੰਘ ਭੱਗੂਪੁਰ, ਰੇਸ਼ਮ ਸਿੰਘ ਤਲਵੰਡੀ, ਬਲਕਾਰ ਸਿੰਘ ਸਭਰਾ, ਸੁਰਜੀਤ ਸਿੰਘ ਬੰਗਲਾ ਰਾਏ, ਜਸਪਾਲ ਸਿੰਘ, ਸੁਰਜੀਤ ਕੁਮਾਰ ਬਰਵਾਲਾ, ਦਵਿੰਦਰ ਸਿੰਘ ਤਲਵੰਡੀ, ਸੁਜਾਨ ਸਿੰਘ ਸਰਹਾਲੀ ਖੁਰਦ, ਕਵਲ ਕਿਸ਼ੋਰ ਸਭਰਾ, ਹੀਰਾ ਸਿੰਘ ਪੱਤੀ ਕਿਲਾ ਆਦਿ ਹਾਜ਼ਰ ਸਨ।

## ਬੀ ਕੇ ਯੂ ਕਰਾਂਤੀਕਾਰੀ ਪੰਜਾਬ ਨੇ ਕੇਂਦਰ ਦਾ ਪੁਤਲਾ ਫੂਕਿਆ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਦੀ ਤਿਆਰੀ ਲਈ ਅਮਰੀਕਾ ਅਤੇ ਭਾਰਤ ਦੇ ਵਫਦਾਂ ਦੀ ਦਿੱਲੀ ਵਿੱਚ ਹੋ ਰਹੀ ਦੋ ਰੋਜ਼ਾ ਚਰਚਾ ਦੇ ਵਿਰੋਧ ਵਿੱਚ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ ਤੇ ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਬਲਾਕ ਸ਼੍ਰੀ ਹਰਗੋਬਿੰਦਪੁਰ ਕਾਦੀਆਂ ਵੱਲੋਂ ਬਲਾਕ ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ ਅਤੇ ਰੋਸ ਪ੍ਰਦਰਸ਼ਨ ਕੀਤਾ ਗਿਆ।ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹਾ ਆਗੂ ਮਾਸਟਰ ਜਗੀਰ ਸਿੰਘ ਅਤੇਪੁਰ ਅਤੇ ਡਾ. ਅਸ਼ੋਕ ਭਾਰਤੀ ਨੇ ਕਿਹਾ ਕਿ ਇਹ ਮੁਕਤ ਵਪਾਰ ਸਮਝੌਤੇ ਉਤੇ ਮੋਹਰ ਲਾਉਣ ਦੇ ਅਮਲ ਦਾ ਪੜਾਅ ਹੈ।ਇਸ ਸਮਝੌਤੇ ਦੇ ਲਾਗੂ ਹੋਣ ਨਾਲ ਭਾਰਤ ਦੇ ਕਿਸਾਨ, ਖੇਤ ਮਜ਼ਦੂਰ, ਛੋਟੇ ਵਪਾਰੀ, ਡੇਅਰੀ ਪਸ਼ੂ ਪਾਲਕ ਅਤੇ ਗੰਨਾ ਉਤਪਾਦਨ ਵਿਚ ਲੱਗੇ ਕਰੋੜਾਂ ਲੋਕਾਂ ਦੀ ਰੋਟੀ ਰੋਜ਼ੀ ਅਤੇ ਰੁਜ਼ਗਾਰ ਭਿਆਨਕ ਤਬਾਹੀ ਕੰਢੇ ਹੈ। ਇਸ ਰੋਸ ਪ੍ਰਦਰਸ਼ਨ ਅਤੇ ਪੁਤਲਾ ਫੂਕ ਰੈਲੀ ਨੂੰ ਬਲਕਾਰ ਸਿੰਘ ਧਰਮੀ ਫੌਜੀ, ਮਹਿੰਦਰ ਸਿੰਘ ਚੀਮਾ ਖੁੱਡੀ, ਸਰਦੂਲ ਸਿੰਘ ਚੀਮਾ ਖੁੱਡੀ, ਕੁਲਵਿੰਦਰ ਸਿੰਘ ਬਸਰਾਵਾਂ, ਗੁਰਦੀਪ ਸਿੰਘ ਬਸਰਾਵਾਂ, ਹਰਜੀਤ ਸਿੰਘ ਮਠੋਲਾ, ਕਸ਼ਮੀਰ ਸਿੰਘ ਮਠੋਲਾ, ਅਮਰਜੀਤ ਸਿੰਘ ਅਤੇਪੁਰ (ਸਟੇਜ ਸਕੱਤਰ), ਜਰਨੈਲ ਸਿੰਘ ਭਰਥ, ਹਰਬੰਸ ਸਿੰਘ ਭਰਥ, ਦਰਸ਼ਨ ਸਿੰਘ ਸੈਰੋਵਾਲ, ਸੁਖਦੇਵ ਸਿੰਘ ਭਗਤੂਪੁਰਾ, ਮਲਕੀਤ ਸਿੰਘ ਭਗਤੂਪੁਰਾ, ਜਸਬੀਰ ਕੌਰ ਸੈਰੋਵਾਲ, ਰਜਿੰਦਰ ਕੌਰ ਸੈਰੋਵਾਲ, ਬਲਵਿੰਦਰ ਕੌਰ ਸੈਰੋਵਾਲ, ਕਿਰਨਜੀਤ ਕੌਰ ਸੈਰੋਵਾਲ, ਜੁਗਿੰਦਰ ਸਿੰਘ ਮਠੋਲਾ, ਸਰਵਣ ਸਿੰਘ ਬਸਰਾਵਾਂ, ਗੁਰਨਾਮ ਸਿੰਘ ਚੀਮਾ ਖੁੱਡੀ ਅਤੇ ਮੰਗਲ ਸਿੰਘ ਡੱਲਾ ਆਦਿ ਹਾਜ਼ਰ ਸਨ।

## ਸਮਾਜ ਵਿਰੋਧੀ ਕਿਸੇ ਵੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ : ਚੌਕੀ ਇੰਚਾਰਜ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**-ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਸ ਕਪਤਾਨ ਵੱਲੋਂ ਕੀਤੇ ਤਬਦਾਲਿਆਂ ਤਹਿਤ ਰਾਮ ਤੀਰਥ ਚੌਕੀ ਵਿਚ ਤਾਇਨਾਤ ਏ. ਐੱਸ. ਆਈ. ਜਸਬੀਰ ਸਿੰਘ ਨੂੰ ਥਾਣਾ ਕੱਥੂਨੰਗਲ ਅਧੀਨ ਪੈਂਦੀ ਪੁਲਸ ਜੈਂਤੀਪੁਰ ਚੌਕੀ ਦੇ ਇੰਚਾਰਜ ਨਿਯੁਕਤ ਕੀਤਾ ਹੈ।ਉਹ ਇੱਥੇ ਪਹਿਲਾਂ ਤਾਇਨਾਤ ਏ. ਐੱਸ. ਆਈ. ਗਗਨਦੀਪ ਸਿੰਘ ਦੀ ਥਾਂ 'ਤੇ ਆਏ ਹਨ ਅਤੇ ਗਗਨਦੀਪ ਸਿੰਘ ਦੀ ਬਦਲੀ ਚੌਕੀ ਬੱਲ ਕਲਾਂ ਵਿਖੇ ਕਰ ਦਿੱਤੀ ਹੈ।ਨਵੇਂ ਇੰਚਾਰਜ ਨੇ ਆਪਣਾ ਚਾਰਜ ਸੰਭਾਲ ਲਿਆ।

ਏ. ਐੱਸ. ਆਈ. ਜਸਬੀਰ ਸਿੰਘ ਨੇ ਕਿਹਾ ਕਿ ਮੈਂ ਪਹਿਲਾਂ ਪੁਲਸ ਚੌਕੀ ਜੈਂਤੀਪੁਰ ਵਿਖੇ ਬਤੌਰ ਚੌਕੀ ਇੰਚਾਰਜ ਆਪਣੀਆਂ ਸੇਵਾਵਾਂ ਨਿਭਾ ਚੁੱਕਾ ਹਾਂ।ਉਨ੍ਹਾਂ ਕਿਹਾ ਕਿ ਉਹ ਹੁਣ ਵੀ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ।ਏ. ਐੱਸ. ਆਈ. ਜਸਬੀਰ ਸਿੰਘ ਨੇ ਕਿਹਾ ਕਿ ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਵੱਡੇ ਪੱਧਰ 'ਤੇ ਮੁਹਿੰਮ ਵਿੱਢੀ ਹੋਈ ਹੈ, ਜਿਸ ਪ੍ਰਤੀ ਨਸ਼ਿਆਂ ਦੇ ਸੁਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਮਾੜੇ ਅਨਸਰਾਂ ਵਿਰੁੱਧ ਆਮ ਜਨਤਾ ਨੂੰ ਵੀ ਬਿਨਾਂ ਕਿਸੇ ਡਰ ਲਾਮਬੰਦ ਹੋਣਾ ਪਵੇਗਾ।ਅਖੀਰ 'ਚ ਉਨ੍ਹਾਂ ਨੇ ਨਸ਼ਾ ਤਸਕਰਾਂ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਹੁਣ ਸੁਧਰ ਜਾਣ ਨਹੀਂ ਤਾਂ ਉਨ੍ਹਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਵਿਸ਼ਵ ਪੱਧਰੀ ਐਥਲੀਟ ਉਪਿੰਦਰਬੀਰ ਸਿੱਧੂ ਮੱਖਣਵਿੰਡੀ ਨੇ ਚਾਂਦੀ ਦਾ ਤਮਗਾ ਜਿੱਤਿਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਜੀਵਨ ਆਸ ਫਾਊਂਡੇਸ਼ਨ ਦੇ ਐੱਮਡੀ ਉਪਿੰਦਰਬੀਰ ਸਿੰਘ ਸਿੱਧੂ ਵਾਸੀ ਪਿੰਡ ਮੱਖਣਵਿੰਡੀ ਜ਼ਿਲ੍ਹਾ ਅੰਮ੍ਰਿਤਸਰ ਨੇ ਮਲੇਸ਼ੀਅਨ ਇੰਟਰਨੈਸ਼ਨਲ ਮਾਸਟਰਜ਼ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ ਜਿਸ ਦੌਰਾਨ ਉਨ੍ਹਾਂ ਚਾਂਦੀ ਦਾ ਤਮਗਾ ਜਿੱਤ ਕੇ ਪੰਜਾਬ ਹੀ ਨਹੀਂ ਸਗੋਂ ਸਮੁੱਚੇ ਭਾਰਤ ਦੇਸ਼ ਦਾ ਨਾਂਅ ਰੌਸ਼ਨ ਕੀਤਾ।ਪ੍ਰੈੱਸ ਕਾਨਫਰੰਸ ਦੌਰਾਨ ਸਿੱਧੂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਨ੍ਹਾਂ ਨੇ 40+ ਕੈਟਾਗਰੀ ਵਿੱਚ ਹਾਈ ਜੰਪ ਲਾ ਕੇ ਏਸ਼ੀਆ ਵਿੱਚੋਂ ਦੂਸਰਾ ਸਥਾਨ ਹਾਸਲ ਕੀਤਾ।ਅੱਗੋਂ 6 ਤੋਂ 15 ਨਵੰਬਰ 2026 ਨੂੰ ਗੋਲਡ ਕੋਸਟ ਕਵੀਂਜ਼ ਲੈਂਡ ਆਸਟ੍ਰੇਲੀਆ ਪੈਨ ਪੈਸੇਫਿਕ ਮਾਸਟਰਜ਼ ਗੇਮਜ਼ ਵਿੱਚ ਭਾਰਤ ਦੀ ਨੁਮਾਇੰਦਗੀ ਕਰਨਗੇ।ਵਰਨਣਯੋਗ ਹੈ ਕਿ ਸਿੱਧੂ ਮੱਖਣਵਿੰਡੀ ਨੇ ਪਹਿਲਾਂ ਵੀ ਪੰਜਵੀਂ ਖੇਲੋ ਨੈਸ਼ਨਲ ਮਾਸਟਰਜ਼, ਫਿੱਟ ਇੰਡੀਆ ਮਾਸਟਰ ਅਤੇ ਵੱਨ ਹੈਲਥ ਵੱਲੋਂ ਪੰਜਵੀਂ ਅਥਲੈਟਿਕਸ ਮੀਟ ਕਰਵਾਈ ਗਈ ਸੀ, ਜਿਸ ਵਿੱਚ ਪੰਜਾਬ ਵੱਲੋਂ ਉਪਿੰਦਰਬੀਰ ਸਿੰਘ ਸਿੱਧੂ+ 40 ਕੈਟਾਗਰੀ ਵਿੱਚ ਭਾਗ ਲਿਆ ਸੀ ਜਿਸ ਵਿੱਚ ਸਿੱਧੂ ਨੇ ਇੱਕ ਸੋਨੇ ਤੇ ਇੱਕ ਕਾਂਸੀ ਦਾ ਤਮਗਾ ਜਿੱਤ ਕੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਸੀ, ਜਿਸ ਕਾਰਨ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ ਸੀ।ਉਨ੍ਹਾਂ 23ਵੀਂ ਏਸ਼ੀਆ ਮਾਸਟਰਜ਼ ਚੈਂਪੀਅਨਸ਼ਿਪ 2025 ਵਿੱਚ ਵੀ ਭਾਰਤ ਵੱਲੋਂ ਭਾਗ ਲਿਆ ਸੀ ।ਜੀਵਨ ਆਸ ਫਾਊਂਡੇਸ਼ਨ ਦੇ ਮੈਨੇਜਿੰਗ ਡਾਇਰੈਕਟਰ ਉਪਿੰਦਰਬੀਰ ਸਿੰਘ ਸਿੱਧੂ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਸੰਨ 2018 ਤੋਂ ਚੱਲ ਰਹੀ ਜੀਵਨ ਆਸ ਫਾਊਂਡੇਸ਼ਨ ਜੋ ਕਿ ਹਨੂੰਮਾਨਗੜ੍ਹ (ਰਾਜਸਥਾਨ) ਵਿੱਚ ਹੈ ਜਿਥੇ ਅਨੇਕਾਂ ਨੌਜਵਾਨਾਂ ਨੂੰ ਨਸ਼ੇ ਛੱਡ ਕੇ ਖੇਡਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਜਾਂਦੀ ਹੈ। ਕਈ ਨਾਮੀ ਸ਼ਖ਼ਸੀਅਤਾਂ ਨੇ ਉਪਿੰਦਰਬੀਰ ਸਿੰਘ ਸਿੱਧੂ ਮੱਖਣਵਿੰਡੀ ਨੂੰ ਵਧਾਈਆਂ ਦਿੱਤੀਆਂ।

## ਬੇਰੋਜ਼ਗਾਰ ਨੌਜਵਾਨਾਂ ਲਈ ਸਵੈ-ਰੋਜ਼ਗਾਰ ਤੇ ਲੋਨ ਮੇਲਾ ਭਲਕੇ

**ਗੁਰਦਾਸਪੁਰ, (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿੱਚ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਸਵੈ ਰੋਜ਼ਗਾਰ/ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ। ਜਿਹੜੇ ਪ੍ਰਾਰਥੀ ਸਵੈ-ਰੋਜ਼ਗਾਰ ਕਰਨ ਦੇ ਚਾਹਵਾਨ ਹਨ, ਉਨ੍ਹਾਂ ਨੂੰ ਸਵੈ-ਰੋਜ਼ਗਾਰ ਦੀਆਂ ਸਕੀਮਾਂ ਅਧੀਨ ਲੋਨ ਦਿੱਤੇ ਜਾ ਰਹੇ ਹਨ।

ਜਿਹੜੇ ਨੌਜਵਾਨ ਪ੍ਰਾਰਥੀ ਆਪਣਾ ਸਵੈ-ਰੋਜ਼ਗਾਰ ਕਰਨਾ ਚਾਹੁੰਦੇ ਹਨ, ਉਹ ਪ੍ਰਧਾਨ ਮੰਤਰੀ ਮੁਦਰਾ ਸਕੀਮ, ਪ੍ਰਧਾਨ ਮੰਤਰੀ ਰੋਜ਼ਗਾਰ ਜਨਰੇਸ਼ਨ ਪ੍ਰੋਗਰਾਮ ਅਤੇ ਸਟੈਂਡ ਅਪ ਇੰਡੀਆ ਦੇ ਤਹਿਤ ਆਪਣਾ ਸਵੈ-ਰੋਜ਼ਗਾਰ ਕਰਨ ਦੇ ਲਈ ਲੋਨ ਲੈ ਸਕਦੇ ਹਨ। ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਅਤੇ ਟਰੇਨਿੰਗ ਅਫਸਰ ਪਰਸ਼ੋਤਮ ਸਿੰਘ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਖੇ 26 ਜੂਨ ਨੂੰ ਕਮਰਾ ਨੰਬਰ 217 ਬੀ-ਬਲਾਕ, ਡੀਏਸੀ ਕੰਪਲੈਕਸ ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟਰੇਨਿੰਗ ਦਫਤਰ ਗੁਰਦਾਸਪੁਰ ਵਿਖੇ ਸਵੈ-ਰੋਜ਼ਗਾਰ/ਲੋਨ ਮੇਲਾ ਲਗਾਇਆ ਜਾ ਰਿਹਾ ਹੈ।

## ਰਿੱਪਲ ਟੀ ਵੀ ਸੈਂਟਰ ਸ਼ੋਅਰੂਮ ਵੱਲੋਂ ਠੰਢੇ-ਮਿੱਠੇ ਜਲ ਦੀ ਛਬੀਲ ਤੇ ਲੰਗਰ ਦੀ ਸੇਵਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡੇਰਾ ਬਾਬਾ ਨਾਨਕ ਤੋਂ ਬਟਾਲਾ ਰੋਡ ਐੱਚਡੀਐੱਫਸੀ ਬੈਂਕ ਨੇੜੇ ਕਸਬੇ ਦੇ ਨਾਮਵਰ ਕਾਰੋਬਾਰੀ ਰਿੱਪਲ ਟੀ. ਵੀ. ਸੈਂਟਰ ਸ਼ੋਅਰੂਮ ਦੇ ਮਾਲਕ ਗਿਆਨੀ ਮਹਿੰਦਰ ਸਿੰਘ ਦੇ ਪਰਿਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਸੰਗਤਾਂ ਲਈ ਠੰਡੇ-ਮਿੱਠੇ ਜਲ ਦੀ ਛਬੀਲ ਅਤੇ ਲੰਗਰ ਲਗਾਇਆ ਗਿਆ ।ਇਸ ਮੌਕੇ ਕਸਬੇ ਦੇ ਬਜ਼ਾਰ ਜੌੜੀਆਂ ਵਾਲਾ ਸਥਿਤ ਬਾਬਾ ਸ਼੍ਰੀ ਚੰਦ ਆਸ਼ਰਮ ਦੇ ਮਹੰਤ ਬਾਬਾ ਚੇਤਨ ਦਾਸ ਵੱਲੋਂ ਪਹਿਲਾਂ ਰਿੱਪਲ ਟੀ. ਵੀ. ਸ਼ੋਅਰੂਮ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਨ ਉਪਰੰਤ ਸ਼ੋਅਰੂਮ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਪਰਿਵਾਰ ਵੱਲੋਂ ਲੰਗਰ ਭੰਡਾਰਾ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਦੀ ਸ਼ੁਰੂਆਤ ਕੀਤੀ ਗਈ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸ਼ੋਅਰੂਮ ਦੇ ਮਾਲਕ ਗਿਆਨੀ ਮਹਿੰਦਰ ਸਿੰਘ ਅਤੇ ਉਨ੍ਹਾਂ ਦੇ ਸਪੁੱਤਰ ਸੁਰਿੰਦਰ ਸਿੰਘ ਰਿੱਪਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ 21 ਜੂਨ 1998 ਨੂੰ ਸਾਡੇ ਪਰਿਵਾਰ ਵੱਲੋਂ ਰਿੱਪਲ ਟੀ ਵੀ ਸੈਂਟਰ ਸ਼ੋਅਰੂਮ ਦੀ ਸ਼ੁਰੂਆਤ ਕੀਤੀ ਗਈ ਸੀ ਜਿਸ ਨੂੰ ਲੈ ਕੇ ਸਾਡੇ ਪਰਿਵਾਰ ਵੱਲੋਂ ਆਪਣੇ ਵੱਡ-ਵਡੇਰਿਆਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਭੰਡਾਰਾ ਲਗਾਇਆ ਗਿਆ। ਇਸ ਮੌਕੇ ਪਰਿਵਾਰ ਵੱਲੋਂ ਬਾਬਾ ਚੇਤਨ ਦਾਸ ਸਮੇਤ ਸ਼ੋਅਰੂਮ ਵਿਖੇ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮਨਕੀਰਤ ਸਿੰਘ, ਰਵਕੀਰਤ ਸਿੰਘ, ਬੀਬੀ ਬਲਜੀਤ ਕੌਰ, ਬੀਬੀ ਮਨਜੀਤ ਕੌਰ, ਜੋਗਿੰਦਰ ਸਿੰਘ ਪਾਂਡੀ, ਪ੍ਰਭਜੋਤ ਸਿੰਘ ਪਾਂਡੀ, ਗੁਰਪ੍ਰੀਤ ਸਿੰਘ ਅਸਟ੍ਰੇਲੀਆ, ਮਨਦੀਪ ਕੌਰ ਆਸਟ੍ਰੇਲੀਆ, ਨਿਮਰਤ ਕੌਰ, ਗੁਨੀਤ ਕੌਰ, ਕਬੀਰ ਸਿੰਘ, ਡਾਕਟਰ ਰਵਿੰਦਰ ਸਿੰਘ ਹੈਪੀ, ਸੋਨੂੰ ਬੇਦੀ, ਰਮਨਦੀਪ ਸਿੰਘ ਬੇਦੀ, ਸੋਨੂੰ ਪਾਡੀ, ਸੋਨੀਆ ਕੁਮਾਰੀ, ਹਰਪ੍ਰੀਤ ਸਿੰਘ ਹਨੀ, ਬਲਜਿੰਦਰ ਸਿੰਘ, ਬਲਜੀਤ ਸਿੰਘ, ਅਜੇ ਮਸੀਹ, ਰਾਜ ਕੁਮਾਰ, ਯਕੂਬ ਮਸੀਹ, ਪ੍ਰਵੀਨ ਕੌਰ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

## ਅਕਸ਼ੈ ਸ਼ਰਮਾ ਨੇ ਨਿਤਿਨ ਨਬੀਨ ਨਾਲ ਕੀਤੀ ਮੁਲਾਕਾਤ



**ਛੇਹਰਟਾ (ਮਨੋਜ ਕੁਮਾਰ)**-ਅੰਮ੍ਰਿਤਸਰ ਉੱਤਰੀ ਹਲਕੇ ਤੋਂ ਚੋਣ ਬਿਗੁਲ ਵਜਾਉਂਦੇ ਹੋਏ ਭਾਜਪਾ ਨੇਤਾ ਅਕਸ਼ੈ ਸ਼ਰਮਾ ਨੇ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨਾਲ ਆਪਣੀ ਮੁਲਾਕਾਤ ਦੌਰਾਨ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਦੀ ਅਗਵਾਈ ਹੇਠ ਪੰਜਾਬ ਵਿਚ ਸਥਿਰਤਾ, ਸ਼ਾਂਤੀ ਤੇ ਤਰੱਕੀ ਵਾਪਸ ਆਵੇਗੀ। ਭਾਜਪਾ 2027 ਦੀਆਂ ਚੋਣਾਂ ਸੂਬਾ ਪ੍ਰਧਾਨ ਕੇਵਲ ਢਿੱਲੋਂ ਦੀ ਅਗਵਾਈ ਹੇਠ ਜਿੱਤੇਗੀ ਕਿਉਂਕਿ ਹਰ ਪੰਜਾਬੀ ਨੂੰ ਕਾਨੂੰਨ ਵਿਵਸਥਾ ਬਣਾਈ ਰੱਖਣ ਵਿਚ 'ਆਪ' ਸ਼ਾਸਨ ਦੀ ਅਸਫ਼ਲਤਾ ਦਾ ਅਹਿਸਾਸ ਹੋ ਗਿਆ ਹੈ। ਇਸ ਮੌਕੇ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ, ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਕਿਰੀਤ ਢਿੱਲੋਂ, ਸੀਨੀਅਰ ਭਾਜਪਾ ਆਗੂ ਬਲਜੀਤ ਸਿੰਘ ਤੇ ਸੰਚਿਤ ਸ਼ਰਮਾ ਵੀ ਮੌਜੂਦ ਸਨ। ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਸਿਰਫ਼ ਭਾਜਪਾ ਹੀ ਪ੍ਰਭਾਵਸ਼ਾਲੀ ਸ਼ਾਸਨ ਪ੍ਰਦਾਨ ਕਰ ਸਕਦੀ ਹੈ, ਅਕਸ਼ੈ ਨੇ ਕਿਹਾ ਕਿ ਹੋਰ ਸਾਰੀਆਂ ਪਾਰਟੀਆਂ ਨੇ ਪੰਜਾਬ ਨੂੰ ਨੀਵਾਂ ਦਿਖਾਇਆ ਹੈ ਅਤੇ ਸ਼ਾਂਤੀ ਤੇ ਕਾਨੂੰਨ ਵਿਵਸਥਾ ਪ੍ਰਤੀ 'ਆਪ' ਦਾ ਰਵੱਈਆ ਬੇਹੱਦ ਕਮਜ਼ੋਰ ਰਿਹਾ ਹੈ। ਅਕਸ਼ੈ ਨੇ ਕਿਹਾ ਕਿ ਨਿਤਿਨ ਨਬੀਨ ਨੇ ਅੰਮ੍ਰਿਤਸਰ ਦੇ ਸਾਰੇ ਮੁੱਦਿਆਂ ਨੂੰ ਕੇਂਦਰ ਸਰਕਾਰ ਸਾਹਮਣੇ ਉਠਾ ਕੇ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਦਾ ਵਿਸ਼ਵਾਸ਼ ਦਿਵਾਇਆ। ਅਕਸ਼ੈ ਨੇ ਅੱਗੇ ਕਿਹਾ ਕਿ 2027 ਵਿਚ ਪੰਜਾਬ ਤਰੱਕੀ ਤੇ ਵਿਕਾਸ ਦੇ ਰਾਹ 'ਤੇ ਵਾਪਸ ਆ ਜਾਵੇਗਾ।

## 'ਆਪ' ਦੇ ਅਹੁਦੇਦਾਰਾਂ ਐੱਸ ਐੱਸ ਪੀ ਦਿਹਾਤੀ ਨਾਲ ਕੀਤੀ ਮੀਟਿੰਗ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਆਮ ਆਦਮੀ ਪਾਰਟੀ ਵੱਲੋਂ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਚਲਦਿਆਂ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨਾਂ ਨੇ ਐੱਸ. ਐੱਸ. ਪੀ. ਦਿਹਾਤੀ ਕਵਲਪ੍ਰੀਤ ਸਿੰਘ ਚਾਹਲ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਹਲਕਾ ਮਜੀਠਾ ਦੇ ਪ੍ਰਧਾਨਾਂ ਨੇ ਮਾਨ ਸਰਕਾਰ ਵੱਲੋਂ ਚਲਾਈ ਮੁਹਿੰਮ 'ਚ ਮਾਨ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਦੇਣ ਦਾ ਪ੍ਰਣ ਲਿਆ ਤਾਂ ਕਿ ਪੰਜਾਬ ਵਿੱਚ ਜੋ ਚੋਰ ਮੋਰੀਆਂ ਰਾਹੀਂ ਨਸ਼ਾ ਤਸਕਰੀ ਹੋ ਰਹੀ ਹੈ ਉਸ ਨੂੰ ਠੱਲ੍ਹ ਪਾਈ ਜਾ ਸਕੇ। ਇਸ ਮੌਕੇ ਐੱਸ. ਪੀ. ਡੀ. ਗੁਰਜੀਤਪਾਲ ਸਿੰਘ, ਬਲਾਕ ਪ੍ਰਧਾਨ ਮਜੀਠਾ ਸਰਦਾਰ ਜਗਦੀਸ਼ ਸਿੰਘ ਸ਼ਹਿਜ਼ਾਦਾ, ਸਰਹਾਲਾ ਸਰਪੰਚ ਹਰਭੇਰ ਸਿੰਘ ਖਾਲਸਾ, ਸਰਪੰਚ ਚਮਕੌਰ ਸਿੰਘ, ਸਰਪੰਚ ਗੁਰਪਿੰਦਰ ਸਿੰਘ, ਤਲਵਿੰਦਰ ਸਿੰਘ ਸਾਧਪੁਰ, ਹਰਪਿੰਦਰ ਸਿੰਘ ਵਰਿਆਮ ਨੰਗਲ ਆਦਿ ਹਾਜ਼ਰ ਸਨ।

## ਔਰਤ ਕੋਲੋਂ ਪਰਸ ਖੋਹ ਕੇ ਝਪਟਮਾਰ ਫਰਾਰ



**ਧਾਰੀਵਾਲ (ਮਨਦੀਪ ਵਿੱਕੀ)**-ਧਾਰੀਵਾਲ ਸ਼ਹਿਰ ਅਤੇ ਆਸ ਪਾਸ ਇਲਾਕੇ ਵਿੱਚ ਪਿਛਲੇ ਕਈ ਦਿਨਾਂ ਤੋਂ ਚੋਰੀਆਂ ਅਤੇ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਦਾ ਸਿਲਸਿਲਾ ਜ਼ੋਰਾਂ 'ਤੇ ਹੈ। ਪੁਲਸ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਸ਼ਰਾਰਤੀ ਅਨਸਰਾਂ ਅਤੇ ਲੁਟੇਰਿਆਂ ਦੇ ਹੌਸਲੇ ਬੁਲੰਦ ਹਨ। ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਕਾਰਨ ਲੋਕਾਂ ਵਿੱਚ ਦਹਿਸ਼ਤ ਦਾ ਮਹੌਲ ਪਾਇਆ ਜਾ ਰਿਹਾ ਹੈ। ਸ਼ਹਿਰ ਵਿੱਚੋਂ ਲੰਘਦੇ ਮੁੱਖ ਮਾਰਗ ਉਪਰ ਥਾਣਾ ਧਾਰੀਵਾਲ ਤੋਂ ਕਰੀਬ 50 ਮੀਟਰ ਦੀ ਦੂਰੀ 'ਤੇ ਇਕ ਔਰਤ ਕੋਲੋਂ ਪਰਸ ਖੋਹ ਕੇ ਮੋਟਰਸਾਇਕਲ ਸਵਾਰ ਦੋ ਨੌਜਵਾਨ ਫਰਾਰ ਹੋ ਜਾਣ ਦੀ ਖਬਰ ਹੈ। ਪੀੜਤ ਨਵਦੀਪ ਕੌਰ ਪੁੱਤਰੀ ਜਸਵੰਤ ਸਿੰਘ ਸੱਭਰਵਾਲ ਨੇ ਦੱਸਿਆ ਕਿ ਉਹ ਆਪਣੇ ਦੰਦਾਂ ਦਾ ਇਲਾਜ ਕਰਵਾ ਕੇ ਆਪਣੀ ਮਾਂ ਨਾਲ ਜੀਟੀ ਰੋਡ ਰਾਹੀਂ ਘਰ ਵਾਪਸ ਆਉਂਦੇ ਸਮੇਂ ਜਦੋਂ ਥਾਣੇ ਤੋਂ ਪਿੱਛੇ ਕਰੀਬ 50 ਮੀਟਰ ਦੀ ਦੂਰੀ 'ਤੇ ਪਹੁੰਚੀਆਂ ਤਾਂ ਮੋਟਰਸਾਈਕਲ ਸਵਾਰ ਦੋ ਝਪਟਮਾਰ ਉਸਦਾ ਪਰਸ ਖੋਹ ਕੇ ਥਾਣੇ ਦੇ ਅੱਗੋਂ ਦੀ ਫਰਾਰ ਹੋ ਗਏ। ਪਰਸ ਵਿੱਚ ਇੱਕ ਐਪਲ ਦਾ ਮੋਬਾਈਲ ਫੋਨ, ਸੋਨੇ ਦੇ ਗਹਿਣੇ, ਨਕਦੀ ਅਤੇ ਜ਼ਰੂਰੀ ਦਸਤਾਵੇਜ਼ ਸਨ। ਘਟਨਾ ਦੀ ਸੀਸੀਟੀਵੀ ਫੁਟੇਜ ਪੱਤਰਕਾਰਾਂ ਨਾਲ ਸਾਂਝੀ ਕਰਦਿਆਂ ਉਨ੍ਹਾਂ ਮੰਗ ਮੰਗ ਕੀਤੀ ਝਪਟਮਾਰਾਂ ਨੂੰ ਜਲਦ ਕਾਬੂ ਕਰਕੇ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾਵੇ ਤਾਂ ਮੇਰਾ ਸਾਮਾਨ ਮੈਨੂੰ ਵਾਪਿਸ ਦਿਵਾਇਆ ਜਾਵੇ। ਇਸ ਮੌਕੇ ਪੰਜਾਬ ਹਰਿਆਣਾ ਹਾਈ ਕੋਰਟ ਦੇ ਐਡਵੋਕੇਟ ਡਾਕਟਰ ਸੰਜੀਵ ਮੱਲ੍ਹਣ ਅਤੇ ਸਮਾਜ ਸੇਵਕ ਹਰਮੀਤ ਸਿੰਘ ਲੱਕੀ ਸੱਭਰਵਾਲ, ਬਿੱਟਾ ਸੱਭਰਵਾਲ ਨੇ ਕਿਹਾ ਧਾਰੀਵਾਲ ਇਲਾਕੇ ਅੰਦਰ ਕੋਈ ਵੀ ਸੁਰੱਖਿਅਤ ਨਹੀਂ ਅਤੇ ਰੋਜ਼ਾਨਾ ਹੀ ਲੁੱਟਾਂ ਖੋਹਾਂ ਅਤੇ ਚੋਰੀ ਦੀਆਂ ਘਟਨਾਵਾਂ ਹੁੰਦੀਆਂ ਰਹੀਆਂ ਹਨ। ਕੁੱਝ ਦਿਨ ਪਹਿਲਾਂ ਜੀਟੀ ਰੋਡ ਕਿਨਾਰੇ ਲਗਾਤਾਰ ਸਬਜੀ ਦੀਆਂ ਦੁਕਾਨਾਂ ਰੇਹੜੀਆਂ ਫੜ੍ਹੀਆਂ ਨੂੰ ਰਾਤ ਸਮੇਂ ਸ਼ਰਾਰਤੀ ਅਨਸਰਾਂ ਨੇ ਅੱਗ ਲਗਾ ਕੇ ਦੁਕਾਨਦਾਰਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਕਰ ਦਿੱਤਾ। ਸਮੁੱਚੇ ਸਭਰਵਾਲ ਪਰਿਵਾਰ ਨੇ ਪੁਲਸ ਪ੍ਰਸ਼ਾਸਨ ਨੂੰ ਕਿਹਾ ਕਿ ਜੇਕਰ ਝੱਪਟਮਾਰਾਂ ਜਲਦ ਕਾਬੂ ਕਰਕੇ ਖੋਹਿਆ ਗਿਆ ਸਾਮਾਨ ਵਾਪਿਸ ਨਾ ਕਰਵਾਇਆ ਤਾਂ ਧਾਰੀਵਾਲ ਵਿੱਚ ਪੁਲਸ ਪ੍ਰਸ਼ਾਸਨ ਖਿਲਾਫ ਪੱਕਾ ਧਰਨਾ ਲਗਾਇਆ ਜਾਵੇਗਾ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿੱਢੀ ਜੰਗ ਫੈਸਲਾਕੁੰਨ ਦੌਰ 'ਚ ਪਹੁੰਚ ਚੁੱਕੀ : ਕਟਾਰੂ ਚੱਕ



**ਪਠਾਨਕੋਟ (ਦਵਿੰਦਰ ਸਿੰਘ)**-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਕੀਤੀ ਜਿਸ ਵਿੱਚ ਬਲਾਕ ਕੋਆਰਡੀਨੇਟਰਾਂ, ਪੇਂਡੂ ਰੱਖਿਆ ਕਮੇਟੀਆਂ ਆਦਿ ਨੇ ਭਾਗ ਲਿਆ।ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਪੱਲਵੀ ਅਤੇ ਐੱਸ. ਐੱਸ. ਪੀ. ਦਲਜਿੰਦਰ ਸਿੰਘ ਢਿੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਜ) ਅਰਸ਼ਦੀਪ ਸਿੰਘ, ਸਹਾਇਕ ਕਮਿਸ਼ਨਰ ਜਨਰਲ ਸ਼ੰਕਰ ਸ਼ਰਮਾ, ਐੱਸ. ਡੀ. ਐੱਮ. ਮਨਦੀਪ ਮਾਨ, ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਅਤੇ ਆਮ ਆਦਮੀ ਪਾਰਟੀ ਜ਼ਿਲ੍ਹਾ ਪ੍ਰਧਾਨ ਅਮਨਦੀਪ ਸੰਧੂ, ਉਪ ਇੰਚਾਰਜ ਮਾਝਾ ਜ਼ੋਨ ਯੁੱਧ ਨਸ਼ਿਆਂ ਵਿਰੁੱਧ ਰੋਹਿਤ ਸਿਆਲ, ਚੇਅਰਮੈਨ ਬਲਾਕ ਸੰਮਤੀ ਘਰੋਟਾ ਪਵਨ ਕੁਮਾਰ ਫੌਜੀ, ਸਕੱਤਰ ਮਾਝਾ ਜ਼ੋਨ ਪੰਜਾਬ ਬੀਸੀ ਸੈੱਲ ਨਰੇਸ਼ ਸੈਣੀ, ਭਾਨੂੰ ਪ੍ਰਤਾਪ, ਅੰਕਿਤ ਮਹਿਰਾ ਜ਼ਿਲ੍ਹਾ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਆਦਿ ਹਾਜ਼ਰ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨਾਲ ਲੜਾਈ ਫੈਸਲਾਕੁੰਨ ਦੌਰ ਵਿੱਚ ਪੁੱਜ ਗਈ ਹੈ।ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰੀ ਵਿੱਚ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਈ ਤਾਂ ਉਹ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਦੀ ਨਹੀਂ ਸਗੋਂ ਪੂਰੇ ਸਮਾਜ ਦੀ ਜ਼ਿੰਮੇਵਾਰੀ ਹੈ।ਜੇਕਰ ਹਰ ਜਾਗਰੂਕ ਨਾਗਰਿਕ ਆਪਣਾ ਫਰਜ਼ ਸਮਝ ਕੇ ਇਸ ਮੁਹਿੰਮ ਵਿੱਚ ਯੋਗਦਾਨ ਪਾਵੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਇਆ ਜਾ ਸਕਦਾ ਹੈ। ਉਨ੍ਹਾਂ ਇਸ ਮੁਹਿੰਮ ਨਾਲ ਜੁੜੇ ਕੋਆਰਡੀਨੇਟਰਾਂ, ਹਲਕਾ ਇੰਚਾਰਜਾਂ ਤੇ ਟੀਮ ਸਮੇਤ ਸਿਵਲ ਤੇ ਪੁਲਸ ਅਧਿਕਾਰੀਆਂ ਦੇ ਕੰਮ ਦੀ ਸਰਾਹਨਾ ਕੀਤੀ ਤੇ ਇਸ ਮੁਹਿੰਮ ਨੂੰ ਹੋਰ ਸਫਲਤਾ ਵੱਲ ਲਿਜਾਣ ਦੀਆਂ ਸ਼ੁਭ ਕਾਮਨਾਵਾਂ ਵੀ ਦਿੱਤੀਆਂ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸਮਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਤੱਕ ਯੁੱਧ ਨਸ਼ਿਆਂ ਵਿਰੁੱਧ ਜਾਰੀ ਰਹੇਗਾ।

## ਭੱਠਾ ਮਜ਼ਦੂਰਾਂ ਦੀ ਜੱਦੋ-ਜਹਿਦ ਤੋਂ ਬਾਅਦ ਨਵੇਂ ਰੇਟਾਂ 'ਤੇ ਬਣੀ ਸਹਿਮਤੀ



**ਪਠਾਨਕੋਟ (ਦਵਿੰਦਰ ਸਿੰਘ)**

ਭੱਠਾ ਮਜ਼ਦੂਰਾਂ ਨੂੰ ਲੰਮੀ ਜੱਦੋ-ਜਹਿਦ ਤੋਂ ਬਾਅਦ ਨਵੇਂ ਰੇਟ ਲਾਗੂ ਕਰਾਉਣ 'ਚ ਸਫਲਤਾ ਮਿਲੀ।ਭੱਠਾ ਮਾਲਕ ਐਸੋਸੀਏਸ਼ਨ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦਰਮਿਆਨ ਹੋਏ ਸਮਝੌਤੇ ਨੂੰ ਲਾਗੂ ਕਰਨ ਵਿਚ ਕੁੱਝ ਭੱਠਾ ਮਾਲਕ ਅੜਚਣ ਪੈਦਾ ਕਰ ਰਹੇ ਸਨ ਜਿਸ ਕਰਕੇ ਮਜ਼ਦੂਰਾਂ ਨੂੰ ਉਨ੍ਹਾਂ ਦਾ ਹੱਕ ਦਿਵਾਉਣ ਲਈ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਸਬੰਧਤ (ਸੀ ਟੀ ਯੂ ਪੰਜਾਬ) ਦੀ ਅਗਵਾਈ ਹੇਠ ਸੈਂਕੜੇ ਭੱਠਾ ਮਜ਼ਦੂਰ ਵਾਰ-ਵਾਰ ਜ਼ਿਲ੍ਹਾ ਹੈੱਡਕੁਆਰਟਰ ਮਲਕਪੁਰ ਪਠਾਨਕੋਟ ਵਿਖੇ ਰੋਜ਼ਾਨਾ ਧਰਨੇ-ਪ੍ਰਦਰਸ਼ਨ ਕਰ ਰਹੇ ਸਨ।ਮਜ਼ਦੂਰਾਂ ਨੂੰ ਸਮਝੌਤੇ ਅਨੁਸਾਰ ਪੂਰੀ ਮਜ਼ਦੂਰੀ ਦਿਵਾਉਣ ਲਈ ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਕੁੰਵਰ ਡਾਵਰ ਦੇ ਹੁਕਮਾਂ ਤਹਿਤ ਭੱਠਾ ਮਾਲਕ ਲੇਬਰ ਦਫ਼ਤਰ ਪਹੁੰਚੇ ਤਾਂ ਇਕ ਵਾਰ ਫਿਰ ਤੋਂ ਲੇਬਰ ਯੂਨੀਅਨ ਦੇ ਆਗੂਆਂ ਅਤੇ ਭੱਠਾ ਮਾਲਕਾਂ ਵਿਚਕਾਰ ਹੋਈ ਗੱਲਬਾਤ ਉਪਰੰਤ ਸਹਿਮਤੀ ਬਣੀ ਕਿ ਪਹਿਲੇ ਸਮਝੌਤੇ ਨੂੰ ਇੰਨ-ਬਿੰਨ ਲਾਗੂ ਕਰਨਗੇ ਜਿਸ ਤਹਿਤ 30 ਅਪ੍ਰੈਲ ਤੱਕ 987 ਰੁਪਏ, ਪਹਿਲੀ ਮਈ ਤੋਂ ਬਾਅਦ 1138 ਰੁਪਏ ਅਦਾ ਕਰਨਗੇ।ਇਕ ਹੋਰ ਵਿਵਾਦਪੂਰਨ ਮਸਲਾ ਹੱਲ ਕਰਦਿਆਂ ਅਸਿਸਟੈਂਟ ਲੇਬਰ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਗਾਰਾ ਬਣਾ ਕੇ ਦੇਣ ਵਾਲੇ ਭੱਠਾ ਮਾਲਕ 918 ਰੁਪਏ ਦੇ ਹਿਸਾਬ ਨਾਲ ਮਜ਼ਦੂਰੀ ਦੇਣਗੇ ਅਤੇ ਹਿਸਾਬ ਫੌਰੀ ਕੀਤਾ ਜਾਏਗਾ।ਸਰਦੀ ਸੀਜ਼ਨ ਦਾ ਬਕਾਇਆ ਪਹਿਲ ਦੇ ਆਧਾਰ 'ਤੇ ਦਿੱਤਾ ਜਾਵੇਗਾ। ਅਸਿਸਟੈਂਟ ਲੇਬਰ ਕਮਿਸ਼ਨਰ ਪਠਾਨਕੋਟ ਨੇ ਟਰੇਡ ਯੂਨੀਅਨ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਮੈਂ ਖੁਦ ਭੱਠਿਆਂ 'ਤੇ ਵਿਜ਼ਟ ਕਰਕੇ ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਲਾਂ ਦੂਰ ਕਰਨ ਦੀ ਕੋਸ਼ਿਸ਼ ਕਰਾਂਗਾ। ਵੱਡੀ ਸੰਖਿਆ ਵਿਚ ਪਹੁੰਚੇ ਭੱਠਾ ਮਜ਼ਦੂਰ ਔਰਤਾਂ-ਮਰਦਾਂ ਨੂੰ ਸੰਬੋਧਨ ਕਰਿਆਂ ਕਾਮਰੇਡ ਸ਼ਿਵ ਕੁਮਾਰ, ਕਿਸਾਨ ਆਗੂ ਕਾਮਰੇਡ ਬਲਵੰਤ ਸਿੰਘ ਘੋਹ ਅਤੇ ਮਜ਼ਦੂਰ ਆਗੂ ਮਨਹਰਨ ਤੇ ਦੇਵ ਰਾਜ ਸੈਲੀ ਕੁੱਲੀਆਂ ਨੇ ਕਿਹਾ ਕਿ ਮਜ਼ਦੂਰਾਂ ਦੇ ਏਕੇ ਕਾਰਨ ਹੀ ਪਹਿਲਾਂ ਸਮਝੌਤਾ ਹੋਇਆ ਸੀ ਤੇ ਮਜ਼ਦੂਰਾਂ ਦੇ ਏਕੇ ਦੀ ਬਦੌਲਤ ਸਮਝੌਤਾ ਲਾਗੂ ਹੋਣਾ ਯਕੀਨੀ ਬਣਇਆ। ਰਾਮਦਿਆਲ ਤੇ ਪ੍ਰਸ਼ੋਤਮ ਵੀ ਗੱਲਬਾਤ ਦੌਰਾਨ ਹਾਜ਼ਰ ਸਨ ।

